ਚੜ੍ਹਦੀਕਲਾ ਪੜ੍ਹੋ
ਚੜ੍ਹਦੀਕਲਾ 'ਚ ਰਹੋ
ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ ਲਈ
ਆਪਣੇ ਅਖ਼ਬਾਰ ਏਜੰਟ ਤੋਂ ਚੜ੍ਹਦੀਕਲਾ ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

ਚੜ੍ਹਦੀਕਲਾ

ਮੁੱਖ ਸੰਪਾਦਕ : ਡਾ. ਜਗਜੀਤ ਸਿੰਘ 'ਦਰਦੀ'   DAILY CHARHDIKALA, CHANDIGARH   ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ
ਸੰਪਾਦਕ : ਦਮਨਦੀਪ ਸਿੰਘ

(Monday, 27 April 2026) ਚੰਡੀਗੜ੍ਹ, ਸੋਮਵਾਰ, 27 ਅਪ੍ਰੈਲ, 2026, 14 ਵੈਸਾਖ ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083

ਚੜ੍ਹਦੀਕਲਾ
ਦੇ ਪੱਤਰਕਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੋਈ ਵੀ ਪ੍ਰੈੱਸ ਨੋਟ, ਖ਼ਬਰ ਜਾਂ ਇਸ਼ਤਿਹਾਰ
news@charhdikala.com
ਉੱਤੇ ਹੀ ਭੇਜਿਆ ਜਾਵੇ ਜੀ

PRGI (RNI) Regd. No. CHPUN/25/A1790   ਸਾਲ (Year) 2   ਅੰਕ ਨੰਬਰ (Volume No.) 115   ਮੁੱਲ : 2.00 ਰੁਪਏ   ਫ਼ੋਨ: +91-92168-07500   E-mail: news@charhdikala.com

45.2 ਡਿਗਰੀ ਤਾਪਮਾਨ ਨਾਲ ਤਪ ਰਿਹੈ ਪੰਜਾਬ

ਹਵਾ ਦੀ ਗੁਣਵੱਤਾ ਵੀ 'ਮਾੜੀ' ਸ਼੍ਰੇਣੀ 'ਚ ਦਰਜ, ਲੋਕਾਂ ਨੂੰ ਸਾਵਧਾਨ ਰਹਿਣ ਦੀ ਸਲਾਹ

ਚੰਡੀਗੜ੍ਹ, 26 ਅਪ੍ਰੈਲ (ਚ.ਨ.ਸ.) : ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਹਿਰ ਦੀ ਗਰਮੀ ਪੈ ਰਹੀ ਹੈ। ਇਸ ਸੀਜ਼ਨ ਵਿੱਚ ਪਹਿਲੀ ਵਾਰ ਤਾਪਮਾਨ 45.2 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ ਹੈ। ਮੌਸਮ ਵਿਭਾਗ ਨੇ ਲੋਕਾਂ ਨੂੰ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਆਪਣੀਆਂ ਬਾਹਰੀ ਗਤੀਵਿਧੀਆਂ ਨੂੰ ਸੀਮਤ ਕਰਨ ਅਤੇ ਆਪਣੀਆਂ ਖਾਣ-ਪੀਣ ਦੀਆਂ ਆਦਤਾਂ ਅਤੇ ਸਿਹਤ ਦਾ ਖਾਸ ਧਿਆਨ ਰੱਖਣ ਦੀ ਸਲਾਹ ਦਿੱਤੀ ਹੈ।ਮੋਗਾ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਬਰਨਾਲਾ, ਮੁਕਤਸਰ, ਬਠਿੰਡਾ, ਮਾਨਸਾ, ਸੰਗਰੂਰ, ਪਟਿਆਲਾ, ਤਰਨ ਤਾਰਨ ਅਤੇ ਅੰਮ੍ਰਿਤਸਰ ਇਸ ਸਮੇਂ ਗਰਮੀ ਦੀ ਲਹਿਰ ਦੇ ਅਲਰਟ ਹੇਠ ਹਨ। ਅੰਮ੍ਰਿਤਸਰ, ਤਰਨ ਤਾਰਨ, ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਬਰਨਾਲਾ ਅਤੇ ਲੁਧਿਆਣਾ ਵਿੱਚ ਗਰਮ ਰਾਤਾਂ ਕਾਰਨ ਹਾਲਾਤ ਬਦਤਰ ਰਹਿਣਗੇ।ਇੱਕ ਮੌਸਮ ਪ੍ਰਣਾਲੀ, ਜਿਸ ਨੂੰ ਪੱਛਮੀ ਗੜਬੜੀ ਕਿਹਾ ਜਾਂਦਾ ਹੈ, ਬਣੀ ਹੋਈ ਹੈ। ਇਹ ਉੱਤਰੀ ਭਾਰਤ ਵਿੱਚ 70 ਪੂਰਬ ਦੇ ਨੇੜੇ ਸਥਿਤ ਹੈ। ਇਸ ਨਾਲ ਮੌਸਮ ਵਿੱਚ ਬਦਲਾਅ ਆ ਸਕਦੇ ਹਨ।ਮੌਸਮ ਵਿਭਾਗ ਦੇ ਅਨੁਸਾਰ 27 ਅਪ੍ਰੈਲ ਤੋਂ 1 ਮਈ ਦੇ ਵਿਚਕਾਰ ਰਾਜ ਦੇ ਕੁਝ ਸਥਾਨਾਂ ਉਤੇ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਅਗਲੇ ਤਿੰਨ ਦਿਨਾਂ ਲਈ ਵੱਧ ਤੋਂ ਵੱਧ ਤਾਪਮਾਨ ਸਥਿਰ ਰਹੇਗਾ, ਜਿਸ ਤੋਂ ਬਾਅਦ ਇਹ ਲਗਭਗ 2 ਤੋਂ 4 ਡਿਗਰੀ ਸੈਲਸੀਅਸ ਤੱਕ ਡਿੱਗ ਸਕਦਾ ਹੈ। 27 ਤੋਂ 29 ਅਪ੍ਰੈਲ ਦੇ ਵਿਚਕਾਰ 40-50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ, ਗਰਜ ਅਤੇ ਬਿਜਲੀ ਚਮਕਣ ਦੇ ਨਾਲ ਮੀਂਹ ਦੀ ਸੰਭਾਵਨਾ ਹੈ, ਜਦੋਂ ਕਿ 30 ਅਪ੍ਰੈਲ ਨੂੰ 30-40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲਣ ਦੀ ਉਮੀਦ ਹੈ।27 ਅਪ੍ਰੈਲ ਨੂੰ ਮੋਗਾ, ਫਿਰੋਜ਼ਪੁਰ, ਫਰੀਦਕੋਟ, ਬਰਨਾਲਾ, ਮੁਕਤਸਰ, ਬਠਿੰਡਾ, ਮਾਨਸਾ, ਸੰਗਰੂਰ, ਪਟਿਆਲਾ, ਤਰਨਤਾਰਨ ਅਤੇ ਅੰਮ੍ਰਿਤਸਰ ਵਿੱਚ ਗਰਮੀ ਦੀ ਲਹਿਰ ਰਹੇਗੀ। ਅੰਮ੍ਰਿਤਸਰ, ਤਰਨਤਾਰਨ, ਫਿਰੋਜ਼ਪੁਰ, ਫਰੀਦਕੋਟ, ਬਰਨਾਲਾ ਅਤੇ ਲੁਧਿਆਣਾ ਵਿੱਚ ਗਰਮ ਰਾਤਾਂ ਰਹਿਣਗੀਆਂ। ਫਾਜ਼ਿਲਕਾ, ਮੁਕਤਸਰ, ਬਠਿੰਡਾ, ਮਾਨਸਾ, ਪਠਾਨਕੋਟ, ਹੁਸ਼ਿਆਰਪੁਰ ਅਤੇ ਗੁਰਦਾਸਪੁਰ ਵਿੱਚ 40-50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਦੇ ਨਾਲ ਗਰਜ ਅਤੇ ਬਿਜਲੀ ਡਿੱਗਣ ਦੀ ਸੰਭਾਵਨਾ ਹੈ। ਇਨ੍ਹਾਂ ਜ਼ਿਲ੍ਹਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।28 ਅਪ੍ਰੈਲ ਨੂੰ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ 30-40 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਦੇ ਨਾਲ ਗਰਜ ਅਤੇ ਬਿਜਲੀ ਡਿੱਗਣ ਦੀ ਸੰਭਾਵਨਾ ਹੈ ਇਹ ਅਲਰਟ ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਫਤਿਹਗੜ੍ਹ ਸਾਹਿਬ, ਰੂਪਨਗਰ, ਪਟਿਆਲਾ ਅਤੇ ਮੋਗਾ ਲਈ ਹੈ

ਬਾਗੀ ਸੰਸਦ ਮੈਂਬਰਾਂ 'ਤੇ 'ਆਪ' ਦੀ ਕਾਰਵਾਈ:

ਸੰਜੇ ਸਿੰਘ ਨੇ ਅਯੋਗ ਠਹਿਰਾਉਣ ਲਈ ਰਾਜ ਸਭਾ 'ਚ ਪਟੀਸ਼ਨ ਦਾਇਰ ਕੀਤੀ

ਨਵੀਂ ਦਿੱਲੀ, 26 ਅਪ੍ਰੈਲ(ਚ.ਨ.ਸ.) : ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਸੰਜੇ ਸਿੰਘ ਨੇ ਐਤਵਾਰ ਨੂੰ ਰਾਜ ਸਭਾ ਦੇ ਚੇਅਰਮੈਨ ਸੀ ਪੀ ਰਾਧਾਕ੍ਰਿਸ਼ਨਨ ਨੂੰ ਇੱਕ ਪਟੀਸ਼ਨ ਸੌਂਪੀ ਹੈ, ਜਿਸ ਵਿੱਚ ਪਾਰਟੀ ਦੇ ਉਨ੍ਹਾਂ ਸੱਤ ਸੰਸਦ ਮੈਂਬਰਾਂ ਨੂੰ ਅਯੋਗ ਕਰਾਰ ਦੇਣ ਦੀ ਮੰਗ ਕੀਤੀ ਗਈ ਹੈ, ਜਿਨ੍ਹਾਂ ਨੇ ਹਾਲ ਹੀ ਵਿੱਚ 'ਆਪ' ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਹੈ।ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿੰਘ ਨੇ ਦਾਅਵਾ ਕੀਤਾ ਕਿ ਇਨ੍ਹਾਂ ਸੱਤ ਸੰਸਦ ਮੈਂਬਰਾਂ ਦਾ ਇਹ ਕਦਮ ਦਲ-ਬਦਲੀ ਦੇ ਬਰਾਬਰ ਹੈ, ਕਿਉਂਕਿ ਇਹ ਦਲ-ਬਦਲੀ ਵਿਰੋਧੀ ਕਾਨੂੰਨ ਦੀਆਂ ਧਾਰਾਵਾਂ ਦੇ ਵਿਰੁੱਧ ਹੈ।

'ਆਪ' ਨੇ ਰਾਜ ਸਭਾ ਚੇਅਰਮੈਨ ਨੂੰ ਇਨ੍ਹਾਂ ਸੱਤ ਮੈਂਬਰਾਂ ਦੀ ਮੈਂਬਰਸ਼ਿਪ ਰੱਦ ਕਰਨ ਦੀ ਅਪੀਲ ਕੀਤੀ ਹੈ, ਕਿਉਂਕਿ ਉਹ 'ਆਪ' ਦੀ ਟਿਕਟ 'ਤੇ ਚੁਣੇ ਗਏ ਸਨ ਪਰ ਬਾਅਦ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ।ਜ਼ਿਕਰਯੋਗ ਹੈ ਕਿ ਸ਼ੁੱਕਰਵਾਰ ਨੂੰ ਰਾਘਵ ਚੱਢਾ, ਅਸ਼ੋਕ ਮਿੱਤਲ, ਸੰਦੀਪ ਪਾਠਕ, ਹਰਭਜਨ ਸਿੰਘ, ਰਾਜੇਂਦਰ ਗੁਪਤਾ, ਵਿਕਰਮ ਸਾਹਨੀ ਅਤੇ ਸਵਾਤੀ ਮਾਲੀਵਾਲ ਨੇ ਪਾਰਟੀ ਦੇ ਸਿਧਾਂਤਾਂ ਅਤੇ ਨੈਤਿਕ ਕਦਰਾਂ-ਕੀਮਤਾਂ ਤੋਂ ਭਟਕਣ ਦਾ ਦੋਸ਼ ਲਾਉਂਦੇ ਹੋਏ ਭਾਜਪਾ ਨਾਲ ਰਲੇਵੇਂ ਦਾ ਐਲਾਨ ਕੀਤਾ ਸੀ। ਸੰਜੇ ਸਿੰਘ ਨੇ ਕਿਹਾ ਕਿ ਇਹ ਦਲ-ਬਦਲੀ ਲੋਕਾਂ ਦੇ ਫਤਵੇ, ਖਾਸ ਕਰਕੇ ਪੰਜਾਬ ਦੇ ਲੋਕਾਂ ਨਾਲ ਧੋਖਾ ਹੈ ਅਤੇ ਸੰਵਿਧਾਨ ਦੀ ਭਾਵਨਾ ਦੇ ਵਿਰੁੱਧ ਹੈ। ਪਾਰਟੀ ਛੱਡਣ ਵਾਲੇ ਸੱਤ ਵਿੱਚੋਂ ਛੇ ਸੰਸਦ ਮੈਂਬਰ ਪੰਜਾਬ ਤੋਂ ਹਨ। ਸਿੰਘ ਨੇ ਦੱਸਿਆ ਕਿ ਪਾਰਟੀ ਨੇ ਇਸ ਮਾਮਲੇ 'ਤੇ ਸੀਨੀਅਰ ਵਕੀਲ ਕਪਿਲ ਸਿੱਬਲ ਅਤੇ ਸੰਵਿਧਾਨਕ ਮਾਹਿਰਾਂ ਨਾਲ ਸਲਾਹ ਕੀਤੀ ਹੈ, ਜਿਨ੍ਹਾਂ ਦਾ ਕਹਿਣਾ ਹੈ ਕਿ ਇਹ ਸੰਸਦ ਮੈਂਬਰ ਕਾਨੂੰਨ ਤਹਿਤ ਅਯੋਗ ਠਹਿਰਾਏ ਜਾਣ ਦੇ ਲਾਇਕ ਹਨ।

ਰਾਜ ਸਭਾ ਮੈਂਬਰਾਂ ਵੱਲੋਂ ਪਾਰਟੀ ਛੱਡਣ ਤੋਂ ਬਾਅਦ ਮੁਸ਼ਕਿਲਾਂ ਵਿੱਚ ਫਸੀ, 'ਆਪ' ਕੌਮੀ ਪਾਰਟੀ ਦਾ ਦਰਜਾ ਗੁਆਉਣ ਦਾ ਖ਼ਤਰਾ

ਨਵੀਂ ਦਿੱਲੀ,26 ਅਪ੍ਰੈਲ(ਚ.ਨ.ਸ.) : ਰਾਜ ਸਭਾ ਮੈਂਬਰਾਂ ਦੇ ਪਾਰਟੀ ਛੱਡਣ ਤੋਂ ਬਾਅਦ ਆਮ ਆਦਮੀ ਪਾਰਟੀ (ਆਪ) ਹੁਣ ਆਪਣੇ 'ਕੌਮੀ ਪਾਰਟੀ' ਦੇ ਦਰਜੇ ਨੂੰ ਬਚਾਉਣ ਲਈ ਸੰਘਰਸ਼ ਕਰ ਰਹੀ ਹੈ। ਸ਼ੁੱਕਰਵਾਰ ਨੂੰ ਹੋਈਆਂ ਬਗਾਵਤਾਂ ਤੋਂ ਬਾਅਦ ਪਾਰਟੀ ਦੇ ਅੰਦਰ ਇਹ ਚਿੰਤਾ ਬਣੀ ਹੋਈ ਹੈ ਕਿ ਆਪਣੇ ਵਿਧਾਇਕਾਂ ਅਤੇ ਆਗੂਆਂ ਨੂੰ ਇੱਕਜੁੱਟ ਕਿਵੇਂ ਰੱਖਿਆ ਜਾਵੇ ਅਤੇ ਕੌਮੀ ਪਾਰਟੀ ਦਾ ਟੈਗ ਕਿਵੇਂ ਬਰਕਰਾਰ ਰੱਖਿਆ ਜਾਵੇ। ਚੋਣ ਕਮਿਸ਼ਨ ਨੇ ਅਪਰੈਲ 2023 ਵਿੱਚ 'ਆਪ' ਨੂੰ ਕੌਮੀ ਪਾਰਟੀ ਵਜੋਂ ਮਾਨਤਾ ਦਿੱਤੀ ਸੀ, ਕਿਉਂਕਿ ਇਸ ਨੇ ਦਿੱਲੀ, ਪੰਜਾਬ, ਗੋਆ ਅਤੇ ਗੁਜਰਾਤ ਵਿੱਚ ਲੋੜੀਂਦੀਆਂ ਵੋਟਾਂ ਅਤੇ ਸੀਟਾਂ ਹਾਸਲ ਕੀਤੀਆਂ ਸਨ, ਪਰ ਹੁਣ 2027 ਵਿੱਚ ਪੰਜਾਬ, ਗੋਆ ਅਤੇ ਗੁਜਰਾਤ ਵਿੱਚ ਹੋਣ ਵਾਲੀਆਂ ਚੋਣਾਂ ਦੌਰਾਨ ਭਾਜਪਾ ਵੱਲੋਂ ਵੱਡੀ ਚੁਣੌਤੀ ਮਿਲ ਰਹੀ ਹੈ, ਜਿਸ ਨੇ ਪਾਰਟੀ ਦੇ ਬਾਗੀ ਆਗੂਆਂ ਨੂੰ ਆਪਣੇ ਨਾਲ ਮਿਲਾ ਲਿਆ ਹੈ।ਪਾਰਟੀ ਲਈ ਸਭ ਤੋਂ ਵੱਡੀ ਚਿੰਤਾ ਪੰਜਾਬ ਨੂੰ ਲੈ ਕੇ ਹੈ, ਜਿੱਥੇ ਇਸ ਸਮੇਂ 'ਆਪ' ਦੀ ਸਰਕਾਰ ਹੈ ਅਤੇ 117 ਵਿੱਚੋਂ 94 ਵਿਧਾਇਕ ਹਨ। ਸੰਦੀਪ ਪਾਠਕ, ਰਾਘਵ ਚੱਢਾ ਅਤੇ ਸਵਾਤੀ ਮਾਲੀਵਾਲ ਵਰਗੇ ਅਰਵਿੰਦ ਕੇਜਰੀਵਾਲ ਦੇ ਕਰੀਬੀ ਆਗੂਆਂ ਦੇ ਪਾਰਟੀ ਛੱਡਣ ਨਾਲ ਵਰਕਰਾਂ ਦੇ ਮਨੋਬਲ 'ਤੇ ਡੂੰਘਾ ਅਸਰ ਪੈ ਸਕਦਾ ਹੈ।ਕਪਿਲ ਸਿੱਬਲ ਵਰਗੇ ਮਾਹਿਰਾਂ ਦਾ ਕਹਿਣਾ ਹੈ ਕਿ ਇਹ ਬਗਾਵਤ ਪੰਜਾਬ ਵਿੱਚ ਵੀ ਫੁੱਟ ਪਾ ਸਕਦੀ ਹੈ। ਦੂਜੇ ਪਾਸੇ, ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪਾਰਟੀ ਨੇ ਭਾਜਪਾ ਦੇ 'ਅਪਰੇਸ਼ਨ ਲੋਟਸ' ਖਿਲਾਫ ਹਮਲਾਵਰ ਰੁਖ ਅਖਤਿਆਰ ਕਰਨ ਅਤੇ ਬਾਗੀਆਂ ਨੂੰ ਗੱਦਾਰ ਵਜੋਂ ਪੇਸ਼ ਕਰਨ ਦਾ ਫੈਸਲਾ ਕੀਤਾ ਹੈ। 'ਆਪ' ਲਈ ਅਗਲੀਆਂ ਚੋਣਾਂ ਵਿੱਚ

ਸ੍ਰੀ ਹੇਮਕੁੰਟ ਸਾਹਿਬ ਮੈਨਜਮੈਂਟ ਟਰੱਸਟ ਦੇ ਚੇਅਰਮੈਨ ਵੱਲੋਂ ਕੀਤੀ ਉਤਰਾਖੰਡ ਦੇ ਮੁੱਖ ਮੰਤਰੀ ਨਾਲ ਮੁਲਾਕਾਤ

ਦੇਹਰਾਦੂਨ, 26 ਅਪ੍ਰੈਲ(ਚ.ਨ.ਸ.) : ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨਾਲ ਐਤਵਾਰ ਨੂੰ ਮੁੱਖ ਮੰਤਰੀ ਨਿਵਾਸ 'ਤੇ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਚੇਅਰਮੈਨ ਸ੍ਰੀ ਨਰਿੰਦਰ ਜੀਤ ਸਿੰਘ ਬਿੰਦਰਾ ਨੇ ਮੁਲਾਕਾਤ ਕੀਤੀ। ਉਨ੍ਹਾਂ ਮੁੱਖ ਮੰਤਰੀ ਨੂੰ ਆਉਣ ਵਾਲੀ ਯਾਤਰਾ ਲਈ ਵੱਖ-ਵੱਖ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਦਿੱਤੀ।ਮੀਟਿੰਗ ਦੌਰਾਨ ਸ੍ਰੀ ਨਰਿੰਦਰ ਜੀਤ ਸਿੰਘ ਬਿੰਦਰਾ ਨੇ ਮੁੱਖ ਮੰਤਰੀ ਨੂੰ 20 ਮਈ, 2026 ਨੂੰ ਸ੍ਰੀ ਹੇਮਕੁੰਟ ਸਾਹਿਬ ਯਾਤਰਾ 2026 ਦੇ ਪਹਿਲੇ ਜਥੇ ਦੇ ਵਿਦਾਇਗੀ ਸਮਾਰੋਹ ਵਿਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ।ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਲਈ ਹਰ ਸੰਭਵ ਸਹਾਇਤਾ ਯਕੀਨੀ ਬਣਾ ਰਹੇ ਹਨ। ਯਾਤਰਾ ਪ੍ਰਬੰਧਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸ਼ਰਧਾਲੂਆਂ ਨੂੰ ਕੋਈ ਅਸੁਵਿਧਾ ਨਾ ਹੋਵੇ। ਮੁੱਖ ਮੰਤਰੀ ਨੇ ਭਰੋਸਾ ਦਿੱਤਾ ਕਿ ਸੂਬਾ ਸਰਕਾਰ ਹੇਮਕੁੰਟ ਸਾਹਿਬ ਯਾਤਰਾ ਨੂੰ ਸਫਲ, ਸੁਚਾਰੂ ਅਤੇ ਸੰਗਠਿਤ ਕਰਨ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ।ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਚੇਅਰਮੈਨ ਸ੍ਰੀ ਨਰਿੰਦਰਜੀਤ ਸਿੰਘ ਬਿੰਦਰਾ ਨੇ ਦੱਸਿਆ ਕਿ ਸ੍ਰੀ ਹੇਮਕੁੰਟ ਸਾਹਿਬ ਯਾਤਰਾ 2026 ਦੇ ਪਹਿਲੇ ਜਥੇ ਲਈ ਵਿਦਾਇਗੀ ਸਮਾਰੋਹ 20 ਮਈ, 2026 ਨੂੰ ਹੋਵੇਗਾ। ਇਸ ਪਹਿਲੇ ਜਥੇ ਦੀ ਅਗਵਾਈ ਰਵਾਇਤੀ ਤੌਰ 'ਤੇ ਪੰਜ ਪਿਆਰਿਆਂ ਦੁਆਰਾ ਕੀਤੀ ਜਾਵੇਗੀ।

ਡਾ. ਕਮਲਜੀਤ ਸੋਈ ਵੱਲੋਂ ਵਿਕਰਮਜੀਤ ਸਿੰਘ ਸਾਹਨੀ ਦਾ ਭਾਜਪਾ ਵਿੱਚ ਨਿੱਘਾ ਸਵਾਗਤ

ਲੁਧਿਆਣਾ, 26 ਅਪ੍ਰੈਲ 26 ਅਪ੍ਰੈ(ਚ.ਨ.ਸ.) : ਪੰਜਾਬ ਦੀ ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਵਿਕਾਸ ਦੇ ਤੌਰ 'ਤੇ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਵਕਤਾ ਡਾ. ਕਮਲਜੀਤ ਸੋਈ ਨੇ ਪਦਮਸ਼੍ਰੀ ਅਤੇ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦਾ ਭਾਜਪਾ ਵਿੱਚ ਦਿਲੋਂ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਨੇ ਸਾਹਨੀ ਨੂੰ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਸ਼ਖ਼ਸੀਅਤ ਅਤੇ ਤਜਰਬਾ ਪਾਰਟੀ ਲਈ ਵੱਡੀ ਤਾਕਤ ਸਾਬਤ ਹੋਵੇਗਾ।ਡਾ. ਸੋਈ ਨੇ ਕਿਹਾ ਕਿ ਵਿਕਰਮਜੀਤ ਸਿੰਘ ਸਾਹਨੀ ਦੀ ਸਮਾਜ ਸੇਵਾ,ਅਤੇ ਜਨਹਿਤ ਵਿੱਚ ਕੀਤੀ ਗਈ ਲੰਬੀ ਸੇਵਾ ਪੰਜਾਬ ਲਈ ਇੱਕ ਕੀਮਤੀ ਧਰੋਹਰ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਸਾਹਨੀ ਦੀ ਅਗਵਾਈ ਅਤੇ ਦੂਰਦਰਸ਼ੀ ਸੋਚ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ ਅਤੇ ਸੂਬੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਪ੍ਰਾਪਤ ਹੋਵੇਗੀ।ਦੋਵਾਂ ਆਗੂਆਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਕਰਨ ਲਈ ਇਕਜੁੱਟਤਾ ਅਤੇ ਸਾਂਝੇ ਯਤਨਾਂ ਦੀ ਬਹੁਤ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਭਲਾਈ ਲਈ ਮਿਲ ਕੇ ਕੰਮ ਕਰਨਾ ਸਮੇਂ ਦੀ ਮੰਗ ਹੈ।ਡਾ. ਸੋਈ ਨੇ ਕਿਹਾ ਕਿ ਸਾਹਨੀ ਵਰਗੀ ਮਾਨਯੋਗ ਅਤੇ ਅਨੁਭਵੀ ਸ਼ਖ਼ਸੀਅਤ ਦਾ ਪਾਰਟੀ ਨਾਲ ਜੁੜਨਾ ਭਾਜਪਾ ਲਈ ਮਾਣ ਦੀ ਗੱਲ ਹੈ। ਇਸ ਨਾਲ ਨਾ ਸਿਰਫ ਪਾਰਟੀ ਦਾ ਆਧਾਰ ਵਧੇਗਾ, ਸਗੋਂ ਨੀਤੀਆਂ ਨੂੰ ਲਾਗੂ ਕਰਨ ਵਿੱਚ ਵੀ ਨਵੀਂ ਗਤੀ ਆਵੇਗੀ।ਡਾ. ਕਮਲਜੀਤ ਸੋਈ ਨੇ ਕਿਹਾ ਕਿ 'ਵਿਕਰਮਜੀਤ ਸਿੰਘ ਸਾਹਨੀ ਦੀ ਅਗਵਾਈ ਅਤੇ ਸੇਵਾ ਭਾਵਨਾ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਮੀਲ ਪੱਥਰ ਸਾਬਤ ਹੋਵੇਗੀ। ਅਸੀਂ ਸਾਰੇ ਮਿਲ ਕੇ ਸੂਬੇ ਨੂੰ ਤਰੱਕੀ ਦੀਆਂ ਨਵੀਆਂ ਉੱਚਾਈਆਂ 'ਤੇ ਲੈ ਕੇ ਜਾਵਾਂਗੇ।'ਰਾਜਨੀਤਿਕ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਇਸ ਨਵੇਂ ਜੋੜ ਨਾਲ ਪੰਜਾਬ ਵਿੱਚ ਭਾਜਪਾ ਨੂੰ ਮਜ਼ਬੂਤੀ ਮਿਲੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਦੇ ਦੂਰਗਾਮੀ ਨਤੀਜੇ ਸਾਹਮਣੇ ਆ ਸਕਦੇ ਹਨ।

'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਗੰਭੀਰ ਹਾਲਾਤਾਂ ਵਿੱਚ ਪੈਦਾ ਹੋਏ ਨਵਜਾਤ ਬੱਚੇ ਦੇ ਠੀਕ ਹੋਣ ਨਾਲ ਡਾਕਟਰਾਂ ਦੀ ਚਿੰਤਾ ਉਮੀਦ ਵਿੱਚ ਬਦਲੀ

ਚੰਡੀਗੜ੍ਹ , 26 ਅਪ੍ਰੈਲ (ਚ.ਨ.ਸ.): ਨਵਜਾਤ ਦੀ ਪਹਿਲੀ ਕਿਲਕਾਰੀ ਰਾਹਤ ਲਿਆਉਣ ਵਾਲੀ ਹੋਣੀ ਚਾਹੀਦੀ ਹੈ ਪਰ ਕਈ ਵਾਰ ਇਹ ਸੰਨਾਟਾ ਲੈ ਕੇ ਆਉਂਦੀ ਹੈ। ਬਠਿੰਡਾ ਜ਼ਿਲ੍ਹੇ ਦੇ ਰਾਮਪੁਰਾ ਫੂਲ ਵਿਖੇ ਅਗਰਵਾਲ ਹਸਪਤਾਲ ਵਿੱਚ ਇੱਕ ਬੱਚੀ ਦਾ ਜਨਮ ਹੋਇਆ ਸੀ ਪਰ ਜੀਵਨ ਲਈ ਜੰਗ ਅੱਜ ਸ਼ੁਰੂ ਹੀ ਹੋਈ ਸੀ। ਕੇਵਲ 33 ਹਫ਼ਤਿਆਂ ਵਿੱਚ ਜਨਮੀ, ਰੇਸ਼ਮ ਸਿੰਘ ਅਤੇ ਗੁਰਮਲ ਕੌਰ ਦੀ ਬਟੀ, ਸਮੇਂ ਤੋਂ ਬਹੁਤ ਪਹਿਲਾਂ ਸੰਵੇਦਨਸ਼ੀਲ ਹਾਲਤ ਵਿੱਚ ਇਸ ਦੁਨੀਆ ਵਿੱਚ ਆਈ। ਉਸ ਦਾ ਵਜ਼ਨ ਸਿਰਫ਼ 1.926 ਕਿੱਲੋਗ੍ਰਾਮ ਸੀ, ਜੋ ਆਮ ਪੂਰ ਸਮੇਂ ਦੇ ਜਨਮ ਦੇ ਵਜ਼ਨ (ਲਗਭਗ 2.5 ਤੋਂ 4 ਕਿੱਲੋਗ੍ਰਾਮ) ਨਾਲੋਂ ਕਾਫ਼ੀ ਘੱਟ ਹੈ। ਜਨਮ ਦੇ ਪਹਿਲੇ ਹੀ ਪਲ ਤੋਂ ਉਸ ਨੂੰ ਸਾਹ ਲੈਣ ਵਿੱਚ ਮੁਸ਼ਕਲ ਆ ਰਹੀ ਸੀ। ਸਾਹ ਲੈਣ ਵਿੱਚ ਤਕਲੀਫ਼ ਹੋਣ ਕਾਰਨ ਬਿਨਾਂ ਚਿਕਿਤਸਕ ਮਦਦ ਦੇ ਸਾਹ ਲੈਣਾ ਸੰਭਵ ਨਹੀਂ ਸੀ। ਅਜਿਹੇ ਹਾਲਾਤਾਂ ਵਿੱਚ ਸਮਾਂ ਗੁਆਉਣ ਦੀ ਕੋਈ ਗੁੰਜਾਇਸ਼ ਨਹੀਂ ਸੀ। ਡਾ. ਸੁਰਿੰਦਰ ਅੱਗਰਵਾਲ (ਐਮ.ਡੀ. ਪੀਡੀਐਟ੍ਰਿਕਸ), ਜਿਨ੍ਹਾਂ ਕੋਲ 24 ਸਾਲਾਂ ਦਾ ਤਜ਼ਰਬਾ ਹੈ, ਨੇ ਆਪਣੀ ਟੀਮ ਨਾਲ ਤੁਰੰਤ ਕਾਰਵਾਈ ਕੀਤੀ। ਬੱਚੀ ਨੂੰ ਐਨਆਈਸੀਯੂ ਵਿੱਚ ਭਰਤੀ ਕੀਤਾ ਗਿਆ, ਜਿੱਥੇ ਮਸ਼ੀਨਾਂ ਉਹ ਕੰਮ ਕਰ ਰਹੀਆਂ ਸਨ, ਜੋ ਅਵਿਕਸਿਤ ਫੇਫੜ ਅੱਜ ਨਹੀਂ ਕਰ ਸਕਦੇ ਸਨ। ਮਾਨੀਟਰ ਨਾਲ ਹਰ ਧੜਕਣ ਅਤੇ ਹਰ ਸਾਹ 'ਤੇ ਨਜ਼ਰ ਰੱਖੀ ਜਾ ਰਹੀ ਸੀ।ਹਰ ਪਲ ਅਨਿਸ਼ਚਿਤਤਾ ਨਾਲ ਭਰਿਆ ਹੋਇਆ ਸੀ,ਹਰ ਪਲ ਬਹੁਤ ਮਹੱਤਵਪੂਰਨ ਸੀ। ਇਸ ਤੋਂ ਬਾਅਦ 17 ਦਿਨ ਤੱਕ ਲਗਾਤਾਰ ਦੇਖਭਾਲ ਅਤੇ ਸਹੀ ਇਲਾਜ ਚੱਲਦਾ ਰਿਹਾ। ਨਵਜਾਤ ਨੂੰ 10 ਦਿਨਾਂ ਤੱਕ ਕੰਟਿਨਿਊਅਸ ਪਾਜ਼ਿਟਿਵ ਏਅਰਵ ਪ੍ਰੈਸ਼ਰ ਸਹਾਇਤਾ ਦਿੱਤੀ ਗਈ, ਉਸ ਤੋਂ ਬਾਅਦ 4 ਦਿਨਾਂ ਲਈ ਆਕਸੀਜ਼ਨ ਸਹਾਇਤਾ ਦਿੱਤੀ ਗਈ। ਇਸ ਦੌਰਾਨ ਬੱਚੀ ਨੂੰ ਪੀਲੀਆ ਹੋ ਗਿਆ, ਜਿਸ ਦਾ ਇਲਾਜ ਫੋਟੋਥੈਰਪੀ ਨਾਲ ਕੀਤਾ ਗਿਆ। ਸੀਮਿਤ ਕੰਗਾਰੂ ਮਦਰ ਕੇਅਰ ਰਾਹੀਂ ਸਾਵਧਾਨੀ ਨਾਲ ਪੋਸ਼ਣ ਦਿੱਤਾ ਗਿਆ, ਤਾਂ ਜੋ ਬੱਚੀ ਦੀ ਨਾਜ਼ੁਕ ਹਾਲਤ ਨੂੰ ਬਿਨਾਂ ਪ੍ਰਭਾਵਿਤ ਕੀਤੇ ਉਸ ਨੂੰ ਗਰਮਾਹਟ ਅਤ ਸਥਿਰਤਾ ਮਿਲ ਸਕੇ। ਡਾ. ਅਗਰਵਾਲ ਨੇ ਕਿਹਾ, "ਐਨਆਈਸੀਯੂ ਵਿੱਚ ਸੁਧਾਰ ਇੱਕਦਮ ਨਹੀਂ ਆਉਂਦਾ, ਇਹ ਹੌਲੀ-ਹੌਲੀ ਸਥਿਰ ਗੀਡਿੰਗ ਨਾਲ ਆਉਂਦਾ ਹੈ।"ਹੌਲੀ-ਹੌਲੀ ਸੁਧਾਰ ਦਿਖਾਈ ਦੇਣਾ ਸ਼ੁਰੂ ਹੋਇਆ। ਸਾਹ ਲੈਣਾ ਹੌਲੀ-ਹੌਲੀ ਸੰਭਲ ਗਿਆ। ਪ੍ਰਤੀਕਿਰਿਆਵਾਂ ਬਿਹਤਰ ਹੋਣ ਲੱਗੀਆਂ, ਜੋ ਨਾਜ਼ੁਕ ਸਰੀਰ ਪਹਿਲਾਂ ਸੰਘਰਸ਼ ਕਰ ਰਿਹਾ ਸੀ, ਉਹ ਦਿਨੋਂ-ਦਿਨ ਮਜ਼ਬੂਤ ਹੋਣ ਲੱਗਾ।

ਮੋਦੀ ਨੇ 'ਮਨ ਕੀ ਬਾਤ' ਦੇ 133ਵੇਂ ਐਪੀਸੋਡ 'ਚ ਪੌਣ ਊਰਜਾ ਦਾ ਕੀਤਾ ਜ਼ਿਕਰ ਤਕਨੀਕ ਬਣ ਚੁੱਕੀ ਹੈ ਸਾਡੇ ਜੀਵਨ ਦਾ ਅਹਿਮ ਹਿੱਸਾ

ਨਵੀਂਦਿੱਲੀ,26 ਅਪ੍ਰੈਲ (ਚ.ਨ.ਸ.) :ਅੱਜ 'ਮਨ ਕੀ ਬਾਤ' ਦੇ 133ਵੇਂ ਐਪੀਸੋਡ ਵਿਚ ਪ੍ਰਧਾਨ ਮੰਤਰੀ ਮੋਦੀ ਨੇ ਦੁਨੀਆ ਵਿਚ ਚੱਲ ਰਹੇ ਤਣਾਅ ਅਤੇ ਟਕਰਾਵਾਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਅੱਜ ਟਕਰਾਅ ਦੇ ਵਿਚਕਾਰ ਭਗਵਾਨ ਬੁੱਧ ਦੇ ਵਿਚਾਰ ਹੋਰ ਵੀ ਮਹੱਤਵਪੂਰਨ ਹੋ ਗਏ ਹਨ। ਪ੍ਰਧਾਨ ਮੰਤਰੀ ਨੇ ਵਿਗਿਆਨ 'ਤੇ ਵੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਨੇ ਹਮੇਸ਼ਾ ਵਿਗਿਆਨ ਨੂੰ ਤਰੱਕੀ ਨਾਲ ਜੋੜਿਆ ਹੈ। ਅਸੀਂ ਇਕ ਵਿਕਸਤ ਭਾਰਤ ਦੇ ਸੰਕਲਪ ਨੂੰ ਮਜ਼ਬੂਤ ਕਰ ਰਹੇ ਹਾਂ।ਉਨ੍ਹਾਂ ਅੱਗੇ ਕਿਹਾ ਕਿ ਭਾਰਤ ਦੇ ਵਿਕਾਸ ਲਈ ਪੌਣ ਊਰਜਾ ਜ਼ਰੂਰੀ ਹੈ। ਗੁਜਰਾਤ, ਤਾਮਿਲਨਾਡੂ, ਮਹਾਰਾਸ਼ਟਰ ਅਤੇ ਰਾਜਸਥਾਨ ਉਨ੍ਹਾਂ ਰਾਜਾਂ ਵਿਚੋਂ ਹਨ, ਜੋ ਇਸ ਖੇਤਰ ਵਿਚ ਆਪਣੀ ਪਛਾਣ ਬਣਾ ਰਹੇ ਹਨ। ਗੁਜਰਾਤ ਵਿਚ ਕੱਛ, ਪਾਟਨ ਅਤੇ ਬਨਾਸਕਾਂਠਾ ਵਰਗੇ ਖੇਤਰ, ਜੋ ਪਹਿਲਾਂ ਮਾਰੂਥਲ ਹੁੰਦੇ ਸਨ, ਹੁਣ ਵੱਡੇ ਨਵਿਆਉਣਯੋਗ ਊਰਜਾ ਪਾਰਕਾਂ ਦਾ ਘਰ ਹਨ। ਨੌਜਵਾਨ ਇਸ ਤੋਂ ਲਾਭ ਉਠਾ ਰਹੇ ਹਨ, ਨਵੇਂ ਮੌਕੇ ਪੈਦਾ ਕਰ ਰਹੇ ਹਨ, ਨਵੇਂ ਹੁਨਰ ਵਿਕਸਤ ਕਰ ਰਹੇ ਹਨ ਅਤੇ ਰੁਜ਼ਗਾਰ ਲਈ ਨਵੇਂ ਰਸਤੇ ਖੋਲ੍ਹ ਰਹੇ ਹਨ। ਦੋਸਤੋ ਭਾਰਤ ਦੇ ਵਿਕਾਸ ਲਈ ਸੂਰਜੀ ਅਤੇ ਪੌਣ ਊਰਜਾ ਜ਼ਰੂਰੀ ਹਨ। ਪੌਣ ਊਰਜਾ ਦੇ ਖੇਤਰ 'ਚ ਭਾਰਤ ਨੇ ਵੱਡੀ ਉਪਲੱਬਧੀ ਹਾਸਲ ਕੀਤੀ ਹੈ ਅਤੇ ਭਾਰਤ ਦੀ ਪੌਣ ਊਰਜਾ ਉਤਪਾਦਨ ਸਮਰੱਥਾ ਹੁਣ 56 ਗੀਗਾਵਾਟ ਤੋਂ ਵੱਧ ਹੈ । ਅੱਜ ਪੌਣ ਊਰਜਾ ਸਮਰੱਥਾ ਦੇ ਮਾਮਲੇ 'ਚ ਭਾਰਤ ਵਿਸ਼ਵ ਪੱਧਰ 'ਤੇ ਚੌਥੇ ਸਥਾਨ 'ਤੇ ਹੈ।'' ''ਸਾਡੇ ਦੇਸ਼ 'ਚ ਗਣਤੰਤਰ ਦਿਵਸ 23 ਜਨਵਰੀ ਯਾਨੀ ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਜਨਮ ਵਰ੍ਹੇਗੰਢ ਤੋਂ 30 ਜਨਵਰੀ ਯਾਨੀ ਗਾਂਧੀ ਜੀ ਦੀ ਮੌਤ ਵਰ੍ਹੇਗੰਢ ਤੱਕ ਮਨਾਇਆ ਜਾਂਦਾ ਹੈ। ਇਸ ਤਿਉਹਾਰ ਦਾ ਇੱਕ ਅਨਿੱਖੜਵਾਂ ਅੰਗ 'ਬੀਟਿੰਗ ਰਿਟਰੀਟ' ਸਮਾਰੋਹ ਹੈ। ਇਸ ਸਾਲ ਦਾ 'ਬੀਟਿੰਗ ਰਿਟਰੀਟ' ਸਮਾਰੋਹ ਸੱਚਮੁੱਚ ਯਾਦਗਾਰੀ ਸੀ।'' ਪ੍ਰਧਾਨ ਮੰਤਰੀ ਨੇ ਜਨਗਣਨਾ ਸੰਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਨਾਗਰਿਕ ਹੁਣ ਆਪਣੀ ਜਾਣਕਾਰੀ ਦਰਜ ਕਰ ਸਕਣਗੇ। ਇਹ ਸਹੂਲਤ ਜਨਗਣਨਾ ਕਰਮਚਾਰੀਆਂ ਦੇ ਘਰਾਂ ਦੇ ਦੌਰੇ ਤੋਂ ਲਗਭਗ 15 ਦਿਨ ਪਹਿਲਾਂ ਉਪਲੱਬਧ ਕਰਵਾਈ ਜਾਵੇਗੀ, ਜਿਸ ਨਾਲ ਲੋਕ ਸਮਾਂ ਚੁਣ ਸਕਣਗੇ ਅਤੇ ਆਪਣੇ ਲਈ ਸੁਵਿਧਾਜਨਕ ਸਮੇਂ 'ਤੇ ਆਪਣੀ ਜਾਣਕਾਰੀ ਭਰ ਸਕਣਗੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਫਾਰਮ ਭਰਨ ਤੋਂ ਬਾਅਦ, ਨਾਗਰਿਕਾਂ ਨੂੰ ਇਕ ਵਿਸ਼ੇਸ਼ ਆਈ.ਡੀ. ਦਿੱਤੀ ਜਾਵੇਗੀ, ਜੋ ਉਨ੍ਹਾਂ ਦੇ ਮੋਬਾਈਲ ਜਾਂ ਈਮੇਲ 'ਤੇ ਭੇਜੀ ਜਾਵੇਗੀ। ਬਾਅਦ ਵਿਚ ਜਦੋਂ ਜਨਗਣਨਾ ਕਰਮਚਾਰੀ ਉਨ੍ਹਾਂ ਦੇ ਘਰਾਂ ਦਾ ਦੌਰਾ ਕਰਨਗੇ, ਤਾਂ ਇਸ ਆਈ.ਡੀ. ਦੀ ਵਰਤੋਂ ਜਾਣਕਾਰੀ ਦੀ ਪੁਸ਼ਟੀ ਕਰਨ ਲਈ ਕੀਤੀ ਜਾਵੇਗੀ। ਉਨ੍ਹਾਂ ਨੇ ਇਸ ਪੂਰੀ ਪ੍ਰਣਾਲੀ ਨੂੰ ਆਧੁਨਿਕ ਤਕਨਾਲੋਜੀ ਨਾਲ ਜੁੜੇ ਇਕ ਵੱਡੇ ਸੁਧਾਰ ਵਜੋਂ ਦਰਸਾਇਆ, ਜੋ ਦੇਸ਼ ਵਿਚ ਜਨਗਣਨਾ ਪ੍ਰਕਿਰਿਆ ਨੂੰ ਹੋਰ ਸਰਲ, ਤੇਜ਼ ਅਤੇ ਭਰੋਸੇਮੰਦ ਬਣਾਏਗਾ।

ਡੋਨਾਲਡ ਟਰੰਪ ਦੀ ਡਿਨਰ ਪਾਰਟੀ ਦੌਰਾਨ ਚੱਲੀਆਂ ਗੋਲੀਆਂ, ਹਮਲਾਵਰ ਨੂੰ ਮੌਕੇ 'ਤੇ ਕੀਤਾ ਕਾਬੂ

ਵਾਸ਼ਿੰਗਟਨ ,26 ਅਪ੍ਰੈਲ(ਚ.ਨ.ਸ.) : ਵਾਸ਼ਿੰਗਟਨ ਵਿੱਚ ਸਾਲਾਨਾ ਵ੍ਹਾਈਟ ਹਾਊਸ ਪੱਤਰਕਾਰਾਂ ਦੇ ਡਿਨਰ ਦੌਰਾਨ ਗੋਲੀਬਾਰੀ ਹੋਈ। ਇਸ ਪ੍ਰੋਗਰਾਮ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ, ਉਨ੍ਹਾਂ ਦੀ ਪਤਨੀ ਮੇਲਾਨੀਆ ਅਤੇ ਉਪ ਰਾਸ਼ਟਰਪਤੀ ਜੇਡੀ ਵੈਂਸ ਸਮੇਤ ਕਈ ਸੀਨੀਅਰ ਅਧਿਕਾਰੀ ਮੌਜੂਦ ਸਨ। ਐਸੋਸੀਏਟਿਡ ਪ੍ਰੈਸ ਦੇ ਅਨੁਸਾਰ, ਹਮਲਾਵਰ ਨੇ ਹੋਟਲ ਦੇ ਬਾਲਰੂਮ ਦੇ ਬਾਹਰ ਗੋਲੀਬਾਰੀ ਕੀਤੀ।ਟਰੰਪ ਅਤੇ ਮਹਿਮਾਨ ਅੰਦਰ ਸਨ। ਗੋਲੀਬਾਰੀ ਤੋਂ ਬਾਅਦ, ਸੀਕ੍ਰੇਟ ਸਰਵਿਸ ਨੇ ਤੁਰੰਤ ਰਾਸ਼ਟਰਪਤੀ ਡੋਨਾਲਡ ਟਰੰਪ ਅਤੇ ਹੋਰ ਚੋਟੀ ਦੇ ਨੇਤਾਵਾਂ ਨੂੰ ਬਾਹਰ ਕੱਢਿਆ। ਘਟਨਾ ਵਿਚ ਕੋਈ ਜ਼ਖ਼ਮੀ ਨਹੀਂ ਹੋਇਆ। ਸੀਐਨਐਨ ਨੇ ਰਿਪੋਰਟ ਦਿੱਤੀ ਕਿ ਰਾਤ ਦੇ ਖਾਣੇ ਦੌਰਾਨ ਗੋਲੀਬਾਰੀ ਤੋਂ ਬਾਅਦ ਸੀਕ੍ਰੇਟ ਸਰਵਿਸ ਏਜੰਟਾਂ ਨੇ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਤੁਰੰਤ ਸਟੇਜ ਤੋਂ ਹੇਠਾਂ ਲੈ ਗਏ।ਟਰੰਪ ਨੇ ਟਵੀਟ ਕਰਕੇ ਜਾਣਕਾਰੀ ਦਿੱਤੀ ਕਿ ਹਮਲਾਵਰ ਨੂੰ ਫੜ ਲਿਆ ਗਿਆ ਹੈ, ਹਾਲਾਂਕਿ ਪਹਿਲਾਂ ਦੀਆਂ ਰਿਪੋਰਟਾਂ ਵਿੱਚ ਕਿਹਾ ਗਿਆ ਸੀ ਕਿ ਹਮਲਾਵਰ ਢੇਰ ਕਰ ਦਿੱਤਾ ਗਿਆ ਹੈ। ਸੀਕ੍ਰੇਟ ਸਰਵਿਸ ਦੇ ਨਿਰਦੇਸ਼ਾਂ @ਤੇ, ਮਹਿਮਾਨਾਂ ਨੂੰ ਮੇਜ਼ਾਂ ਹੇਠਾਂ ਝੁਕਣ ਲਈ ਕਿਹਾ ਗਿਆ। ਰਿਪੋਰਟਾਂ ਦੇ ਅਨੁਸਾਰ, ਭਾਰੀ ਹਥਿਆਰਾਂ ਨਾਲ ਲੈਸ ਸੁਰੱਖਿਆ ਕਰਮਚਾਰੀ ਤੁਰੰਤ ਸਟੇਜ 'ਤੇ ਪਹੁੰਚੇ ਅਤੇ ਪੂਰੇ ਸਥਾਨ ਨੂੰ ਸੁਰੱਖਿਅਤ ਕਰ ਲਿਆ।ਫਾਇਰਿੰਗ ਤੋਂ ਬਾਅਦ ਕਈ ਲੋਕਾਂ ਨੂੰ ਮੌਕੇ ਤੋਂ ਜਾਂਦੇ ਦੇਖਿਆ ਗਿਆ, ਪਰ ਸਟੇਜ ਤੋਂ ਐਲਾਨ ਕੀਤਾ ਗਿਆ ਕਿ ਸਮਾਗਮ ਜਲਦੀ ਹੀ ਦੁਬਾਰਾ ਸ਼ੁਰੂ ਹੋਵੇਗਾ। ਹਾਲਾਂਕਿ, ਇਹ ਸਪੱਸ਼ਟ ਨਹੀਂ ਹੈ ਕਿ ਰਾਸ਼ਟਰਪਤੀ ਟਰੰਪ ਇਸ ਵਿੱਚ ਸ਼ਾਮਲ ਹੋਣਗੇ ਜਾਂ ਨਹੀਂ। ਟਰੰਪ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਲਿਖਿਆ ਕਿ ਵਾਸ਼ਿੰਗਟਨ ਵਿੱਚ ਇਹ ਬਹੁਤ ਹੀ ਰੁਝੇਵੇਂ ਭਰੀ ਸ਼ਾਮ ਸੀ। ਸੀਕ੍ਰੇਟ ਸਰਵਿਸ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੇ ਸ਼ਾਨਦਾਰ ਕੰਮ ਕੀਤਾ। ਉਨ੍ਹਾਂ ਨੇ ਤੇਜ਼ੀ ਨਾਲ ਕਾਰਵਾਈ ਕੀਤੀ। ਹਮਲਾਵਰ ਨੂੰ ਫੜ ਲਿਆ ਗਿਆ ਹੈ।

ਸੁਨੀਲ ਜਾਖੜ ਨੇ ਪੰਜਾਬ ਸਰਕਾਰ ਵੱਲੋਂ ਪੁਰਾਣੇ ਬਾਰਦਾਨੇ ਦੀ ਖਰੀਦ ਵਿੱਚ ਹੋ ਰਹੇ ਕਥਿਤ ਘਪਲੇ ਦੀ ਜਾਂਚ ਮੰਗੀ

ਕੇਂਦਰੀ ਫੂਡ ਸਪਲਾਈ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਲਿਖੀ ਚਿੱਠੀ

ਚੰਡੀਗੜ੍ਹ, 26 ਅਪ੍ਰੈਲ(ਚ.ਨ.ਸ.) : ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ ਸਰਕਾਰ ਵੱਲੋਂ ਪੁਰਾਣੇ ਬਾਰਦਾਨੇ ਦੀ ਖਰੀਦ ਵਿਚ ਘੋਟਾਲੇ ਦਾ ਸ਼ੱਕ ਪ੍ਰਗਟ ਕਰਦਿਆਂ ਕੇਂਦਰੀ ਫੂਡ ਸਪਲਾਈ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਚਿੱਠੀ ਲਿਖ ਜਾਂਚ ਦੀ ਮੰਗ ਕੀਤੀ ਹੈ। ਭਾਜਪਾ ਸੂਬਾ ਪ੍ਰਧਾਨ ਨੇ ਕਿਹਾ ਹੈ ਕਿ ਮਾਰਕੀਟ ਵਿਚ ਜੋ ਪੁਰਾਣੀ ਬੋਰੀ 22 ਰੁਪਏ ਨੂੰ ਮਿਲ ਰਹੀ ਹੈ ਉਸ ਦੀ ਕੱਟੜ ਇਮਾਨਦਾਰ ਸਰਕਾਰ ਹੋਣ ਦਾ ਦਾਅਵਾ ਕਰਨ ਵਾਲੀ 'ਆਪ' ਪਾਰਟੀ ਦੀ ਸਰਕਾਰ ਨੇ ਖਰੀਦ 43.89 ਰੁਪਏ ਵਿਚ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਮਾਮਲੇ ਵਿਚ ਘਪਲੇ ਦੇ ਦੋਸ਼ ਲੱਗ ਰਹੇ ਹਨ ਇਸ ਲਈ ਇਸਦੀ ਜਾਂਚ ਹੋਣੀ ਚਾਹੀਦੀ ਹੈ।ਸੁਨੀਲ ਜਾਖੜ ਨੇ ਪੱਤਰ ਵਿਚ ਲਿਖਿਆ ਹੈ, 'ਡਿਸੈਂਟਰਲਾਈਜ਼ਡ ਪ੍ਰੋਕਿਊਰਮੈਂਟ ਸਕੀਮ (ਡੀਸੀਪੀ) ਅਧੀਨ ਪੰਜਾਬ ਸਰਕਾਰ ਕਣਕ ਭਰਨ ਲਈ ਪੁਰਾਣੇ ਬਾਰਦਾਨੇ ਦੀ ਵਰਤੋਂ ਕਰ ਰਹੀ ਹੈ ਪਰ ਇਹਨਾਂ ਪੁਰਾਣੇ ਬਾਰਦਾਨਿਆਂ ਦੀ ਖਰੀਦ 'ਤੇ ਹੋ ਰਿਹਾ ਖਰਚਾ ਭ੍ਰਿਸ਼ਟਾਚਾਰ ਦੇ ਗੰਭੀਰ ਸੰਦੇਹ ਪੈਦਾ ਕਰਦਾ ਹੈ। ਅਸਲ ਵਿੱਚ, ਪੁਰਾਣਾ ਬਾਰਦਾਨਾ ਬਾਜ਼ਾਰ ਵਿੱਚ ਲਗਭਗ 22 ਪ੍ਰਤੀ ਬੋਰੀ ਉਪਲੱਬਧ ਹੈ, ਜਦਕਿ ਪੰਜਾਬ ਸਰਕਾਰ ਵੱਲੋਂ ਇਹ ਲਗਭਗ 43.89 ਪ੍ਰਤੀ ਬੋਰੀ ਦੇ ਹਿਸਾਬ ਨਾਲ ਖਰੀਦਿਆ ਗਿਆ ਦੱਸਿਆ ਜਾ ਰਿਹਾ ਹੈ। ਇਹ ਪੂਰੀ ਪ੍ਰਕਿਰਿਆ ਵਿੱਚ ਵੱਡੇ ਪੱਧਰ 'ਤੇ ਕਮੀਸ਼ਨਖੋਰੀ ਅਤੇ ਭ੍ਰਿਸ਼ਟਾਚਾਰ ਦੀ ਸੰਭਾਵਨਾ ਵੱਲ ਇਸ਼ਾਰਾ ਕਰਦਾ ਹੈ।' ਉਨ੍ਹਾਂ ਨੇ ਕਿਹਾ ਕਿ ਜਾਂਚ ਰਾਹੀਂ ਇਸ ਮਸਲੇ ਦੀ ਤਹਿ ਤੱਕ ਜਾਇਆ ਜਾਣਾ ਚਾਹੀਦਾ ਹੈ। ਜਿਕਰਯੋਗ ਹੈ ਕਿ ਆਪਣੇ ਪੱਤਰ ਵਿਚ ਭਾਜਪਾ ਪ੍ਰਧਾਨ ਨੇ ਕਣਕ ਖਰੀਦ ਨੇਮਾਂ ਵਿਚ ਪੰਜਾਬ ਦੇ ਕਿਸਾਨਾਂ ਦੀ ਮੰਗ ਅਨੁਸਾਰ ਛੋਟ ਦੇਣ ਲਈ ਕੇਂਦਰ ਸਰਕਾਰ ਦਾ ਧੰਨਵਾਦ ਵੀ ਕੀਤਾ ਹੈ।

ਡੀਆਈਜੀ ਭੁੱਲਰ ਰਿਸ਼ਵਤ ਕਾਂਡ ! ਚੰਡੀਗੜ੍ਹ ਬਣਾਇਆ 'ਰਿਸ਼ਵਤ ਦਾ ਅੱਡਾ'

ਚੰਡੀਗੜ੍ਹ, 26 ਅਪ੍ਰੈਲ(ਚ.ਨ.ਸ.) : ਪੰਜਾਬ ਦੇ ਮੁਅੱਤਲ ਡੀਆਈਜੀ (DIG) ਹਰਚਰਨ ਸਿੰਘ ਭੁੱਲਰ ਨਾਲ ਜੁੜੇ ਰਿਸ਼ਵਤ ਮਾਮਲੇ ਵਿੱਚ ਸੀਬੀਆਈ (CBI) ਨੂੰ ਕਈ ਅਹਿਮ ਜਾਣਕਾਰੀਆਂ ਮਿਲੀਆਂ ਹਨ। ਸੀਬੀਆਈ ਨੂੰ ਜਾਂਚ ਦੌਰਾਨ ਪਤਾ ਲੱਗਿਆ ਹੈ ਕਿ ਸਾਬਕਾ ਡੀਆਈਜੀ ਨੇ ਆਪਣੇ ਵਿਚੋਲਿਆਂ ਅਤੇ ਪੰਜਾਬ ਦੇ ਸੀਨੀਅਰ ਅਧਿਕਾਰੀਆਂ ਦਾ ਇੱਕ ਸੰਗਠਿਤ ਨੈੱਟਵਰਕ ਬਣਾ ਰੱਖਿਆ ਸੀ।ਰਿਸ਼ਵਤ ਦੇ ਇਸ ਨੈੱਟਵਰਕ ਦੀਆਂ ਜ਼ਿਆਦਾਤਰ ਮੀਟਿੰਗਾਂ ਚੰਡੀਗੜ੍ਹ 'ਚ ਹੁੰਦੀਆਂ ਸਨ। ਚੰਡੀਗੜ੍ਹ ਨੂੰ ਇਨ੍ਹਾਂ ਨੇ ਰਿਸ਼ਵਤ ਦੇ ਲੈਣ-ਦੇਣ, ਸੌਦੇਬਾਜ਼ੀ ਤੇ ਰਕਮ ਦੀ ਡਿਲੀਵਰੀ ਲਈ ਸੁਰੱਖਿਅਤ ਥਾਂ (Safe Place) ਵਜੋਂ ਚੁਣਿਆ ਹੋਇਆ ਸੀ। ਚੰਡੀਗੜ੍ਹ ਨੂੰ ਰਿਸ਼ਵਤ ਦਾ ਅੱਡਾ ਬਣਾਇਆ ਹੋਇਆ ਸੀ। ਚੰਡੀਗੜ੍ਹ ਵਿੱਚ ਕਈ ਟਿਕਾਣਿਆਂ @ਤੇ ਗੁਪਤ ਮੀਟਿੰਗਾਂ ਹੁੰਦੀਆਂ ਸਨ ਜਿਨ੍ਹਾਂ ਵਿੱਚ ਪੰਜਾਬ ਦੇ ਕਈ ਸੀਨੀਅਰ ਅਧਿਕਾਰੀ ਅਤੇ ਨਿੱਜੀ ਵਿਅਕਤੀ ਵੀ ਸ਼ਾਮਲ ਹੁੰਦੇ ਸਨ।CBI ਨੇ ਹੁਣ ਪੰਜਾਬ ਦੇ ਅਣਪਛਾਤੇ ਅਧਿਕਾਰੀਆਂ ਅਤੇ ਨਿੱਜੀ ਵਿਅਕਤੀਆਂ ਵਿਰੁੱਧ ਮੁੱਢਲੀ ਜਾਂਚ (PE) ਦਰਜ ਕਰ ਲਈ ਹੈ। ਜੇਕਰ ਜਾਂਚ ਵਿਚ ਅਫਸਰਾਂ ਦੀ ਭੂਮਿਕਾ ਦੀ ਪੁਸ਼ਟੀ ਹੋਈ ਤਾਂ 329 ਉਹਨਾਂ ਵਿਰੁੱਧ FIR ਵੀ ਦਰਜ ਕਰ ਸਕਦੀ ਹੈ।CBI ਨੇ ਇਨ੍ਹਾਂ ਅਫਸਰਾਂ ਦੇ ਨਾਂ ਜਨਤਕ ਨਹੀਂ ਕੀਤੇ ਹਨ, ਪਰ ਜਾਂਚ ਵਿੱਚ ਪਤਾ ਲੱਗਿਆ ਹੈ ਕਿ ਡੀਆਈਜੀ (DIG) ਭੁੱਲਰ ਆਪਣੇ ਵਿਚੋਲਿਆਂ ਦੀ ਮਦਦ ਨਾਲ ਨਿੱਜੀ ਵਿਅਕਤੀਆਂ ਦੇ ਸਰਕਾਰੀ ਕੰਮ ਕਰਵਾਉਂਦੇ ਸਨ। ਜਿਸ ਦੇ ਬਦਲੇ ਵਿੱਚ ਸਰਕਾਰੀ ਅਧਿਕਾਰੀਆਂ ਤੱਕ ਰਿਸ਼ਵਤ ਦੀ ਮੋਟੀ ਰਕਮ ਪਹੁੰਚਾਈ ਜਾਂਦੀ ਸੀ।

ਐਗਰੋ ਡੀਲਰਾਂ ਦੀ ਬਗਾਵਤ: ਪੂਰਾ ਪੰਜਾਬ ਇੱਕ ਦਿਨ ਲਈ ਰਹੇਗਾ ਬੰਦ !

ਚੰਡੀਗੜ੍ਹ, 26 ਅਪ੍ਰੈਲ(ਚ.ਨ.ਸ.) : ਪੰਜਾਬ ਵਿੱਚ ਕਿਸਾਨਾਂ ਅਤੇ ਖੇਤੀਬਾੜੀ ਵਪਾਰ ਨਾਲ ਜੁੜੀ ਇੱਕ ਮਹੱਤਵਪੂਰਨ ਖ਼ਬਰ ਸਾਹਮਣੇ ਆਈ ਹੈ। ਆਲ ਇੰਡੀਆ ਐਗਰੋ ਇਨਪੁਟਸ ਡੀਲਰਜ਼ ਐਸੋਸੀਏਸ਼ਨ ਦੇ ਸੱਦੇ 'ਤੇ 27 ਅਪ੍ਰੈਲ ਨੂੰ ਦੇਸ਼ ਭਰ ਦੇ ਵਪਾਰੀ ਇੱਕ ਦਿਨ ਦੀ ਹੜਤਾਲ ਕਰਨਗੇ। ਇਸ ਹੜਤਾਲ ਦੇ ਤਹਿਤ ਅੰਮ੍ਰਿਤਸਰ ਸਮੇਤ ਪੰਜਾਬ ਦੀਆਂ ਸਾਰੀਆਂ ਖਾਦ, ਕੀਟਨਾਸ਼ਕ ਅਤੇ ਬੀਜ ਦੀਆਂ ਦੁਕਾਨਾਂ ਪੂਰੀ ਤਰ੍ਹਾਂ ਬੰਦ ਰਹਿਣਗੀਆਂ।ਪੰਜਾਬ ਸੀਡਜ਼, ਪੈਸਟਿਸਾਈਡਜ਼ ਅਤੇ ਫਰਟੀਲਾਈਜ਼ਰ ਐਸੋਸੀਏਸ਼ਨ, ਚਿਤਰਾ ਟਾਕੀਜ਼ ਮਾਰਕੀਟ ਦੇ ਪ੍ਰਧਾਨ ਪਰਮਿੰਦਰ ਸਿੰਘ ਥਿੰਦ ਨੇ ਦੱਸਿਆ ਕਿ ਕੰਪਨੀਆਂ ਡੀਲਰਾਂ ਨੂੰ ਬੇਲੋੜੇ ਉਤਪਾਦ ਖਰੀਦਣ ਲਈ ਮਜਬੂਰ ਕਰਦੀਆਂ ਹਨ, ਜੋ ਗਲਤ ਹੈ। ਉਨ੍ਹਾਂ ਨੇ ਇਹ ਵੀ ਮੰਗ ਕੀਤੀ ਕਿ ਜੇ ਕਿਸੇ ਉਤਪਾਦ ਦਾ ਸੈਂਪਲ ਫੇਲ ਹੁੰਦਾ ਹੈ ਤਾਂ ਕਾਰਵਾਈ ਕੰਪਨੀ 'ਤੇ ਹੋਵੇ, ਡੀਲਰ 'ਤੇ ਨਹੀਂ।

ਪਿੰਡ ਜੈ ਨਗਰ ਵਿਖੇ ਕਣਕ ਦੇ ਨਾੜ ਨੂੰ ਲੱਗੀ ਅੱਗ

ਏ.ਐਸ.ਆਈ. ਤਰਸੇਮ ਕੁਮਾਰ ਨੇ ਮੌਕੇ 'ਤੇ ਪਹੁੰਚ ਕੇ ਪਿੰਡ ਵਾਸੀਆਂ ਦੀ ਮਦਦ ਨਾਲ ਬੁਝਾਈ ਅੱਗ

ਦੇਵੀਗੜ੍ਹ, 26 ਅਪ੍ਰੈਲ (ਗੁਰਜੀਤ ਸਿੰਘ ਢੋਟ) : ਦੇਵੀਗੜ੍ਹਨੇੜੇ ? ਪੈਂਦੇ ਪਿੰਡ ਜੈ ਨਗਰ ਵਿਖੇ ਨੇੜਲੇ ਖੇਤਾਂ ਵਿੱਚ ਕਣਕ ਦੇ ਨਾੜ ਨੂੰ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ। ਜਾਣਕਾਰੀ ਅਨੁਸਾਰ ਬਿਜਲੀ ਬੋਰਡ ਵਾਲੇ ਪਾਸੇ ਇਹ ਅੱਗ ਕਣਕ ਦੇ ਨਾੜ ਨੂੰ ਲੱਗੀ ਅਤੇ ਹਵਾ ਦੇ ਤੇਜ਼ ਰੁਖ਼ ਕਾਰਨ ਇਹ ਅੱਗ ਜੈ ਨਗਰ ਪਿੰਡ ਵੱਲ ਵਧਣ ਲੱਗੀ। ਇਸ ਮੌਕੇ ਜਦੋਂ ਪਿੰਡ ਵਾਸੀਆਂ ਨੇ 112 ਨੰਬਰ 'ਤੇ ਫੋਨ ਕੀਤਾ ਤਾਂ ਪੁਲਿਸ ਨੇ ਤੁਰੰਤ ਐਕਸ਼ਨ ਲੈਂਦਿਆਂ ਏ.ਐਸ.ਆਈ. ਤਰਸੇਮ ਕੁਮਾਰ ਅਤੇ ਉਹਨਾਂ ਨਾਲ ਹੋਰ ਮੁਲਾਜ਼ਮ ਘਟਨਾ ਵਾਲੀ ਥਾਂ 'ਤੇ ਪੁੱਜੇ। ਇਸ ਦੌਰਾਨ ਏ.ਐਸ.ਆਈ. ਤਰਸੇਮ ਕੁਮਾਰ ਨੇ ਪਿੰਡ ਵਾਸੀਆਂ ਦੀ ਮਦਦ ਨਾਲ ਪਾਣੀ ਦੀਆਂ ਬਾਲਟੀਆਂ ਨਾਲ ਬੜੀ ਮੁਸ਼ੱਕਤ ਨਾਲ ਅੱਗ 'ਤੇ ਕਾਬੂ ਪਾਇਆ। ਇਸ ਦੁਰਘਟਨਾ ਦੌਰਾਨ ਕਿਸੇ ਵੀ ਕਿਸਮ ਦਾ ਜਾਨੀ ਮਾਲੀ ਨੁਕਸਾਨ ਹੋਣ ਤੋਂ ਬਚਾਅ ਰਿਹਾ। ਇਸ ਮੌਕੇ ਅੱਗ 'ਤੇ ਕਾਬੂ ਪਾਉਂਦਿਆਂ ਏ.ਐਸ.ਆਈ. ਤਰਸੇਮ ਕੁਮਾਰ ਨੂੰ ਵੀ ਅੱਗ ਦਾ ਸੇਕ ਲੱਗਿਆ, ਜਿਸ ਨਾਲ ਉਹਨਾਂ ਦੀ ਵੀ ਸਿਹਤ ਵਿਗੜੀ ਪਰ ਕਿਸੇ ਵੱਡੇ ਨੁਕਸਾਨ ਤੋਂ ਬਚਾਅ ਰਿਹਾ।

ਸਰਕਾਰੀ ਸਕੂਲ ਕੋਲ ਸੜਕ 'ਤੇ ਉੱਪਰ ਬਣੀ ਲਾਂਘੇ ਵਾਲੀ ਪੌੜੀ 'ਤੇ ਲੱਗੀ ਸਟੀਲ ਗਰਿੱਲ ਚੋਰੀ

ਸਕੂਲੀ ਬੱਚਿਆਂ ਜਾਨ ਖਤਰੇ 'ਚ ਪ੍ਰਸ਼ਾਸਨ ਅਤੇ NHAI ਅਧਿਕਾਰੀ ਕੁੰਭਕਰਨੀ ਨੀਂਦ ਸੁੱਤੇ

ਬਨੂੜ ਸ਼ੰਭੂ, 26 ਅਪ੍ਰੈਲ (ਅਮਰਿੰਦਰ ਸਿੰਘ ਮੋਹੀ): ਬਨੂੜ ਦੇ ਸਰਕਾਰੀ ਸਕੂਲ ਦੇ ਨੇੜੇ ਮੁੱਖ ਮਾਰਗ ਉੱਤੋਂ ਸਕੂਲੀ ਬੱਚਿਆਂ ਲਈ ਬਣੀ ਲਾਂਘੇ ਵਾਲੀ ਪੌੜੀ ਉੱਤੇ ਲੱਗੀ ਸਟੀਲ ਦੀ ਗਰਿੱਲ ਅਣਪਛਾਤੇ ਵਿਅਕਤੀਆਂ ਵੱਲੋਂ ਚੋਰੀ ਕਰ ਲਈ ਗਈ ਹੈ। ਇਸ ਕਾਰਨ ਹੁਣ ਉਹ ਥਾਂ ਖੁੱਲ੍ਹੀ ਰਹਿ ਗਈ ਹੈ, ਜਿਸ ਕਾਰਨ ਉਸ ਉੱਪਰੋਂ ਲੰਘਣ ਵਾਲੇ ਸਕੂਲੀ ਬੱਚਿਆਂ ਅਤੇ ਰਾਹਗੀਰਾਂ ਦੀ ਜਾਨ ਖਤਰੇ ਵਿੱਚ ਪਈ ਨਜ਼ਰ ਆ ਰਹੀ ਹੈ।

ਰੋਜ਼ਾਨਾ ਸਕੂਲ ਜਾਣ ਵਾਲੇ ਬੱਚੇ ਇਸ ਰਾਹੋਂ ਲੰਘਦੇ ਹਨ ਅਤੇ ਗਰਿੱਲ ਨਾ ਹੋਣ ਕਰਕੇ ਡਿੱਗਣ ਦਾ ਖਤਰਾ ਕਾਫੀ ਵਧ ਗਿਆ ਹੈ। ਸਥਾਨਕ ਵਸਨੀਕ ਬਲਵੰਤ ਸਿੰਘ ਨੰਡਿਆਲੀ ਬਲਵਿੰਦਰ ਸਿੰਘ ਬਿੱਲੂ ਸ਼ੇਖਣ ਮਾਜਰਾ ਨਿਰਮਲ ਸਿੰਘ ਬੰਟੀ ਸ਼ੇਖਣ ਮਾਜਰਾ ਪੰਜਾਬ ਪ੍ਰਧਾਨ

ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਭਾਰਤ ਜਗਜੀਤ ਸਿੰਘ ਜੱਗੀ ਕਰਾਲਾ ਗੁਰਪ੍ਰੀਤ ਸਿੰਘ ਸੇਖਣ ਮਾਜਰਾ ਮੋਹਨ ਧੀਮਾਨ ਸ਼ਿਵਮ ਸ਼ਰਮਾ ਬਨੂੜ ਆਦਿ ਨੇ ਦੱਸਿਆ ਕਿ ਇਹ ਮਾਮਲਾ ਕਈ ਦਿਨਾਂ ਤੋਂ ਧਿਆਨ ਵਿੱਚ ਹੈ ਪਰ ਸੰਬੰਧਿਤ ਅਧਿਕਾਰੀ ਅਜੇ ਤੱਕ ਕੋਈ ਕਾਰਵਾਈ ਨਹੀਂ ਕਰ ਰਹੇ।ਲੋਕਾਂ ਨੇ ਨਾਰਾਜ਼ਗੀ ਜਤਾਉਂਦਿਆਂ ਕਿਹਾ ਕਿ ਪ੍ਰਸ਼ਾਸਨ ਅਤੇ NHAI ਅਧਿਕਾਰੀ ਕੁੰਭਕਰਨੀ ਨੀਂਦ ਵਿੱਚ ਸੁੱਤੇ ਹੋਏ ਹਨ ਅਤੇ ਕਿਸੇ ਵੱਡੇ ਹਾਦਸੇ ਦੀ ਉਡੀਕ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਮੰਗ ਕੀਤੀ ਹੈ ਕਿ ਜਲਦੀ ਤੋਂ ਜਲਦੀ ਨਵੀਂ ਗਰਿੱਲ ਲਗਾਈ ਜਾਵੇ ਅਤੇ ਚੋਰੀ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਵਿਧਾਇਕ ਸ਼ੁਤਰਾਣਾ ਦੀ ਅਗਵਾਈ 'ਚ ਬਾਗੀ ਪਾਰਲੀਮੈਂਟ ਮੈਂਬਰਾਂ ਦੇ ਫੂਕੇ ਪੁਤਲੇ

ਪਾਤੜਾਂ,26 ਅਪ੍ਰੈਲ (ਹਰਮਿੰਦਰ ਕਰਤਾਰਪੁਰ) :ਆਮ ਆਦਮੀ ਪਾਰਟੀ ਤੋਂ ਬਾਗੀ ਹੋ ਕੇ ਭਾਜਪਾ ਜੁਆਇਨ ਕਰਨ ਵਾਲੇ ਪੰਜਾਬ ਦੇ 6 ਰਾਜ ਸਭਾ ਮੈਂਬਰਾਂ ਖਿਲਾਫ ਅੱਜ ਪਾਤੜਾਂ ਦੇ ਭਗਤ ਸਿੰਘ ਚੌਕ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਅਗਵਾਈ 'ਚ 'ਆਪ' ਵਰਕਰਾਂ ਅਤੇ ਆਗੂਆਂ ਵੱਲੋਂ ਪੁਤਲਾ ਫੂਕਿਆ ਗਿਆ।ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਰਾਘਵ ਚੱਡਾ, ਸੰਦੀਪ ਪਾਠਕ ਸਮੇਤ ਜਿਨ੍ਹਾਂ 6 ਮੈਂਬਰ ਪਾਰਲੀਮੈਂਟ ਵੱਲੋਂ ਪੰਜਾਬ ਦੇ ਲੋਕਾਂ ਨਾਲ ਗ਼ਦਾਰੀ ਕੀਤੀ ਗਈ ਉਨ੍ਹਾਂ ਨੂੰ ਪੰਜਾਬ ਦੇ ਲੋਕ ਕਦੇ ਵੀ ਮਾਫ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਿੱਤਾਂ ਨਾਲ ਗ਼ਦਾਰੀ ਕਰਨ ਵਾਲੇ ਇੰਨ੍ਹਾਂ ਮੈਂਬਰ ਪਾਰਲੀਮੈਂਟ ਨੂੰ ਪੰਜਾਬ ਦੇ ਲੋਕ ਮੂੰਹ ਨਹੀਂ ਲਗਾਉਣਗੇ। ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਕਿਹਾ ਕਿ ਭਾਜਪਾ ਸੂਬੇ ਦੀ ਭਗਵੰਤ ਮਾਨ ਸਰਕਾਰ ਨੂੰ ਅਸਥਿਰ ਕਰਨ ਦੀਆਂ ਲੂੰਬੜਚਾਲਾਂ ਚੱਲ ਰਹੀ ਹੈ ਜਿਸ ਵਿੱਚ ਭਾਜਪਾ ਕਦੇ ਵੀ ਸਫਲ ਨਹੀਂ ਹੋਵੇਗੀ ਕਿਉਂਕਿ ਪੰਜਾਬ ਦੇ ਲੋਕ ਸੂਬੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਪਿਆਰ ਕਰਦੇ ਹਨ ਅਤੇ ਚਟਾਨ ਵਾਂਗ ਪਾਰਟੀ ਦੇ ਨਾਲ ਖੜੇ ਹਨ।ਇਸ ਮੌਕੇ ਉਨ੍ਹਾਂ ਪ੍ਰਧਾਨ ਪ੍ਰੀਤ ਗਿੱਲ, ਕੁਲਦੀਪ ਸਿੰਘ ਥਿੰਦ, ਕੁਲਦੀਪ ਸਿੰਘ ਬਿੱਟੂ ਬਦੇਸ਼ਾ ਪ੍ਰਧਾਨ ਕਾਰ ਡੀਲਰ ਐਸੋਸੀਏਸ਼ਨ ਪਾਤੜਾਂ, ਪ੍ਰਧਾਨ ਪ੍ਰੇਮ ਗੁਪਤਾ,ਕਾਰੋਬਾਰੀ ਅੰਮ੍ਰਿਤਪਾਲ ਸਿੰਘ ਕਾਲੇਕਾ, ਚੇਅਰਮੈਨ ਤੇਜਿੰਦਰ ਸਿੰਘ ਤੇਜੀ ਬੂਰੜ ਸਰਪੰਚ ਨਾਹਰ ਸਿੰਘ ਉੱਗੋਕੇ,ਲਾਭ ਡਰੌਲੀ , ਬਲਜੀਤ ਸਿੰਘ ਮੌਲਵੀਵਾਲਾ ਇੰਚਾਰਜ਼ ਵਿਰਾਸਤ ਸੇਵਾ ਸੰਗਠਨ ਪੰਜਾਬ, ਗੁਰਮੀਤ ਸਿੰਘ ਸਾਧ ਮਾਜਰਾ, ਕੁਲਦੀਪ ਸਿੰਘ ਠਾਕੁਰ, ਚੇਅਰਮੈਨ ਡਾਕਟਰ ਡੀਡੀ ਸਿੰਗਲਾ, ਸਰਪੰਚ ਜਗਸੀਰ ਸਿੰਘ ਰਸੌਲੀ,ਬਾਦਲ ਗੁਜ਼ਰ,ਮਦਨ ਲਾਲ ਗੋਇਲ, ਸਰਪੰਚ ਦਰਸ਼ਨ ਚੁਪਕੀ, ਸਰਪੰਚ ਗੁਰਜੋਗ ਸਿੰਘ ਨਾਗਰੀ, ਅਵਤਾਰ ਸਿੰਘ ਚੁਪਕੀ,ਮਿੱਠੂ ਸਿੰਘ ਘੱਗਾ ਪ੍ਰਧਾਨ ਨਗਰ ਪੰਚਾਇਤ ਘੱਗਾ,ਨੰਦ ਲਾਲ ਘੱਗਾ ਆਦਿ ਪ੍ਰਮੁੱਖ ਤੌਰ 'ਤੇ ਹਜ਼ਾਰ ਸਨ।

ਟਿੱਪਰ ਦੀ ਲਪੇਟ ਵਿੱਚ ਆਉਣ ਕਾਰਨ ਮੋਟਰਸਾਈਕਲ ਚਾਲਕ ਜ਼ਖ਼ਮੀ

ਘਨੌਰ, 26 ਅਪ੍ਰੈਲ(ਰਾਜਿੰਦਰ ਸਿੰਘ ਕੰਬੋਜ) : ਸ਼ੰਭੂ ਤੋਂ ਘਨੌਰ ਨੂੰ ਜਾਂਦੇ ਕੌਮੀ ਮਾਰਗ ਦੇ ਸਥਿਤ ਪਿੰਡ ਪਿੱਪਲ ਮਗੋਲੀ ਤੋਂ ਜੰਡ ਮਗੋਲੀ ਨੂੰ ਜਾਣ ਵਾਲੀ ਲਿੰਕ ਸੜਕ ਤੇ ਇੱਕ ਟਿੱਪਰ ਦੀ ਲਪੇਟ ਵਿੱਚ ਆ ਜਾਣ ਕਾਰਨ ਮੋਟਰਸਾਈਕਲ ਚਾਲਕ ਦੇ ਗੰਭੀਰ ਰੂਪ ਵਿੱਚ ਜਖਮੀ ਅਤੇ ਮੋਟਰਸਾਈਕਲ ਦੇ ਚਕਨਾਚੂਰ ਹੋ ਜਾਣ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ ਇੱਕ ਮੋਟਰਸਾਈਕਲ ਸਵਾਰ ਪਿੰਡ ਪਿੱਪਲ ਮੰਗੋਲੀ ਤੋਂ ਜੰਡ ਮਗੋਲੀ ਨੂੰ ਜਾਣ ਵਾਲੀ ਲਿੰਕ ਸੜਕ 'ਤੇ ਜਾ ਰਿਹਾ ਸੀ। ਜਦੋਂ ਉਹ ਮੋਟਰਸਾਈਕਲ ਚਾਲਕ ਲਿੰਕ ਸੜਕ 'ਤੇ ਪਿੰਡ ਜੰਡ ਮੰਗੋਲੀ ਦੇ ਨਜ਼ਦੀਕ ਪਹੁੰਚਿਆ ਤਾ ਪਿੱਛੋਂ ਆ ਰਹੇ ਇਕ ਟਿੱਪਰ ਨੇ ਮੋਟਰਸਾਈਕਲ ਚਾਲਕ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਹਾਦਸੇ ਵਿੱਚ ਮੋਟਰਸਾਈਕਲ ਟਿੱਪਰ ਦੇ ਟਾਇਰਾਂ ਦੇ ਨੀਚੇ ਆ ਗਿਆ ਅਤੇ ਚਾਲਕ ਜ਼ਖਮੀ ਹੋ ਗਿਆ, ਜਿਸ ਨੂੰ ਇਲਾਜ ਲਈ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ ਇਸ ਮਾਮਲੇ ਬਾਰੇ ਜਦੋਂ ਟਿੱਪਰ ਦੇ ਮਾਲਕ ਜਸਬੀਰ ਸਿੰਘ ਸੋਗਲ ਪਰ ਨਾਲ ਗੱਲ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਟਿੱਪਰ ਦੀ ਟਾਈ ਪਿਨ ਖੁੱਲ ਜਾਣ ਕਾਰਨ ਹਾਦਸਾ ਵਾਪਰਿਆ ਹੈ ਇਸ ਵਿੱਚ ਚਾਲਕ ਦੀ ਕੋਈ ਗਲਤੀ ਨਹੀਂ ਇਸ ਮਾਮਲੇ ਬਾਰੇ ਜਦੋਂ ਥਾਣਾ ਮੁਖੀ ਘਨੌਰ ਗੁਰਮਖ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਦੱਸਿਆ ਕਿ ਇਸ ਹਾਦਸੇ ਵਿੱਚ ਗੰਭੀਰ ਜਖਮੀ ਹੋਏ ਵਿਅਕਤੀ ਦੀ ਹਾਲਤ ਸਥਿਰ ਅਤੇ ਇਸ ਮਾਮਲੇ ਵਿੱਚ ਦੋਵੇਂ ਧਿਰਾਂ ਨੂੰ ਬੁਲਾ ਕੇ ਅਗਲੀ ਕਾਰਵਾਈ ਕੀਤੀ ਜਾਵੇਗੀ।



ਪਿਪਸ ਵਿਖੇ ਸੁਖਮਨੀ ਸਾਹਿਬ ਜੀ ਦੀ ਬਾਣੀ ਦਾ ਜਾਪ ਕਰਵਾਇਆ

ਸ੍ਰੀ ਚਮਕੌਰ ਸਾਹਿਬ, 26 ਅਪ੍ਰੈਲ (ਅਵਤਾਰ ਸਿੰਘ ਭੰਗੂ) : ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ,ਪਿੱਪਲ ਮਾਜਰਾ ,ਸ੍ਰੀ ਚਮਕੌਰ ਸਾਹਿਬ ਵਿਖੇ ਵਿੱਦਿਅਕ ਸੈਸ਼ਨ 2025 - 26 ਸਫ਼ਲਤਾ ਪੂਰਵਕ ਨੇਪਰੇ ਚੜ੍ਹਨ ਦੀ ਖੁਸ਼ੀ ਵਿੱਚ ਅਤੇ ਨਵੇਂ ਸੈਸ਼ਨ ਲਈ ਗੁਰੂ ਸਾਹਿਬ ਦਾ ਓਟ ਆਸਰਾ ਲੈਂਦਿਆਂ ਸ੍ਰੀ ਸੁਖਮਨੀ ਸਾਹਿਬ ਬਾਣੀ ਦੇ ਜਾਪ ਕਰਵਾਏ ਗਏ ਅਤੇ ਸਕੂਲ , ਵਿਦਿਆਰਥੀਆਂ ਅਤੇ ਸਮੁੱਚੇ ਸਟਾਫ਼ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਸੰਸਥਾ ਦੇ ਮੈਨੇਜਮੈਂਟ ਮੈਂਬਰ ਸਰਦਾਰ ਗੁਰਦੇਵ ਸਿੰਘ ਅਟਵਾਲ , ਮੈਡਮ ਸ਼ਿੰਦਰਪਾਲ ਕੌਰ ਅਟਵਾਲ , ਸਰਦਾਰ ਗੁਰਪਾਲ ਸਿੰਘ ਅਟਵਾਲ, ਮੈਡਮ ਪ੍ਰੀਤਪਾਲ ਕੌਰ ਅਟਵਾਲ, ਇਸਟੇਟ ਇੰਚਾਰਜ ਸਰਦਾਰ ਅਰਸ਼ਦੀਪ ਸਿੰਘ ਬਰਾੜ ਨੇ ਸਮੁੱਚੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਨਵੇਂ ਵਿੱਦਿਅਕ ਵਰ੍ਹੇ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਮਿਹਨਤ ਅਤੇ ਇਮਾਨਦਾਰੀ ਨਾਲ ਕੀਤੀ ਪੜ੍ਹਾਈ ਹੀ ਵਿਦਿਆਰਥੀ ਨੂੰ ਗੁਣੀ ਇਨਸਾਨ ਬਣਾਉਂਦੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸਰਦਾਰ ਸੁਰਜੀਤ ਸਿੰਘ, ਵਾਈਸ ਪ੍ਰਿੰਸੀਪਲ ਮੈਡਮ ਮਨਦੀਪ ਕੌਰ ਮਾਹਲ , ਸਮੁੱਚਾ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਖੂਨਦਾਨ ਕੈਂਪ ਦੌਰਾਨ 65 ਯੂਨਿਟ ਖੂਨ ਇਕੱਤਰ

ਮੋਰਿੰਡਾ, 26 ਅਪ੍ਰੈਲ (ਗੁਰਮੀਤ ਸਿੰਘ ਚੋਪੜਾ) : ਲਾਈਫ ਕੇਅਰ ਹਸਪਤਾਲ ਕਾਈਨੌਰ ਅਤੇ ਸਮਾਜ ਸੇਵੀ ਨੌਜਵਾਨਾਂ ਵੱਲੋਂ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਮੋਰਿੰਡਾ ਵਿਖੇ ਪਹਿਲਾ ਖੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ 65 ਦੇ ਕਰੀਬ ਖੂਨਦਾਨੀਆਂ ਨੇ ਖੂਨਦਾਨ ਕੀਤਾ ਇਸ ਸਬੰਧੀ ਨੌਜਵਾਨ ਆਗੂ ਅਰਸ਼ਦੀਪ ਸਿੰਘ ਸਿੱਧੂ ਅਤੇ ਜਸਪ੍ਰੀਤ ਸਿੰਘ ਜੱਸ ਅਰਨੋਲੀ ਨੇ ਦੱਸਿਆ ਕਿ ਇਸ ਕੈਂਪ ਦਾ ਉਦਘਾਟਨ ਜਗਰੂਪ ਸਿੰਘ ਅਰਨੋਲੀ ਐਮ ਡੀ ਲਾਈਵ ਕੇਅਰ ਹਸਪਤਾਲ ਕਾਈਨੌਰ ਅਤੇ ਇਸ ਸਵਰਨ ਸਿੰਘ ਸੈਂਪਲਾ ਸੀਨੀਅਰ ਆਗੂ ਭਾਰਤੀ ਜਨਤਾ ਪਾਰਟੀ ਹਲਕਾ ਸ੍ਰੀ ਚਮਕੌਰ ਸਾਹਿਬ ਵੱਲੋਂ ਕੀਤਾ ਗਿਆ ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਸਮਾਜ ਸੇਵੀ ਆਗੂ ਦੀਪੂ ਕੁਰਾਲੀ, ਸਮਾਜ ਸੇਵੀ ਠੇਕੇਦਾਰ ਬਲਵੀਰ ਸਿੰਘ ਲਾਲਾ, ਕਾਂਗਰਸੀ ਆਗੂ ਰਾਹੁਲ ਸ਼ਰਮਾ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਬਲੱਡ ਬੈਂਕ ਖਮਾਣੋ ਦੀ ਟੀਮ ਵੱਲੋਂ 65 ਦੇ ਕਰੀਬ ਯੂਨਿਟ ਖੂਨ ਇਕੱਤਰ ਕੀਤਾ ਗਿਆ ਇਸ ਮੌਕੇ ਪਹੁੰਚੇ ਮਹਿਮਾਨਾਂ ਅਤੇ ਖੂਨਦਾਨੀਆ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਨੌਜਵਾਨ ਆਗੂ ਆਰਸੀਦੀਪ ਸਿੰਘ ਸਿੱਧੂ ਅਤੇ ਜਤਿੰਦਰ ਸਿੰਘ ਕਾਂਜਲਾਂ ਨੇ ਕਿਹਾ ਕਿ ਨੌਜਵਾਨਾਂ ਨੂੰ ਸਮਾਜ ਸੇਵੀ ਕਾਰਜਾਂ ਵਿੱਚ ਅੱਗੇ ਹੋ ਕੇ ਕੰਮ ਕਰਨ ਦੀ ਜ਼ਰੂਰਤ ਹੈ, ਜਿਸ ਵਿੱਚ ਖੂਨ ਦਾ ਸਭ ਤੋਂ ਵੱਡਾ ਦਾਨ ਹੈ। ਇਸ ਮੌਕੇ ਸਮਾਜ ਸੇਵੀ ਸੱਤੀ ਮੋਰਿੰਡਾ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਦਲਵੀਰ ਸਿੰਘ ਮੁੰਡੀਆ, ਅਵੀ ਮੋਰਿੰਡਾ ਨਵਜੋਤ ਸਿੰਘ, ਜਤਿੰਦਰ ਸਿੰਘ ਕਾਂਝਲਾ,ਜਾਪੀ ਅਰਨੌਲੀ ,ਜਸ਼ਨ ਅਰਨੌਲੀ,ਸੋਨੂ ਮੋਰਿੰਡਾ, ਜੋਤ ਰਤਨਗੜ੍ਹ, ਵਿੱਕੀ ਬਲਦੇਵ ਨਗਰ, ਪ੍ਰਿੰਸ ਰਤਨਗੜ੍ਹ ਅੰਕਿਤ ਅਤੇ ਤਨੀ ਅਰਨੌਲੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਨੇ ਜ਼ੀਰਕਪੁਰ ਵਿੱਚ ਸ਼ੁਰੂ ਕੀਤੀ ਚੋਣ ਮੁਹਿੰਮ ਸੈਂਕੜੇ ਕਾਂਗਰਸੀ ਅਕਾਲੀ ਦਲ 'ਚ ਹੋਏ ਸ਼ਾਮਲ

ਜ਼ੀਰਕਪੁਰ, 26ਅਪ੍ਰੈਲ (ਸੁਖਵਿੰਦਰ ਸੈਣੀ) : ਸ਼੍ਰੋਮਣੀ ਅਕਾਲੀ ਦਲ ਨੇ ਸਭ ਤੋਂ ਪਹਿਲਾਂ ਜ਼ੀਰਕਪੁਰ ਵਿੱਚ ਚੋਣ ਬਿਗਲ ਵਜਾਉਣ ਦੇ ਨਾਲ-ਨਾਲ ਕਾਂਗਰਸ ਨੂੰ ਝਟਕਾ ਵੀ ਦਿੱਤਾ ਹੈ। ਸਾਬਕਾ ਵਿਧਾਇਕ ਅਤੇ ਅਕਾਲੀ ਦਲ ਦੇ ਖਜ਼ਾਨਚੀ ਐਨ.ਕੇ. ਸ਼ਰਮਾ ਨੇ ਕਾਂਗਰਸ ਕਰਮਚਾਰੀ ਸੰਗਠਨ ਏਟਕ ਯੂਨੀਅਨ ਜ਼ੀਰਕਪੁਰ ਜ਼ੋਨ ਦੇ ਪ੍ਰਧਾਨ ਰਵਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਸੈਂਕੜੇ ਕਾਂਗਰਸੀ ਵਰਕਰਾਂ ਨੂੰ ਅਕਾਲੀ ਦਲ ਵਿੱਚ ਸ਼ਾਮਲ ਕੀਤਾ। ਇਸ ਤੋਂ ਬਾਅਦ ਰਵਿੰਦਰ ਪਾਲ ਸਿੰਘ ਨੂੰ ਇੱਥੋਂ ਦੇ ਵਾਰਡ ਨੰਬਰ 15 ਤੋਂ ਅਕਾਲੀ ਦਲ ਦਾ ਇੰਚਾਰਜ ਐਲਾਨ ਦਿੱਤਾ।

ਇਸ ਮੌਕੇ ਸਿੰਚਾਈ ਵਿਭਾਗ ਤੋਂ ਸੇਵਾਮੁਕਤ ਡਿਪਟੀ ਸਕੱਤਰ ਰਣਜੀਤ ਸਿੰਘ, ਸਮਾਜ ਸੇਵਿਕਾ ਸੁਰਜੀਤ ਕੌਰ, ਸ੍ਰੀਮਤੀ ਪੂਜਾ, ਡਾ. ਹਰਸਿਮਰਨ ਕੌਰ, ਅਵਨੀਤ ਕੌਰ, ਪੰਜਾਬ ਪੁਲਿਸ ਦੇ ਸੇਵਾਮੁਕਤ ਡੀਐਸਪੀ ਗੁਰਵਿੰਦਰ ਪਾਲ ਸਿੰਘ ਬੱਬੂ, ਪ੍ਰਸਿੱਧ ਕਾਰੋਬਾਰੀ ਹਰਿੰਦਰਪਾਲ ਸਿੰਘ ਡਿੰਪੀ, ਸੁਰਿੰਦਰ ਕੌਰ ਸ਼ਾਲੂ, ਜਸਕਰਨ ਸਿੰਘ, ਜਤਿੰਦਰਪਾਲ ਕੌਰ, ਸ਼੍ਰੀਮਤੀ ਪਰਮਜੀਤ ਕੌਰ, ਜਤਿਨ ਪਾਲ ਸਿੰਘ ਅਤੇ ਹੋਰ ਕਈ ਆਗੂਆਂ ਦਾ ਅਕਾਲੀ ਦਲ ਵਿੱਚ ਸਵਾਗਤ ਕਰਦੇ ਹੋਏ, ਐਨ.ਕੇ. ਸ਼ਰਮਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਸਮਾਜ ਦੇ ਸਾਰੇ ਵਰਗਾਂ ਨੂੰ ਆਪਣੇ ਨਾਲ ਲੈ ਕੇ ਚੱਲਣ ਵਿੱਚ ਵਿਸ਼ਵਾਸ ਰੱਖਦਾ ਹੈ।

ਉਨ੍ਹਾਂ ਵੱਡੀ ਗਿਣਤੀ ਵਿੱਚ ਮੌਜੂਦ ਇਲਾਕਾ ਨਿਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਚੋਣ ਵਿੱਚ ਅਕਾਲੀ ਦਲ ਦੀ ਜਿੱਤ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਦੌਰਾਨ ਜ਼ੀਰਕਪੁਰ ਵਿੱਚ ਕਈ ਵਿਕਾਸ ਪ੍ਰੋਜੈਕਟ ਲਾਗੂ ਕੀਤੇ ਗਏ ਸਨ। ਪਹਿਲਾਂ ਕਾਂਗਰਸ ਅਤੇ ਹੁਣ ਆਮ ਆਦਮੀ ਪਾਰਟੀ ਨੇ ਝੂਠ ਬੋਲ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਜ਼ੀਰਕਪੁਰ ਵਿੱਚ ਲਗਭਗ ਡੇਢ ਸਾਲ ਤੱਕ ਨਗਰ ਕੌਂਸਲ ਦੀ ਕੋਈ ਮੀਟਿੰਗ ਨਹੀਂ ਹੋਈ। ਐਨਕੇ ਸ਼ਰਮਾ ਨੇ ਸਾਰੇ ਵਰਕਰਾਂ ਅਤੇ ਵਸਨੀਕਾਂ ਨੂੰ ਅਕਾਲੀ ਦਲ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਾਰਿਆਂ ਨੂੰ ਇੱਕਜੁੱਟ ਹੋ ਕੇ ਆਮ ਆਦਮੀ ਪਾਰਟੀ ਨੂੰ ਪੰਜਾਬ ਦੀ ਰਾਜਨੀਤੀ ਤੋਂ ਬਾਹਰ ਕੱਢਿਆ ਜਾਵੇ। ਇਸ ਦੀ ਸ਼ੁਰੂਆਤ ਜ਼ੀਰਕਪੁਰ ਨਗਰ ਕੌਂਸਲ ਚੋਣਾਂ ਨਾਲ ਹੋਵੇਗੀ। ਸਮਾਗਮ ਵਿੱਚ ਮੌਜੂਦ ਵੱਡੀ ਗਿਣਤੀ ਵਿੱਚ ਲੋਕਾਂ ਨੇ ਹੱਥ ਖੜ੍ਹੇ ਕਰਕੇ ਅਕਾਲੀ ਦਲ ਦਾ ਸਮਰਥਨ ਕੀਤਾ।

ਜੱਥੇ: ਨਿਮਾਣਾ ਦੇ ਪਰਿਵਾਰ ਵੱਲੋਂ ਸ਼ੁਕਰਾਨਾ ਸਮਾਗਮ

ਲੁਧਿਆਣਾ, 26 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) : ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਅਤੇ ਕੌਮੀ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਦੇ ਮੁੱਖ ਸੇਵਾਦਾਰ ਜੱਥੇ: ਤਰਨਜੀਤ ਸਿੰਘ ਨਿਮਾਣਾ ਦੇ ਪਰਿਵਾਰ ਵੱਲੋਂ ਅਕਾਲ ਪੁਰਖ ਵੱਲੋਂ ਬਖ਼ਸ਼ੀਆਂ ਖੁਸ਼ੀਆਂ ਦਾ ਤਹਿ ਦਿੱਲੋ ਸ਼ੁਕਰਾਨਾ ਪ੍ਰਗਟ ਕਰਦਿਆਂ ਹੋਇਆਂ ਅੱਜ ਬੜੀ ਸ਼ਰਧਾ ਭਾਵਨਾ ਨਾਲ ਗੁਰਦੁਆਰਾ ਗੁਰੂ ਨਾਨਕ ਸਿਮਰਨ ਕੇਂਦਰ ਨੇੜੇ ਗਰੀਨ ਸਿਟੀ, ਫਿਰੋਜ਼ਪੁਰ ਰੋਡ ਵਿਖੇ ਗੁਰਮਤਿ ਸ਼ੁਕਰਾਨਾ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਗੁਰਦੁਆਰਾ ਗੁਰੂ ਨਾਨਕ ਸਿਮਰਨ ਕੇਂਦਰ ਦੇ ਸਰਪ੍ਰਸਤ ਬਾਬਾ ਸੁਖਬੀਰ ਸਿੰਘ ਖਾਲਸਾ ਨੇ ਜਿੱਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਨਿਹਾਲ ਕੀਤਾ ਉੱਥੇ ਗੁਰਬਾਣੀ ਦੇ ਸ਼ਬਦਾਂ ਦੀ ਕਥਾ ਕਰਕੇ ਸੰਗਤਾਂ ਨੂੰ ਨਾਮ ਸਿਮਰਨ ਦੀ ਮਹੱਤਤਾ ਤੋਂ ਜਾਣੂੰ ਕਰਵਾ ਕੇ ਸਿੱਖੀ ਦੇ ਮਾਰਗ ਵਿੱਚ ਪ੍ਰਪੱਕ ਹੋਣ ਦੀ ਤਾਕੀਦ ਕੀਤੀ । ਇਸ ਦੌਰਾਨ ਸ਼ੁਕਰਾਨਾ ਸਮਾਗਮ ਅੰਦਰ ਉਚੇਚੇ ਤੌਰ 'ਤੇ ਪੁੱਜੇ ਪੰਥ ਪ੍ਰਸਿੱਧ ਕਥਾਵਾਚਕ ਭਾਈ ਹਰਪ੍ਰੀਤ ਸਿੰਘ ਮੱਖੂ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਸੰਗਤਾਂ ਦੇ ਨਾਲ ਕਰਦਿਆਂ ਹੋਇਆਂ ਕਿਹਾ ਕਿ ਮੌਜੂਦਾ ਸਮੇਂ ਅੰਦਰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸੇਵਾ ਦੇ ਸੰਕਲਪ ਨਾਲ ਸੰਗਤਾਂ ਨੂੰ ਵੱਧ ਤੋਂ ਵੱਧ ਜੁੜਨ ਦੀ ਲੋੜ ਹੈ, ਤਾਂ ਹੀ ਅਸੀ ਆਪਣੇ ਅੰਦਰ ਨਿਮਰਤਾ ਤੇ ਸੇਵਾ ਭਾਵਨਾ ਵਾਲੀ ਸੋਚ ਪੈਦਾ ਕਰਕੇ ਸਿਮਰਨ ਤੇ ਸੇਵਾ ਦੇ ਸਿਧਾਂਤ ਦੇ ਧਾਰਨੀ ਬਣ ਸਕਾਂਗੇ । ਇਸ ਦੌਰਾਨ ਉਨ੍ਹਾਂ ਨੇ ਜੱਥੇ. ਤਰਨਜੀਤ ਸਿੰਘ ਨਿਮਾਣਾ ਦੇ ਵੱਲੋਂ ਕੀਤੇ ਜਾ ਰਹੇ ਮਨੁੱਖੀ ਭਲਾਈ ਤੇ ਸੇਵਾ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਨਿਮਾਣਾ ਪਰਿਵਾਰ ਨੂੰ ਜੋ ਅਸੀਸਾਂ ਬਖ਼ਸ਼ੀਆਂ ਹਨ । ਉਹ ਸੱਚੀ ਸੇਵਾ ਭਾਵਨਾ ਦਾ ਉੱਤਮ ਫਲ ਹੈ । ਇਸ ਮੌਕੇ 'ਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਵੱਲੋਂ ਗੁਰਦੁਆਰਾ ਗੁਰੂ ਨਾਨਕ ਸਿਮਰਨ ਕੇਂਦਰ ਦੇ ਸਰਪ੍ਰਸਤ ਬਾਬਾ ਸੁਖਬੀਰ ਸਿੰਘ ਖਾਲਸਾ ਤੇ ਪੰਥ ਪ੍ਰਸਿੱਧ ਕਥਾਵਾਚਕ ਭਾਈ ਹਰਪ੍ਰੀਤ ਸਿੰਘ ਮੱਖੂ ਦਾ ਧੰਨਵਾਦ ਪ੍ਰਗਟ ਕਰਦਿਆਂ ਹੋਇਆਂ ਉਨ੍ਹਾਂ ਨੂੰ ਸਿਰੋਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ । ਇਸ ਦੌਰਾਨ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਅਤੇ ਕੌਮੀ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਦੇ ਪਰਿਵਾਰ ਵੱਲੋਂ ਸੁਖਸਾਗਰ ਸੇਵਾ ਸੁਸਾਇਟੀ ਜਗਰਾਉਂ, ਲਾਰਡ ਮਹਾਂਵੀਰ ਹੋਮੀਓਪੈਥਿਕ ਮੈਡੀਕਲ ਕਾਲਜ ਦੇ ਨਿੱਘੇ ਸਹਿਯੋਗ ਨਾਲ ਫ਼ਰੀ ਹੋਮੀਓਪੈਥਿਕ ਮੈਡੀਕਲ ਕੈਂਪ ਵੀ ਲਗਾਇਆ ਗਿਆ ।

ਜਿਸ ਅੰਦਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਚੈਕਅੱਪ ਕਰਕੇ ਉਨ੍ਹਾਂ ਨੂੰ ਫ਼ਰੀ ਦਵਾਈਆ ਵੀ ਵੰਡੀਆਂ ਗਈਆਂ ਤੇ ਨਾਲ ਹੀ ਲਾਈਫ ਫਾਊਂਡੇਸ਼ਨ ਦੇ ਸਹਿਯੋਗ ਨਾਲ ਕਿਡਨੀ, ਯੂਰੀਆ ਅਤੇ ਸ਼ੂਗਰ ਦੇ ਟੈਸਟ ਫ਼ਰੀ ਕੀਤੇ ਗਏ। ਇਸ ਮੌਕੇ ਤੇ ਕੇ. ਕੇ ਬਾਵਾ, ਸ੍: ਜਸਵੰਤ ਸਿੰਘ ਛਾਪਾ, ਪ੍ਰਧਾਨ ਰਾਜਵਿੰਦਰ ਸਿੰਘ ਵੋਹਰਾ, ਅਜੀਤ ਸਿੰਘ ਬੱਤਰਾ, ਐਡਵੋਕੇਟ ਗਗਨਪ੍ਰੀਤ ਸਿੰਘ, ਪ੍ਰਸ਼ੋਤਮ ਸਿੰਘ, ਐਡਵੋਕੇਟ ਪਰਵਿੰਦਰ ਸਿੰਘ ਬੱਤਰਾ, ਗੁਰਬਚਨ ਸਿੰਘ ਤਨੇਜਾ, ਦਿਲਪ੍ਰੀਤ ਸਿੰਘ ਤਨੇਜਾ, ਹਰਵਿੰਦਰ ਪਾਲ ਸਿੰਘ ਬੱਤਰਾ, ਗੁਰਪ੍ਰੀਤ ਸਿੰਘ, ਵਿਕੀ ਬੱਤਰਾ, ਸਤਿੰਦਰਪਾਲ ਸਿੰਘ ਟੀਟੂ, ਗੁਰਦੀਪ ਸਿੰਘ ਗਰੇਵਾਲ ਹਾਜ਼ਰ ਸਨ ।

ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਹੋਏ

ਲੁਧਿਆਣਾ, 26 ਅਪ੍ਰੈਲ (ਕਰਨੈਲ ਸਿੰਘ) : ਗੁਰਬਾਣੀ, ਗੁਰ ਇਤਿਹਾਸ ਦੇ ਪ੍ਰਚਾਰ ਪਸਾਰ ਅਤੇ ਪੁਰਾਤਨ ਗੁਰਮਤਿ ਸੰਗੀਤ ਦੀ ਬਹਾਲੀ ਲਈ ਨਿਰੰਤਰ ਕਾਰਜਸ਼ੀਲ ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਹੋਇਆ। ਸਮਾਗਮ ਦੀ ਅਰੰਭਤਾ ਗੁਰ ਸ਼ਬਦ ਕੀਰਤਨ ਅਕੈਡਮੀ ਜਵੱਦੀ ਟਕਸਾਲ ਦੇ ਹੋਣਹਾਰ ਵਿਦਿਆਰਥੀਆਂ ਨੇ ਗੁਰਬਾਣੀ ਸ਼ਬਦ ਕੀਰਤਨ ਕੀਤਾ। ਸੰਤ ਬਾਬਾ ਅਮੀਰ ਸਿੰਘ ਜੀ ਨੇ ਸੰਗਤਾਂ ਸਨਮੁੱਖ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸਮਝਾਇਆ ਕਿ ਨਾਮ ਸਿਮਰਨ ਆਤਮਾ ਦਾ ਸਫਰ ਹੈ,ਜਿਸ ਦੇ ਆਸਰੇ ਅਸਥੂਲ ਮਨ ਸੂਖਸ਼ਮ ਮੰਡਲ ਵਿਚ ਪੁੱਜਦਾ ਹੈ। ਜਿਵੇਂ ਕੋਈ ਪੰਛੀ ਆਪਣੇ ਖੰਭਾਂ ਦੇ ਆਸਰੇ ਉੱਡ ਕੇ ਆਕਾਸ਼ 'ਚ ਉਡਾਰੀ ਭਰਦਾ ਹੈ ਅਤੇ ਆਪਣੇ ਆਲਣੇ ਵਿਚ ਚਲਾ ਜਾਂਦਾ ਹੈ। ਉਸ ਤਰ੍ਹਾਂ ਪ੍ਰਮਾਤਮਾਂ ਤੋਂ ਵਿਛੜੀ ਇਹ ਜੀਵ ਆਤਮਾਂ ਨਾਮ ਸਿਮਰਨ ਕਰਕੇ ਪਰਮਾਤਮਾ ਨਾਲ ਮਿਲਦੀ ਹੈ। ਮਹਾਂਪੁਰਸ਼ਾਂ ਨੇ ਉਦਾਹਰਣਾਂ ਦਿੰਦਿਆਂ ਸਮਝਾਇਆ ਜਿਵੇਂ ਦੋ ਲੋਹੇ ਦੇ ਟੁਕੜਿਆਂ ਨੂੰ ਵੈਲਡਨ ਨਾਲ ਜੁੜਿਆ ਜਾਂਦਾ ਹੈ ਨਾਮ ਸਿਮਰਨ ਵੀ ਇੱਕ ਅਜਿਹਾ ਬਿਲਡਿੰਗ ਦਾ ਟਾਂਕਾ ਹੈ, ਜਿਸ ਨਾਲ ਆਤਮਾ ਨੂੰ ਪਰਮਾਤਮਾ ਨਾਲ ਜੋੜਿਆ ਜਾਂਦਾ ਹੈ। ਜਿਵੇਂ ਸਾਡੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਖੁਰਾਕ ਦੀ ਲੋੜ ਹੁੰਦੀ ਹੈ, ਉਸੇ ਤਰ੍ਹਾਂ ਹੀ ਸਾਡੇ ਮਨ ਨੂੰ ਸੰਸਾਰਕ ਮਾਇਆ ਦੇ ਪ੍ਰਭਾਵਾਂ ਤੋਂ ਬਚਾਉਣ ਵਾਸਤੇ ਨਾਮ ਸਿਮਰਨ ਦੀ ਲੋੜ ਹੁੰਦੀ ਹੈ। ਮਹਾਂਪੁਰਸ਼ਾਂ ਨੇ ਜੋਰ ਦਿੰਦਿਆਂ ਕਿਹਾ ਕਿ ਨਾਮ ਸਿਮਰਨ ਆਤਮਾ ਦੀ ਖੁਰਾਕ ਹੈ, ਅਜੋਕੇ ਦੌਰ ਚ ਪੂਰੇ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਚ ਪੰਜ ਪਿਆਰੇ ਜਗਿਆਸੂ ਨੂੰ ਅੰਮ੍ਰਿਤ ਦੀ ਦਾਤ ਦੇ ਕੇ ਗੁਰਬਾਣੀ ਦੇ ਸ਼ਬਦ ਦੀ ਬਖਸ਼ਿਸ਼ ਕਰਦੇ ਹਨ। ਅਸੀਂ ਵੀ ਗੁਰੂ ਦੇ ਪਿਆਰਿਆਂ ਜਾਂ ਰੱਬੀ ਰੰਗ ਵਿਚ ਰੰਗੀਆਂ ਅਭੇਦ ਰੂਹਾਂ ਵੱਲੋਂ ਜਗਿਆਸੂਆਂ ਨੂੰ ਬਖਸ਼ਿਸ਼ ਸ਼ਬਦ ਮਨ ਵਿੱਚ ਵਸਾਉਣਾ ਹੈ।

ਸੇਰੀਕਲਚਰ ਨਾਲ ਡੇਰਾਬੱਸੀ ਦੀਆਂ ਮਹਿਲਾਵਾਂ ਬਣ ਰਹੀਆਂ ਨੇ ਆਤਮ ਨਿਰਭਰ

ਲਾਲੜੂ, 26 ਅਪ੍ਰੈਲ (ਮਨਦੀਪ ਵਰਮਾ/ਯੋਗੇਸ਼ ਰਾਣਾ) ਡੇਰਾਬੱਸੀ ਇਲਾਕੇ ਦੇ ਪਿੰਡ ਸੰਗੋਥਾਂ ਵਿੱਚ ਭਾਜਪਾ ਆਗੂ ਮਨਪ੍ਰੀਤ ਸਿੰਘ ਬੰਨੀ ਸੰਧੂ ਦੀ ਅਗਵਾਈ ਹੇਠ ਇੱਕ ਵਿਸ਼ਾਲ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਭਾਜਪਾ ਦੇ ਜ਼ਿਲ੍ਹਾ ਸੈਕਟਰੀ ਜਗਦੀਪ ਔਜਲਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

ਪ੍ਰੋਗਰਾਮ ਦਾ ਮੁੱਖ ਉਦੇਸ਼ ਕੇਂਦਰ ਸਰਕਾਰ ਦੀਆਂ ਮਹਿਲਾ ਸਸ਼ਕਤੀਕਰਨ ਯੋਜਨਾਵਾਂ, ਖਾਸ ਕਰਕੇ ਲਖਪਤੀ ਦੀਦੀ ਸਕੀਮ ਦੇ ਤਹਿਤ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਲਈ ਪ੍ਰੇਰਿਤ ਕਰਨਾ ਸੀ। ਸਤਨਾਮ ਸਿੰਘ ਸੰਧੂ ਨੇ ਭਰੋਸਾ ਦਿਵਾਇਆ ਕਿ ਪਿੰਡਾਂ ਨਾਲ ਸੰਬੰਧਤ ਮਸਲੇ ਪ੍ਰਧਾਨ ਮੰਤਰੀ ਤੱਕ ਪਹੁੰਚਾਏ ਜਾਣਗੇ ਅਤੇ ਮਹਿਲਾਵਾਂ ਲਈ ਸਕਿਲ ਡਿਵੈਲਪਮੈਂਟ, ਪਿੰਡਾਂ ਲਈ ਟਰਾਂਸਪੋਰਟ ਅਤੇ ਮਾਰਕੀਟਿੰਗ ਦੇ ਖੇਤਰ ਵਿੱਚ ਹੋਰ ਉਪਰਾਲੇ ਕੀਤੇ ਜਾਣਗੇ।ਇਸ ਮੌਕੇ ਲਗਭਗ 1200 ਮਹਿਲਾਵਾਂ ਨੇ ਵੱਖ-ਵੱਖ ਪਿੰਡਾਂ ਤੋਂ ਹਿੱਸਾ ਲਿਆ ਅਤੇ ਆਪਣੇ ਹੁਨਰ ਦੀ ਪ੍ਰਦਰਸ਼ਨੀ ਲਗਾਈ। ਪ੍ਰਦਰਸ਼ਨੀ ਵਿੱਚ ਹੱਥ ਦੀ ਕਢਾਈ, ਪੰਜਾਬੀ ਜੁੱਤੀਆਂ, ਫੁਲਕਾਰੀ, ਸਵੈਟਰ, ਕੋਟੀਆਂ, ਸਿਲਾਈ, ਕਰੋਸ਼ੀਆ ਵਰਕ, ਖਿਡੌਣੇ ਅਤੇ ਮਿੱਟੀ ਦੇ ਸੁੰਦਰ ਸਜਾਵਟੀ ਦੀਵੇ ਆਦਿ ਦੇ ਨਮੂਨੇ ਸ਼ਾਮਲ ਸਨ।

ਮਨਪ੍ਰੀਤ ਸਿੰਘ ਬੰਨੀ ਸੰਧੂ ਨੇ ਕਿਹਾ ਕਿ ਇਹ ਪ੍ਰਤਿਭਾਸ਼ੀਲ ਮਹਿਲਾਵਾਂ ਦਾ ਇਕ ਵੱਡਾ ਇਕੱਠ ਹੈ ਅਤੇ ਉਹਨਾਂ ਨੇ ਭਰੋਸਾ ਦਿੱਤਾ ਕਿ ਇਲਾਕੇ ਦੀਆਂ ਮਹਿਲਾਵਾਂ ਨੂੰ ਹਰ ਪੱਧਰ 'ਤੇ ਪੂਰਾ ਸਹਿਯੋਗ ਦਿੱਤਾ ਜਾਵੇਗਾ ਅਤੇ ਕੇਂਦਰ ਦੀਆਂ ਯੋਜਨਾਵਾਂ ਘਰ-ਘਰ ਤੱਕ ਪਹੁੰਚਾਈਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਡੇਰਾਬੱਸੀ ਖੇਤਰ ਵਿੱਚ ਇਸ ਸਮੇਂ ਲਗਭਗ 400 ਤੋਂ ਵੱਧ ਸੈਲਫ਼ ਹੈਲਪ ਗਰੁੱਪ ਸਰਗਰਮ ਹਨ, ਜਿਨ੍ਹਾਂ ਰਾਹੀਂ ਮਹਿਲਾਵਾਂ ਨਾ ਸਿਰਫ਼ ਆਪਣੇ ਰਵਾਇਤੀ ਹੁਨਰ ਨੂੰ ਨਿਖਾਰ ਰਹੀਆਂ ਹਨ, ਸਗੋਂ ਘਰ ਬੈਠੇ ਆਮਦਨ ਦੇ ਨਵੇਂ ਸਰੋਤ ਵੀ ਤਿਆਰ ਕਰ ਰਹੀਆਂ ਹਨ। ਖਾਸ ਕਰਕੇ 'ਸੇਰੀਕਲਚਰ' (ਰੇਸ਼ਮ ਉਤਪਾਦਨ) ਪ੍ਰੋਜੈਕਟ ਨੇ ਮਹਿਲਾਵਾਂ ਲਈ ਨਵੀਆਂ ਸੰਭਾਵਨਾਵਾਂ ਖੋਲ੍ਹੀਆਂ ਹਨ, ਜਿਸ ਨਾਲ ਉਹ ਤਕਨੀਕੀ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਹੋਣਗੀਆਂ।ਇਹ ਪ੍ਰੋਜੈਕਟ ਪੰਜਾਬ ਵਿੱਚ ਆਪਣੀ ਕਿਸਮ ਦਾ ਪਹਿਲਾ ਵੱਡਾ ਮਾਡਲ ਮੰਨਿਆ ਜਾ ਰਿਹਾ ਹੈ, ਜੋ ਪਿੰਡਾਂ ਦੀ ਅਰਥਵਿਵਸਥਾ ਨੂੰ ਨਵੀਂ ਦਿਸ਼ਾ ਦੇ ਸਕਦਾ ਹੈ। ਮਹਿਲਾਵਾਂ ਦੀ ਸਰਗਰਮ ਭਾਗੀਦਾਰੀ ਅਤੇ ਸਰਕਾਰੀ ਸਹਿਯੋਗ ਨਾਲ ਡੇਰਾਬੱਸੀ ਹੁਣ ਆਤਮਨਿਰਭਰ ਭਾਰਤ ਵੱਲ ਇੱਕ ਮਜ਼ਬੂਤ ਕਦਮ ਵਜੋਂ ਉਭਰ ਰਿਹਾ ਹੈ। ਇਸ ਮੌਕੇ ਭਾਜਪਾ ਓ ਬੀ ਸੀ ਮੋਰਚਾ ਪੰਜਾਬ ਦੇ ਵਾਈਸ ਪ੍ਰਧਾਨ ਰਵਿੰਦਰ ਵੈਸ਼ਨਵ, ਬੰਟੀ ਸ਼ਰਮਾ, ਰਿੰਕੂ ਪੰਡੀਤ, ਪ੍ਰਿਤੀ ਸ਼ਰਮਾ, ਪਰੋਮੀਲਾ, ਬਬਲੀ, ਅਤੇ ਨਿਸਾ ਜੀ ਅਪਣੇ ਸਾਥੀਆਂ ਸਮੇਤ ਹਾਜ਼ਰ ਸਨ।

ਅਣਪਛਾਤੀ ਲਾਸ਼ ਮਿਲੀ

ਪਟਿਆਲਾ, 26 ਅਪ੍ਰੈਲ (ਚ.ਨ.ਸ.): ਜੀ.ਆਰ.ਪੀ. ਦੇ ਸਹਾਇਕ ਥਾਣੇਦਾਰ ਕਰਨੈਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਕ ਇਤਲਾਹ ਮਿਲੀ ਕਿ ਰੇਲਵੇ ਬ੍ਰਿਜ ਡੀ.ਸੀ.ਡਬਲਿਊ ਪਟਿਆਲਾ ਦੌਣ ਕਲਾਂ ਪਾਸ ਇਕ ਲਾਸ਼ ਪਈ ਹੈ। ਮੌਕੇ 'ਤੇ ਪੁੱਜਕੇ ਕਾਰਵਾਈ ਅਮਲ ਵਿਚ ਲਿਆਂਦੀ ਗਈ। ਮ੍ਰਿਤਕ ਦੀ ਅਜੇ ਤਕ ਪਛਾਣ ਨਾ ਹੋਣ ਕਾਰਨ ਰਾਜਿੰਦਰ ਹਸਪਤਾਲ ਦੀ ਮੋਰਚਰੀ ਵਿਚ ਰੱਖਿਆ ਗਿਆ ਸੀ। ਲਾਸ਼ ਗਲੀ ਸੜੀ ਅਤੇ ਕਾਫੀ ਪੁਰਾਣੀ ਜਾਪਦੀ ਹੈ। ਮ੍ਰਿਤਕ ਦੇ ਕਾਲੀ ਟੀ ਸ਼ਰਟ, ਨੀਲੀ ਅੰਡਰ ਵੀਅਰ ਪਾਈ ਹੋਈ ਹੈ।

72 ਕਣਕ ਦੀਆਂ ਬੋਰੀਆਂ ਚੋਰੀ

ਪਟਿਆਲਾ, 26 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਸਦਰ ਪਟਿਆਲਾ ਪੁਲਿਸ ਕੋਲ ਮੋਹਨ ਕੁਮਾਰ ਪੁੱਤਰ ਰਾਮ ਈਸ਼ਵਰ ਵਾਸੀ ਮਹਿੰਦਰਾ ਕੰਪਲੈਕਸ ਪਟਿਆਲਾ ਨੇ ਕਥਿਤ ਦੋਸ਼ੀਆਂ ਸੁਦਾਮ ਵਾਸੀ ਲੱਕੜ ਮੰਡੀ ਪਟਿਆਲਾ ਅਤੇ ਰਣਜੀਤ ਸਿੰਘ ਵਾਸੀ ਭਗਤ ਸਿੰਘ ਕਲੋਨੀ ਫੋਕਲ ਪੁਆਇੰਟ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਆੜ੍ਹਤ ਦਾ ਕੰਮ ਹੈ ਅਤੇ ਪਿੰਡ ਦੌਣ ਕਲਾਂ ਵਿਖੇ ਕਣਕ ਦੀ ਸੇਲ-ਪ੍ਰਚੇਜ ਦੀ ਦੁਕਾਨ ਹੈ, ਰਾਤ ਨੂੰ ਉਕਤ ਕਥਿਤ ਦੋਸ਼ੀ ਗੱਡੀ 'ਤੇ ਸਵਾਰ ਹੋ ਆਏ ਅਤੇ 72 ਕਣਕ ਦੀਆ ਬੋਰੀਆਂ ਪ੍ਰਤੀ ਬੋਰੀ ਵਜਨ 50 ਕਿਲੋ ਚੋਰੀ ਕਰਕੇ ਲੈ ਗਏ। ਪੁਲਿਸ ਨੇ ਧਾਰਾ 303(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

ਦਮਨਦੀਪ ਸਿੰਘ ਪ੍ਰਿੰਟਰ, ਪਬਲਿਸ਼ਰ ਅਤੇ ਐਡੀਟਰ ਨੇ ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ, 593, ਐਸ.ਐਸ.ਟੀ. ਨਗਰ, ਪਟਿਆਲਾ ਦੇ ਕੀਪਰ ਪਰਮਜੀਤ ਸਿੰਘ ਤੋਂ ਛਪਵਾ ਕੇ ਦਫ਼ਤਰ 'ਰੋਜ਼ਾਨਾ ਚੜ੍ਹਦੀਕਲਾ', 3205 ਸੈਕਟਰ 44-ਡੀ, ਚੰਡੀਗੜ੍ਹ ਤੋਂ ਪ੍ਰਕਾਸ਼ਿਤ ਕੀਤਾ। ਮਾਲਕ: ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ, ਪ੍ਰਾਈਵੇਟ ਲਿਮਟਿਡ।

PRGI (RNI) Regd. No. CHPUN/25/A1790

Printed, Published & Edited by Damandeep Singh on behalf of Charhdikala Printing Press Pvt. Ltd. Printed at Charhdikala Printing Press, 593, SST Nagar, Patiala keeper Paramjit Singh, Published at Office Daily Charhdikala, 3205, Sector 44-D, Chandigarh.

PRGI (RNI) Regd. No. CHPUN/25/A1790

ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ 'ਚ ਰਹੋ।

ਡਾਇਰੈਕਟੋਰੇਟ ਛੋਟੀਆਂ ਬਚਤਾਂ, ਬੈਂਕਿੰਗ ਅਤੇ ਲਾਟਰੀਆਂ, ਪੰਜਾਬ

ਪੰਜਾਬ ਰਾਜ ਡੀਅਰ 50 ਰੋਜ਼ਰ ਐਤਵਾਰ ਹਫ਼ਤਾਵਾਰੀ ਲਾਟਰੀ ਦਾ ਨਤੀਜਾ

ਡਰਾਅ ਦਾ ਸਮਾਂ : ਸ਼ਾਮ 05.00 ਵਜੇ ਤੋਂ — ਮਿਤੀ : 26.04.2026

ਮੁੱਲ ਰੁਪਏ 50/- ਪ੍ਰਤੀ ਟਿਕਟ

ਪਹਿਲੇ ਇਨਾਮ ਦੀ ਰਾਸ਼ੀ (1) ਰੁ. 15 ਲੱਖ (ਲੜੀਆਂ ਨਾਲ 5 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 1 ਲੱਖ + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 25 ਹਜ਼ਾਰ, ਕੁੱਲ ਇਨਾਮੀ ਰਾਸ਼ੀ ਰੁਪਏ 16.25 ਲੱਖ)

E 59998

ਦੂਜੇ ਇਨਾਮ ਦੀ ਰਾਸ਼ੀ (25) ਰੁ. 9,000/- (5 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 900/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 10,000/- ਹਰੇਕ)

63510 66300 75165 88377 93142

ਤੀਜੇ ਇਨਾਮ ਦੀ ਰਾਸ਼ੀ (50) ਰੁ. 4,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 500/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 4,600/- ਹਰੇਕ)

0437 4610

ਚੌਥੇ ਇਨਾਮ ਦੀ ਰਾਸ਼ੀ (125) ਰੁ. 2,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 200/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 2,250/- ਹਰੇਕ)

1176 1259 2124 5813 7436

ਪੰਜਵੇਂ ਇਨਾਮ ਦੀ ਰਾਸ਼ੀ (125) ਰੁ. 1000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 100/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 1,150/- ਹਰੇਕ)

0162 0794 5246 5907 9217

ਛੇਵੇਂ ਇਨਾਮ ਦੀ ਰਾਸ਼ੀ (125) ਰੁ. 500/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 50/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 20/-, ਕੁੱਲ ਇਨਾਮੀ ਰਾਸ਼ੀ ਰੁਪਏ 570/- ਹਰੇਕ)

2100 2258 3058 3597 9486

ਸੱਤਵੇਂ ਇਨਾਮ ਦੀ ਰਾਸ਼ੀ (17,500) ਰੁ. 100/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 10/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 5/-, ਕੁੱਲ ਇਨਾਮੀ ਰਾਸ਼ੀ ਰੁਪਏ 115/- ਹਰੇਕ)

0017	0025	0027	0036	0073	0087	0093	0094	0112	0120
0125	0140	0147	0163	0184	0189	0200	0203	0212	0221
0273	0283	0290	0298	0305	0352	0413	0417	0420	0430
0450	0471	0482	0508	0527	0566	0580	0588	0598	0613
0637	0662	0667	0672	0713	0716	0733	0766	0773	0781
0797	0801	0804	0812	0817	0827	0847	0851	0857	0858
0859	0864	0879	0881	0891	0908	0925	0939	0944	0985
0991	0992	0997	1003	1022	1027	1031	1040	1043	1045
1047	1082	1085	1105	1116	1128	1139	1157	1172	1173
1211	1224	1228	1247	1253	1270	1277	1294	1301	1314
1319	1325	1345	1363	1371	1372	1374	1383	1393	1395
1405	1408	1431	1462	1516	1566	1568	1593	1597	1621
1625	1632	1646	1650	1667	1684	1706	1707	1733	1747
1801	1807	1840	1842	1858	1863	1868	1881	1904	1910
1914	1922	1954	1964	1974	1990	2009	2034	2056	2063
2076	2087	2110	2138	2162	2163	2165	2176	2180	2184
2185	2193	2217	2218	2221	2231	2243	2305	2317	2321
2329	2357	2369	2373	2386	2425	2431	2440	2446	2461
2467	2471	2475	2492	2498	2516	2520	2524	2530	2545
2554	2560	2590	2594	2602	2607	2611	2617	2618	2627
2661	2669	2674	2739	2783	2797	2816	2826	2838	2846
2848	2852	2857	2872	2893	2902	2903	2914	2915	2935
2950	2952	3019	3056	3070	3072	3092	3099	3107	3108
3133	3136	3143	3150	3157	3161	3166	3170	3184	3202
3250	3256	3265	3310	3311	3361	3368	3375	3398	3412
3418	3419	3422	3461	3463	3506	3518	3577	3581	3632
3643	3655	3663	3675	3710	3716	3719	3739	3767	3789
3798	3800	3840	3866	3871	3912	3936	3937	3948	3967
3976	3989	4002	4033	4044	4111	4121	4129	4132	4136
4178	4206	4217	4221	4225	4273	4312	4315	4353	4363
4387	4447	4448	4459	4469	4478	4512	4530	4535	4538
4543	4548	4549	4552	4554	4567	4663	4680	4690	4710
4717	4728	4732	4736	4737	4738	4748	4769	4776	4780
4783	4805	4811	4854	4856	4875	4887	4893	4897	4968
4979	4992	4995	5000	5001	5061	5066	5067	5079	5083
5105	5125	5126	5138	5156	5158	5184	5253	5316	5326
5330	5331	5344	5375	5388	5391	5414	5422	5426	5450
5454	5466	5473	5475	5498	5523	5532	5548	5571	5598
5604	5606	5633	5654	5656	5752	5801	5803	5812	5837
5858	5864	5878	5891	5894	5896	5927	5933	5937	5959
5962	5984	5998	6009	6015	6017	6038	6081	6085	6091
6116	6125	6130	6131	6143	6154	6168	6183	6222	6225
6236	6257	6263	6264	6278	6309	6315	6318	6350	6356
6365	6388	6393	6399	6414	6425	6428	6436	6439	6442
6445	6465	6468	6474	6500	6508	6521	6534	6567	6606
6610	6620	6628	6631	6653	6673	6677	6681	6700	6714
6717	6722	6742	6783	6787	6789	6858	6888	6906	6907
6943	6944	6971	6995	6996	7007	7017	7022	7026	7028
7031	7040	7049	7051	7061	7087	7093	7125	7134	7137
7171	7244	7255	7261	7271	7278	7281	7283	7284	7287
7289	7293	7311	7323	7337	7346	7383	7384	7388	7394
7458	7459	7471	7488	7489	7506	7544	7577	7586	7605
7609	7611	7612	7628	7630	7632	7641	7642	7647	7651
7658	7693	7697	7700	7713	7721	7733	7740	7746	7747
7759	7778	7781	7815	7857	7888	7894	7912	7918	7930
7960	7981	7990	7999	8014	8026	8057	8066	8075	8122
8124	8140	8150	8159	8169	8183	8188	8190	8192	8199
8213	8232	8234	8267	8279	8295	8304	8306	8325	8351
8358	8362	8364	8368	8379	8395	8404	8414	8425	8427
8431	8434	8452	8459	8479	8530	8567	8579	8596	8603
8641	8644	8647	8649	8659	8660	8695	8702	8713	8717
8721	8800	8810	8814	8816	8828	8840	8849	8851	8867
8872	8918	8925	8932	8936	8985	8988	9005	9014	9021
9022	9037	9042	9051	9055	9060	9069	9086	9089	9113
9114	9117	9124	9138	9148	9205	9211	9245	9274	9292
9322	9326	9341	9367	9375	9394	9399	9405	9421	9422
9441	9442	9447	9473	9477	9509	9513	9516	9523	9530
9553	9580	9595	9597	9620	9628	9633	9651	9687	9704
9746	9781	9782	9784	9801	9810	9831	9833	9839	9853
9856	9881	9894	9911	9914	9919	9946	9957	9989	9999

ਜਾਰੀ ਕਰਤਾ ਡਾਇਰੈਕਟੋਰੇਟ ਛੋਟੀਆਂ ਬਚਤਾਂ, ਬੈਂਕਿੰਗ ਅਤੇ ਲਾਟਰੀਆਂ, ਪੰਜਾਬ
ਕਿਰਪਾ ਕਰਕੇ ਅੰਤਿਮ ਨਤੀਜਾ ਅਧਿਕਾਰਤ ਗਜ਼ਟ ਅਧਿਸੂਚਨਾ ਵਿਚ ਦੇਖੋ।

RO.No.PR-Advt.No.3924/11/2026-27/10263/Dated CHD : 10.04.2026

'ਆਪ' ਛੱਡ ਕੇ ਭਾਜਪਾ 'ਚ ਜਾਣ ਵਾਲੇ ਰਾਜ ਸਭਾ ਮੈਂਬਰਾਂ 'ਤੇ ਭੜਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ, ਦੱਸਿਆ ਪੰਜਾਬ ਦੇ ਗ਼ੱਦਾਰ

ਲਹਿਰਾਗਾਗਾ, 26 ਅਪ੍ਰੈਲ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ) :ਪਿਛਲੇ ਦਿਨੀਂ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਵੱਲੋਂ ਭਾਜਪਾ ਵਿੱਚ ਜਾਣ ਤੋਂ ਬਾਅਦ ਪੰਜਾਬ ਦੇ ਲੋਕਾਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਹੈ, ਜਿਸਦੇ ਚੱਲਦਿਆ ਅੱਜ ਲਹਿਰਾਗਾਗਾ ਵਿਖੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵੱਲੋਂ ਭਾਜਪਾ ਵਿੱਚ ਸ਼ਾਮਿਲ ਹੋਣ ਵਾਲੇ ਰਾਜ ਸਭਾ ਮੈਂਬਰਾਂ ਦੇ ਪੁਤਲੇ ਸਾੜੇ ਗਏ ਅਤੇ ਉਹਨਾਂ ਨੂੰ ਪੰਜਾਬ ਦੇ ਗੱਦਾਰ ਹੋਣ ਦਾ ਰੁਤਬਾ ਦਿੱਤਾ ਗਿਆ। ਇਸ ਮੌਕੇ ਮੰਤਰੀ ਗੋਇਲ ਨੇ ਕਿਹਾ ਕਿ ਭਾਜਪਾ ਹਮੇਸ਼ਾ ਤੋਂ ਹੀ ਪੰਜਾਬ ਅਤੇ ਕਿਸਾਨ ਵਿਰੋਧੀ ਰਹੀ ਹੈ, ਪਰ ਭਾਜਪਾ ਨੂੰ ਇਹ ਭੁਲੇਖਾ ਦੂਰ ਕਰ ਦੇਣਾ ਚਾਹੀਦਾ ਕਿ 7 ਰਾਜ ਸਭਾ ਮੈਂਬਰਾਂ ਨੂੰ ਤੋੜ ਕੇ ਉਹ ਪੰਜਾਬ ਦੀ ਸੱਤਾ 'ਤੇ ਕਾਬਜ ਹੋ ਜਾਵੇਗੀ। ਇਹ ਉਸਦਾ ਸਿਰਫ ਸਪਨਾ ਬਣਕੇ ਰਹਿ ਜਾਵੇਗਾ, ਕਿਉਂਕਿ ਸੱਤ ਮੈਂਬਰ ਪਾਰਟੀ ਨਹੀਂ ਹੁੰਦੇ, ਪਾਰਟੀ ਤੋਂ ਵੱਡਾ ਕੋਈ ਨਹੀਂ ਹੁੰਦਾ, ਜਿਸਦੇ ਚੱਲਦੇ ਕੁਝ ਸਮੇਂ ਬਾਅਦ ਉਕਤ ਭਾਜਪਾ ਵਿੱਚ ਜਾਣ ਵਾਲੇ ਰਾਜਸਭਾ ਮੈਂਬਰਾਂ ਨੂੰ ਕਿਸੇ ਨੇ ਪੁੱਛਣਾ ਨਹੀਂ, ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੇ ਲੋਕਾਂ ਦੀ ਪਾਰਟੀ ਹੈ, ਹਰ ਵਰਗ ਨੂੰ 600 ਯੂਨਿਟ ਬਿਜਲੀ ਮਾਫ ਕਰਨਾ, 60 ਹਜ਼ਾਰ ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦੇਣਾ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਆਮ ਆਦਮੀ ਪਾਰਟੀ ਸਰਕਾਰ ਦੇ ਇਤਿਹਾਸਿਕ ਕੰਮ ਹਨ, ਜਿਸ ਨੂੰ ਪੰਜਾਬ ਦੇ ਇਤਿਹਾਸ ਦੇ ਸੁਨਹਿਰੇ ਪੰਨਿਆਂ 'ਤੇ ਲਿਖਿਆ ਜਾਵੇਗਾ। ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਬਚਨਵੱਧ ਹਨ। ਇਸ ਮੌਕੇ ਆਪ ਵਲੰਟੀਅਰ ਵੱਲੋਂ ਜਿੱਥੇ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਭਗਵੰਤ ਮਾਨ, ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੇ ਹੱਕ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ, ਉੱਥੇ ਹੀ ਭਾਜਪਾ ਵਿੱਚ ਜਾਣ ਵਾਲੇ ਆਮ ਆਦਮੀ ਪਾਰਟੀ ਦੇ ਰਾਜਸਭਾ ਮੈਂਬਰਾਂ ਨੂੰ ਪੰਜਾਬ ਦੇ ਗੱਦਾਰ ਕਹਿ ਕੇ ਨਾਅਰੇਬਾਜ਼ੀ ਕੀਤੀ ਗਈ, ਇਸ ਮੌਕੇ ਵਿਸ਼ੇਸ਼ ਤੌਰ 'ਤੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦੇ ਧਰਮ ਪਤਨੀ ਸ਼੍ਰੀਮਤੀ ਸੀਮਾ ਗੋਇਲ ਸੈਂਕੜੇ ਮਹਿਲਾਵਾਂ ਨਾਲ, ਕੈਬਨਿਟ ਮੰਤਰੀ ਗੋਇਲ ਦੇ ਬੇਟੇ ਗੌਰਵ ਗੋਇਲ, ਓਐਸਡੀ ਰਕੇਸ਼ ਕੁਮਾਰ ਗੁਪਤਾ, ਆਪ ਦੇ ਆਗੂ ਅਜੇ ਕੁਮਾਰ ਠੋਲੀ, ਗੁਰਲਾਲ ਸਿੰਘ ਤੋ ਇਲਾਵਾ ਸੈਂਕੜੇ ਵਲੰਟੀਅਰ ਹਾਜ਼ਰ ਸਨ।

ਗਰਿੱਡ ਜੰਡਸਰ 66 ਕੇਵੀ ਲਈ ਜ਼ਮੀਨ ਦੇਣ ਵਾਲੇ ਤਿੰਨ ਪਿੰਡਾਂ ਨੂੰ ਕਰੋੜਾਂ ਦਾ ਨੁਕਸਾਨ

ਤਪਾ ਮੰਡੀ, 26 ਅਪ੍ਰੈਲ (ਭੂਸ਼ਨ ਘੜੈਲਾ) : ਪੰਜਾਬ ਸਰਕਾਰ ਵੱਲੋਂ ਸਾਲ 2010 ਵਿੱਚ ਇੱਕ ਮਹੱਤਵਪੂਰਨ ਯੋਜਨਾ ਤਹਿਤ ਇਹ ਐਲਾਨ ਕੀਤਾ ਗਿਆ ਸੀ ਕਿ ਜਿਹੜੇ ਪਿੰਡ ਬਿਜਲੀ ਬੋਰਡ ਨੂੰ ਗਰਿੱਡ ਬਣਾਉਣ ਲਈ ਜ਼ਮੀਨ ਦੇਣਗੇ, ਉਹਨਾਂ ਪਿੰਡਾਂ ਨੂੰ ਕੈਟਾਗਰੀ-1 ਵਿੱਚ ਸ਼ਾਮਲ ਕਰਕੇ 24 ਘੰਟੇ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾਵੇਗੀ। ਇਸ ਯੋਜਨਾ ਤਹਿਤ ਪਿੰਡ ਜੰਡਸਰ, ਮੌੜ ਮਕਸੂਥਾ ਅਤੇ ਧਰਮਪੁਰਾ ਦੇ ਲੋਕਾਂ ਨੇ ਸਾਂਝੀ ਤੌਰ 'ਤੇ ਲਗਭਗ ਤਿੰਨ ਕਿੱਲੇ ਜ਼ਮੀਨ ਪਾਵਰਕਾਮ ਵਿਭਾਗ ਨੂੰ ਗਰਿੱਡ ਜੰਡਸਰ 66 ਕੇਵੀ ਲਈ ਦਿੱਤੀ ਸੀ। ਪਰੰਤੂ 16 ਸਾਲ ਬੀਤ ਜਾਣ ਦੇ ਬਾਵਜੂਦ ਵੀ ਇਨ੍ਹਾਂ ਪਿੰਡਾਂ ਨੂੰ ਕੈਟਾਗਰੀ-1 ਵਿੱਚ ਸ਼ਾਮਲ ਨਹੀਂ ਕੀਤਾ ਗਿਆ। ਇਸ ਕਾਰਨ ਪਿੰਡ ਵਾਸੀਆਂ ਨੂੰ ਅਜੇ ਵੀ ਲੰਬੇ ਬਿਜਲੀ ਕੱਟਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਨਾਲ ਲੋਕਾਂ ਵਿੱਚ ਗਹਿਰੀ ਨਾਰਾਜ਼ਗੀ ਪਾਈ ਜਾ ਰਹੀ ਹੈ। ਪਿੰਡ ਵਾਸੀਆਂ ਦੇ ਅਨੁਸਾਰ, ਇੱਕ ਕਿੱਲੇ ਜ਼ਮੀਨ ਦੀ ਕੀਮਤ ਲੱਗਭੱਗ 70 ਲੱਖ ਰੁਪਏ ਹੈ, ਜਿਸ ਮੁਤਾਬਕ ਤਿੰਨ ਕਿੱਲਿਆਂ ਦੀ ਕੁੱਲ ਕੀਮਤ ਦੋ ਕਰੋੜ ਰੁਪਏ ਤੋਂ ਵੱਧ ਬਣਦੀ ਹੈ। ਇਸ ਮਸਲੇ ਨੂੰ ਲੈ ਕੇ ਤਿੰਨਾਂ ਪਿੰਡਾਂ ਵਿੱਚ ਵੱਡਾ ਇਕੱਠ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕ ਅਤੇ ਕਿਸਾਨ ਯੂਨੀਅਨਾਂ ਦੇ ਆਗੂ ਸ਼ਾਮਲ ਹੋਏ। ਇਕੱਠ ਦੌਰਾਨ ਪਿੰਡ ਵਾਸੀਆਂ ਨੇ ਇੱਕਸੁਰ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਹੀ ਉਨ੍ਹਾਂ ਨੂੰ ਕੈਟਾਗਰੀ-1 ਦਾ ਦਰਜਾ ਨਾ ਦਿੱਤਾ ਗਿਆ, ਤਾਂ ਉਹ ਬਿਜਲੀ ਬੋਰਡ ਤੋਂ ਆਪਣੀ ਜ਼ਮੀਨ ਵਾਪਸ ਲੈਣ ਲਈ ਸੰਘਰਸ਼ ਸ਼ੁਰੂ ਕਰਨਗੇ। ਪਿੰਡ ਜੰਡਸਰ ਦੇ ਸਰਪੰਚ ਹਰਚਰਨ ਸਿੰਘ ਨੇ ਕਿਹਾ ਕਿ ਪਾਵਰਕਾਮ ਵਿਭਾਗ ਨੇ ਲੋਕਾਂ ਨਾਲ ਵੱਡਾ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੇ ਭਰੋਸੇ ਨਾਲ ਜ਼ਮੀਨ ਦਿੱਤੀ ਸੀ, ਪਰ ਅੱਜ ਤੱਕ ਕੋਈ ਲਾਭ ਨਹੀਂ ਮਿਲਿਆ। ਇਸੇ ਤਰ੍ਹਾਂ ਪਿੰਡ ਧਰਮਪੁਰਾ ਦੇ ਸਰਪੰਚ ਜਿੰਦਰਪਾਲ ਸਿੰਘ ਅਤੇ ਪਿੰਡ ਮੌੜ ਮਕਸੂਥਾ ਦੇ ਸਰਪੰਚ ਬਲਵਿੰਦਰ ਸਿੰਘ ਨੇ ਵੀ ਸਰਕਾਰ ਅਤੇ ਬਿਜਲੀ ਵਿਭਾਗ ਤੋਂ ਮੰਗ ਕੀਤੀ ਕਿ ਤੁਰੰਤ ਤੌਰ 'ਤੇ ਤਿੰਨਾਂ ਪਿੰਡਾਂ ਨੂੰ ਕੈਟਾਗਰੀ-1 ਵਿੱਚ ਸ਼ਾਮਲ ਕਰਕੇ ਨਿਆਂ ਕੀਤਾ ਜਾਵੇ। ਇਸ ਮੌਕੇ ਹਾਜ਼ਰ ਕਿਸਾਨ ਆਗੂਆਂ ਨੇ ਵੀ ਭਰੋਸਾ ਦਿਵਾਇਆ ਕਿ ਉਹ ਇਸ ਮਸਲੇ 'ਤੇ ਪਿੰਡ ਵਾਸੀਆਂ ਦੇ ਨਾਲ ਖੜ੍ਹੇ ਰਹਿਣਗੇ ਅਤੇ ਲੋੜ ਪੈਣ 'ਤੇ ਵੱਡਾ ਸੰਘਰਸ਼ ਕੀਤਾ ਜਾਵੇਗਾ।

ਆਈ.ਸੀ.ਆਈ.ਸੀ.ਆਈ. (ਐੱਨ.ਆਈ.ਆਈ.ਟੀ.) ਅਤੇ ਸੇਵਾ ਕੇਂਦਰ (ਟੈਰਾਸਿਸ ਕੰਪਨੀ) ਲਈ ਪਲੇਸਮੈਂਟ ਕੈਂਪ 28 ਨੂੰ

ਬਰਨਾਲਾ, 26 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ, ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦੀ ਯੋਗ ਅਗਵਾਈ ਅਤੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹਾ ਬਰਨਾਲਾ ਦੇ ਬੇਰੋਜ਼ਗਾਰ ਪ੍ਰਾਰਥੀਆਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਹਿੱਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ ਵੱਲੋਂ ਆਈ.ਸੀ.ਆਈ. ਸੀ.ਆਈ. (ਐੱਨ.ਆਈ.ਆਈ.ਟੀ.) ਅਤੇ ਸੇਵਾ ਕੇਂਦਰ (Terracis Tech) ਕੰਪਨੀ ਨਾਲ ਤਾਲਮੇਲ ਕਰਕੇ ਮਿਤੀ 28 ਅਪ੍ਰੈਲ (ਦਿਨ ਮੰਗਲਵਾਰ) ਨੂੰ ਸਵੇਰੇ 10:00 ਤੋਂ 01.00 ਵਜੇ ਤੱਕ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਰਨਾਲਾ, ਦੂਜੀ ਮੰਜ਼ਲ, ਡੀ.ਸੀ. ਕੰਪਲੈਕਸ, ਬਰਨਾਲਾ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਆਈ.ਸੀ.ਆਈ.ਸੀ.ਆਈ. ਬੈਂਕ ਕੰਪਨੀ ਵੱਲੋਂ ਰਿਲੇਸ਼ਨਸ਼ਿਪ ਮੈਨੇਜਰ ਦੀਆਂ ਅਸਾਮੀਆਂ (ਕੇਵਲ ਲੜਕੇ) ਲਈ ਭਰਤੀ ਕੀਤੀ ਜਾਣੀ ਹੈ। ਜਿਸ ਲਈ ਵਿੱਦਿਅਕ ਯੋਗਤਾ ਗਰੈਜੂਏਸ਼ਨ (50 ਪ੍ਰਤੀਸ਼ਤ ਨਾਲ), ਉਮਰ ਹੱਦ ਘੱਟੋ-ਘੱਟ 19 ਤੋਂ 25 ਸਾਲ, ਹੋਣਾ ਲਾਜ਼ਮੀ ਹੈ। ਟੈਰਾਸਿਸ ਕੰਪਟੀ ਵੱਲੋਂ ਕੰਪਿਊਟਰ ਓਪਰੇਟਰ ਦੀਆਂ ਅਸਾਮੀਆਂ (ਕੇਵਲ ਲੜਕੇ) ਲਈ ਭਰਤੀ ਕੀਤੀ ਜਾਣੀ ਹੈ। ਜਿਸ ਲਈ ਵਿੱਦਿਅਕ ਯੋਗਤਾ ਗਰੈਜੂਏਸ਼ਨ, ਉਮਰ ਹੱਦ ਘੱਟੋ-ਘੱਟ 20 ਤੋਂ 40 ਸਾਲ, ਟਾਈਪਿੰਗ ਸਪੀਡ ਅੰਗਰੇਜੀ 30 ਸ਼ਬਦ ਪ੍ਰਤੀ ਮਿੰਟ ਅਤੇ 120 ਘੰਟਿਆਂ (3 ਮਹੀਨੇ) ਦਾ ਕੰਪਿਊਟਰ ਡਿਪਲੋਮਾ ਹੋਣਾ ਲਾਜਮੀ ਹੈ। ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉੱਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ, ਬਰਨਾਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਕਤ ਅਸਾਮੀਆਂ ਲਈ ਇੰਟਰਵਿਊ ਦੌਰਾਨ ਪ੍ਰਾਰਥੀ ਕੋਲ ਰਿਜ਼ਊਮ ,ਅਧਾਰ ਕਾਰਡ ,ਅਤੇ ਯੋਗਤਾ ਦੇ ਸਰਟੀਫਿਕੇਟ ਹੋਣਾ ਲਾਜ਼ਮੀ ਹੈ।

ਸ੍ਰੀ ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੀ ਚੋਣ, ਦਰਸ਼ਨ ਮਿੱਤਲ 393 ਵੋਟਾ ਨਾਲ ਜੇਤੂ ਪ੍ਰਧਾਨ

ਸਮਾਣਾ, 26 ਅਪ੍ਰੈਲ (ਵਿਜੇ ਕੁਮਾਰ) ਸ੍ਰੀ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੀ ਅਬਜ਼ਰਵਰ ਐਸ.ਡੀ.ਐਮ. ਰਿਚਾ ਗੋਇਲ ਦੀ ਨਿਗਰਾਨੀ ਹੇਠ ਐਤਵਾਰ ਨੂੰ ਸਵੇਰੇ ਸ਼ੁਰੂ ਹੋਈ ਵੋਟਾਂ ਪਾਉਣ ਦੀ ਪ੍ਰਕਿਰਿਆ ਦੌਰਾਨ ਅਗਰਵਾਲ ਬਰਾਦਰੀ ਨਾਲ ਜੁੜੇ ਵੋਟਰਾ ਵਿਚ ਵੋਟ ਪਾਉਣ ਦਾ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਬਜ਼ੁਰਗਾਂ ਨੇ ਕੜਾਕੇ ਦੀ ਧੁੱਪ ਵਿੱਚ ਵੀ ਪਹੁੰਚ ਕੇ ਆਪਣੀਆਂ ਵੋਟਾਂ ਦਾ ਇਸਤੇਮਾਲ ਕੀਤਾ ।

ਪ੍ਰਧਾਨ ਅਤੇ 14 ਮੈਂਬਰਾਂ ਦੀ ਚੋਣ ਲਈ ਚੋਣ ਕਮੇਟੀ ਦੇ ਚੇਅਰਮੈਨ ਰਾਮ ਬਾਂਸਲ, ਵਾਇਸ ਚੇਅਰਮੈਨ ਵਿਜੇ ਮਿੱਤਲ, ਸੈਕਟਰੀ ਜੀਵਨ ਬਘਰੋਲ ਵੱਲੋਂ ਆਪਣੇ ਪੂਰੀ ਕਮੇਟੀ ਮੈਂਬਰ ਵਿਨੋਦ ਸਿੰਗਲਾ, ਬੀ ਕੇ ਗੁਪਤਾ, ਨਵੀਨ ਬਾਂਸਲ, ਰਕੇਸ਼ ਕਕਰਾਲਾ, ਸ਼ਸੀ ਭੂਸ਼ਣ ਸਿੰਗਲਾ,ਰਜਤ ਗੋਇਲ, ਸੁਮਿਤ ਸੈਂਟੀ ਵਨੀਤ ਗਰਗ, ਤਰਸੇਮ ਗਰਗ, ਵਿਨੋਦ ਸਿੰਗਲਾ ਮਨੀਸ਼ ਰੋਕੀ, ਪ੍ਰਿੰਸੀਪਲ ਅਨਿਰੁੱਧ ਗਰਗ ਦੇ ਸਹਿਯੋਗ ਨਾਲ ਇਸ ਕਾਰਜ ਨੂੰ ਸ਼ਾਂਤਮਈ ਢੰਗ ਨਾਲ ਨੇਪਰੇ ਚਾੜਦਿਆਂ ਨਤੀਜਿਆਂ ਦਾ ਐਲਾਨ ਕਰਦੇ ਹੋਏ ਦੱਸਿਆ ਕਿ

ਐਤਵਾਰ ਨੂੰ ਹੋਈ ਉਕਤ ਚੋਣ ਦੇ ਜਬਰਦਸਤ ਮੁਕਾਬਲਿਆ ਦੋਰਾਨ ਕੁੱਲ 3566 ਵੋਟਰਾਂ ਵਿੱਚੋਂ 3130 ਵੋਟਾਂ ਪੋਲ ਹੋਈਆਂ। ਜਿਸ ਵਿੱਚੋਂ ਦਰਸ਼ਨ ਮਿੱਤਲ ਸਾਦੀਪੁਰ ਵਾਲਿਆਂ ਨੂੰ@ 1748 ਵੋਟਾਂ ਅਤੇ ਦੇਵਕੀ ਨੰਦਨ ਸਿੰਗਲਾ ਨੂੰ 1355 ਵੋਟਾਂ ਮਿਲੀਆ ਜਿਸ ਕਾਰਨ ਦੇਵਕੀ ਨੰਦਨ ਸਿੰਗਲਾ ਵਿਰੋਧੀ ਉਮੀਦਵਾਰ ਤੋਂ 393 ਵੋਟਾ ਦੇ ਫਰਕ ਨਾਲ ਹਾਰ ਗਿਆ। ਇਸ ਚੋਣ ਦੌਰਾਨ ਮੈਂਬਰਾਂ ਦੀਆਂ ਕੁਲ 14 ਜੋਨਾਂ ਵਿਚੋਂ (6 ਜੋਨ) ਜੋਨ 'ਏ' ਤੋਂ ਪ੍ਰਵੇਸ਼ ਕੁਮਾਰ ਗਰਗ,ਜੋਨ 'ਡੀ' ਤੋਂ ਸਾਜਨ ਕੁਮਾਰ ਜਿੰਦਲ, ਜੋਨ 'ਈ' ਤੋਂ ਸੰਦੀਪ ਬਾਂਸਲ, ਜੋਨ 'ਐਫ' ਤੋਂ ਮਨੀਸ਼ ਕੁਮਾਰ, ਜੋਨ 'ਜੇ' ਤੋਂ ਨਵੀਨ ਕੁਮਾਰ ਗੋਇਲ ਅਤੇ ਜੋਨ 'ਐਨ' ਵਿਚੋਂ ਬ੍ਰਿਸ਼ਭਾਨ ਕਾਂਸਲ ਨੂੰ ਪਹਿਲਾ ਹੀ ਬਿਨਾਂ ਮੁਕਾਬਲਾ ਜੇਤੂ ਕਰਾਰ ਦੇ ਦਿੱਤਾ ਗਿਆ ਸੀ। ਅੱਜ ਹੋਈ 8 ਜੋਨਾਂ ਦੀ ਚੋਣ ਵਿਚ ਜੋਨ 'ਬੀ' ਤੋਂ ਗੌਰਵ ਜਿੰਦਲ 18 ਵੋਟਾ ਨਾਲ, ਜੋਨ 'ਸੀ ਤੋ ਸੰਜੀਵ ਮਿੱਤਲ 53 ਵੋਟਾ ਨਾਲ ,ਜੋਨ 'ਜੀ' ਤੋ ਰਵੀ ਕੁਮਾਰ ਟੀਮਾਂ 9 ਵੋਟਾ ਨਾਲ, ਜੋਨ ਐਚ ਤੋ ਵਿਕਾਸ ਸਿੰਗਲਾ 50 ਵੋਟਾ ਨਾਲ, ਜੋਨ 'ਆਈ' ਤੋਂ ਰਕੇਸ਼ ਕੁਮਾਰ 8 ਵੋਟਾ ਨਾਲ, ਜੋਨ 'ਕੇ ਤੋ ਨਿਸ਼ਾਂਤ ਸਿੰਗਲਾ 56 ਵੋਟਾ ਨਾਲ, ਜੋਨ ਐਲ' ਤੋਂ ਤਜਿੰਦਰ ਕੁਮਾਰ ਸੋਨੂ 9 ਵੋਟਾ ਨਾਲ, ਜੋਨ ਐਮ' ਤੋਂ ਰਿਸ਼ੂ ਸਿੰਗਲਾ 171 ਵੋਟਾ ਨਾਲ ਮੈਂਬਰੀ ਦੀ ਚੋਣ ਜਿੱਤੀ । ਵਰਨਣਯੋਗ ਹੈ ਕਿ ਅਗਰਵਾਲ ਬਿਰਾਦਰੀ ਦੀਆਂ ਚੋਣਾਂ ਹਰ ਤਿੰਨ ਸਾਲ ਬਾਅਦ ਹੁੰਦੀਆ ਹਨ। ਚੁਣੀ ਗਈ ਕਮੇਟੀ ਦੋ ਸਕੂਲਾਂ, ਮੰਦਰ ਅਤੇ ਦੁਕਾਨਾਂ ਦੇ ਪ੍ਰਬੰਧਾਂ ਦੀ ਦੇਖਰੇਖ ਕਰਦੀ ਹੈ ਇਸ ਸੰਸਥਾ ਦਾ ਬਜਟ ਕਰੋੜਾ ਰੁਪਏ ਸਲਾਨਾ ਹੈ। ।ਚੋਣ ਪ੍ਰੀਕਿਰਿਆ ਮੌਕੇ ਜਿੱਥੇ ਡਿਊਟੀ ਮੈਜਿਸਟ੍ਰੇਟ ,ਨਾਇਬ ਤਹਿਸੀਲਦਾਰ ਵਿਨੋਦ ਮਹਿਤਾ ਸਨ ਉਥੇ ਪੁਲਸ ਪ੍ਰਸ਼ਾਸ਼ਨ ਵੱਲੋਂ ਡੀ.ਐਸ.ਪੀ. ਸਮਾਣਾ ਫਤਿਹ ਸਿੰਘ ਬਰਾੜ, ਥਾਨਾ ਸਿਟੀ ਦੇ ਮੁੱਖੀ ਬਲਜੀਤ ਸਿੰਘ, ਸਦਰ ਥਾਣਾ ਮੁੱਖੀ ਅਜੇ ਕੁਮਾਰ ਪਰੋਚਾ ਵੀ ਭਾਰੀ ਪੁਲਸ ਪਾਰਟੀ ਨਾਲ ਪੁਜੇ ਹੋਏ ਸਨ।

ਨਿਊ ਪ੍ਰੈਸ ਕਲੱਬ ਰਾਜਪੁਰਾ ਵੱਲੋਂ 18ਵਾਂ ਮੁਫਤ ਮੈਡੀਕਲ ਕੈਂਪ ਸੰਪੰਨ

ਰਾਜਪੁਰਾ 26 ਅਪ੍ਰੈਲ (ਸੰਜੀਵ ਕੁਮਾਰ) ਅੱਜ ਨਿਊ ਪ੍ਰੈਸ ਕਲੱਬ ਰਾਜਪੁਰਾ ਵੱਲੋਂ ਐਸਡੀ ਮਾਡਲ ਸਕੂਲ ਵਿਖੇ ਮੈਡੀਕਲ ਕੈਂਪ ਲਗਾਇਆ ਗਿਆ ਇਸ ਕੈਂਪ ਵਿੱਚ ਅਲੱਗ ਅਲੱਗ ਬਿਮਾਰੀਆਂ ਦੇ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਮੁਫਤ ਟੈਸਟਾਂ ਤੋਂ ਇਲਾਵਾ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ ਇਸ ਕੈਂਪ ਵਿੱਚ ਦਿਲ ਦੇ ਰੋਗਾਂ ਦੇ ਮਾਹਿਰ ਡਾਕਟਰ ਸੁਰਿੰਦਰ ਕੁਮਾਰ, ਨੱਕ ਕੰਨ ਗਲੇ ਦੇ ਰੋਗਾਂ ਦੇ ਮਾਹਿਰ ਡਾਕਟਰ ਸੁਖਚੈਨ ਸਿੰਘ , ਅਤੇ ਦੰਦਾਂ ਦੇ ਮਾਹਿਰ ਡਾਕਟਰ ਨਵਦੀਪ ਕਵਾਲੀਆ, ਚਮੜੀ ਦੇ ਰੋਗਾਂ ਦੇ ਮਾਹਿਰ ਡਾਕਟਰ ਅਮਨਦੀਪ ਸਿੰਘ , ਹੱਡੀਆਂ ਦੇ ਮਾਹਿਰ ਡਾਕਟਰ ਸੂਰਜ ਯਾਦਵ , ਮੌਜੂਦ ਸਨ ਅਤੇ ਮਰੀਜ਼ਾਂ ਦੇ ਟੈਸਟ ਮਾਡਰਨ ਲੈਬੋਰਟਰੀ ਵੱਲੋਂ ਫਰੀ ਕੀਤੇ ਗਏ ਅਤੇ ਦਵਾਈਆਂ ਦਾ ਸਹਿਯੋਗ ਗੋਸਾਂਈ ਮੈਡੀਕਲ ਹਾਲ ਦੁਆਰਾ ਫਰੀ ਦਿੱਤੀਆਂ ਗਈਆਂ ਇਸ ਦੌਰਾਨ ਕਰੀਬ 400 ਦੇ ਲਗਭਗ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਮਰੀਜ਼ਾਂ ਦੇ ਲਈ ਲੰਗਰ ਪਾਣੀ ਦਾ ਪ੍ਰਬੰਧ ਵੀ ਨਿਊ ਪ੍ਰੈਸ ਕਲੱਬ ਵੱਲੋਂ ਕੀਤਾ ਗਿਆ ਇਸ ਮੌਕੇ ਆਮ ਆਦਮੀ ਪਾਰਟੀ ਦੀ ਐਮਐਲਏ ਨੀਨਾ ਮਿੱਤਲ ਦੇ ਸਪੁੱਤਰ ਲਵਿਸ ਮਿੱਤਲ ਨੇ ਪਹੁੰਚ ਕੇ ਸੋਭਾ ਵਧਾਈ ਇਸ ਮੌਕੇ ਪਹੁੰਚੇ ਕਾਂਗਰਸ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ,ਨਰਿੰਦਰ ਸ਼ਾਸ਼ਤਰੀ , ਰੀਅਲ ਸਿੰਘ ਤਲਵੰਡੀ , ਭਾਜਪਾ ਨੇਤਾ ਜਗਦੀਸ਼ ਕੁਮਾਰ ਜੱਗਾ , ਮਾਰਕੀਟ ਕਮੇਟੀ ਦੇ ਚੇਅਰਮੈਨ ਦੀਪਕ ਸੂਦ ,ਸ਼੍ਰੋਮਣੀ ਅਕਾਲੀ ਦਲ ਦੇ ਨੇਤਾ ਜਥੇਦਾਰ ਸੁਰਜੀਤ ਸਿੰਘ ਗੜੀ, ਪ੍ਰਵੀਨ ਛਾਬੜਾ ਜੀ ,ਮਹਿੰਦਰ ਜੀ, ਗੁਰਪ੍ਰੀਤ ਸਿੰਘ ਧਮੋਲੀ, ਪ੍ਰਧਾਨ ਰਣਜੀਤ ਸਿੰਘ ਰਾਣਾ ਨੇ ਪਹੁੰਚ ਕੇ ਮੈਡੀਕਲ ਕੈਂਪ ਦੀ ਸੋਭਾ ਵਧਾਈ

ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਨੂੰ ਨਵੀਆਂ ਤਿੰਨ ਸਿਲਾਈ ਮਸ਼ੀਨਾਂ ਕੀਤੀਆਂ ਭੇਂਟ

ਬਰਨਾਲਾ, 26 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਰਾਹੀ ਬਸਤੀ ਬਰਨਾਲਾ ਵਿਖੇ ਸਫ਼ਲਤਾਪੂਰਵਕ ਆਪਣੇ 20ਵੇਂ ਬੈਚ ਦੀਆਂ ਲੜਕੀਆਂ ਨੂੰ ਸਿਲਾਈ ਦੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਗੁਰੂ ਗੋਬਿੰਦ ਸਿੰਘ ਸਟਡੀ ਸਰਕਲ ਜ਼ਿਲ੍ਹਾ ਬਰਨਾਲਾ ਵੱਲੋਂ ਪ੍ਰਧਾਨ ਗੁਰਮੀਤ ਸਿੰਘ ਮੀਮਸਾ, ਸੀਨੀਅਰ ਮੀਤ ਪ੍ਰਧਾਨ ਹਰਮਨਜੀਤ ਸਿੰਘ ਰੁਪਾਲ, ਅਤੇ ਸਕੱਤਰ ਅਵਤਾਰ ਸਿੰਘ ਲੀਲਾ ਦੀ ਅਗਵਾਈ ਚ ਨਵੀਆਂ ਤਿੰਨ ਸਿਲਾਈ ਮਸ਼ੀਨਾਂ ਸਿਲਾਈ ਸੈਂਟਰ ਨੂੰ ਭੇਂਟ ਕੀਤੀਆਂ ਹਨ, ਤਾਂ ਜੋ ਲੜਕੀਆਂ ਚੰਗੀ ਤਰ੍ਹਾਂ ਸਿਲਾਈ ਦੀ ਟ੍ਰੇਨਿੰਗ ਲੈ ਸਕਣ। ਸੂਰਿਆਵੰਸ਼ੀ ਖੱਤਰੀ ਸਭਾ ਬਰਨਾਲਾ ਦੀ ਸਰਪ੍ਰਸਤ ਨੀਰਜ ਬਾਲਾ ਦਾਨੀਆ, ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਅਤੇ ਜਨਰਲ ਸਕੱਤਰ ਰਾਜੇਸ਼ ਭਟਾਨੀ ਨੇ ਸਿਲਾਈ ਸੈਂਟਰ ਨੂੰ ਮਸ਼ੀਨਾਂ ਦਾਨ ਕਰਨ ਲਈ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਜ਼ਿਲ੍ਹਾ ਬਰਨਾਲਾ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਮਹਿੰਦਰ ਪਾਲ ਗਰਗ, ਸੰਜੀਵ ਕੁਮਾਰ, ਕੇਵਲ ਕ੍ਰਿਸ਼ਨ ਗਰਗ, ਅਸ਼ਵਨੀ ਸ਼ਰਮਾ, ਜਗਸੀਰ ਸਿੰਘ ਮਾਛੀਕੇ, ਰਾਕੇਸ਼ ਜਿੰਦਲ ਆਦਿ ਹਾਜ਼ਰ ਸਨ। ਇਸ ਉਪਰੰਤ ਸਮੂਹ ਮੈਂਬਰਾਂ ਨੇ ਸਿਲਾਈ ਸੈਂਟਰ ਦਾ ਦੌਰਾ ਵੀ ਕੀਤਾ।

ਵਿਦਾਇਗੀ ਸਮਾਰੋਹ ਵਿੱਚ ਭਾਵੁਕ ਪਲਾਂ ਨਾਲ ਰੰਗਾਰੰਗ ਪ੍ਰੋਗਰਾਮ

ਬਰਨਾਲਾ, 26 ਅਪ੍ਰੈਲ (ਇਸ਼ਨ ਕੰਗ) : ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰੀਆ ਮਹਿਲਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਬਰਨਾਲਾ ਵਿੱਚ ਪ੍ਰਿੰਸੀਪਲ ਡਾਕਟਰ ਸ਼੍ਰੀਮਤੀ ਸੁਸ਼ੀਲ ਬਾਲਾ ਜੀ ਦੀ ਅਗਵਾਈ ਅਤੇ ਸਕੂਲ ਇੰਚਾਰਜ ਮੈਡਮ ਮੋਨਿਕਾ ਮਿੱਤਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਕੂਲ ਵਿੱਚ ਵਿਦਾਇਗੀ ਸਮਾਰੋਹ ਆਯੋਜਿਤ ਕੀਤੀ ਗਈ। ਇਸ ਮੌਕੇ ਬਾਰਵੀ ਕਲਾਸ ਦੀਆਂ ਵਿਦਿਆਰਥਣਾਂ ਨੇ ਆਪਣੇ ਭਾਵੁਕ ਪਲਾਂ, ਅਧਿਆਪਕ ਨਾਲ ਬਿਤਾਈਆਂ ਅਭੁੱਲ ਯਾਦਾਂ ਨੂੰ ਯਾਦ ਕੀਤਾ ਅਤੇ ਇਸ ਦੇ ਨਾਲ ਹੀ ਸੰਸਥਾ ਵਿੱਚ ਚੱਲ ਰਹੇ ਕਾਲਜ ਵਿੱਚ ਵੱਖ-ਵੱਖ ਕੋਰਸਾਂ ਵਿੱਚ ਦਾਖਲਾ ਲੈਣ ਦੀ ਖੁਸ਼ੀ ਵੀ ਜ਼ਾਹਿਰ ਕੀਤੀ।ਇਸ ਦੌਰਾਨ ਬੱਚਿਆਂ ਨੇ ਰੰਗਾਰੰਗ ਰੰਗ ਪ੍ਰੋਗਰਾਮ ਵੀ ਪੇਸ਼ ਕੀਤਾ।ਸਮਾਰੋਹ ਵਿਚ ਜੂਨੀਅਰ ਵਿਦਿਆਰਥਣਾਂ ਨੇ ਆਪਣੇ ਸੀਨੀਅਰ ਵਿਦਿਆਰਥਣਾਂ ਨੂੰ ਗੁਬਾਰੇ ਗੇਮ, ਡਾਂਸ, ਗੀਤ ਪੇਸ਼ਕਾਰੀਆ ਕੀਤੀਆ। ਮੈਡਮ ਸ਼ਵੇਤਾ ਸ਼ੋਰੀ,ਮੈਡਮ ਹਰਜੀਤ ਕੌਰ ਨੇ ਜੱਜ ਦੀ ਭੂਮਿਕਾ ਬਾਖੂਬੀ ਨਿਭਾਈ। ਇਸ ਫੇਅਰਵੈੱਲ ਵਿੱਚ ਮਿਸ ਫੇਅਰਵੈੱਲ ਰਾਜਵੀਰ ਕੌਰ, ਮਿਸ ਕੌਨਫੀਡੈਂਸ ਜੈਸਮੀਨ, ਮਿਸ ਪਰਸਨੈਲਟੀ ਦਪਿੰਦਰ,ਸੈਕਿੰਡ ਰਨਰਅੱਪ ਕਮਲ,ਫਸਟ ਰਨਰਅੱਪ ਅੰਜਲੀ, ਨੇ ਹਾਸਲ ਕੀਤਾ। ਸਟੇਜ ਦੀ ਭੂਮਿਕਾ ਅੰਗਰੇਜ਼ੀ ਵਿਭਾਗ ਦੇ ਮੈਡਮ ਕਿਰਨ ਸਿਕਰੀ ਅਤੇ ਬੱਚਿਆਂ ਨੇ ਬਾਖੂਬੀ ਨਿਭਾਈ ਇਸ ਮੌਕੇ ਸਮੂਹ ਸਟਾਫ ਹਾਜ਼ਰ ਸਨ, ਇਹ ਸਮਾਰੋਹ ਵਿਦਿਆਰਥਣਾਂ ਦੇ ਅਕਾਦਮਿਕ ਅਤੇ ਪੇਸ਼ੇਵਰ ਸਫਰ ਵਿੱਚ ਅੱਗੇ ਵਧਣ ਦੇ ਨਾਲ ਨਾਲ ਦੇ ਨਾਲ ਨਾਲ ਅਭੁੱਲ ਯਾਦ ਛੱਡ ਗਿਆ।

ਵਾਈ.ਐਸ. ਪਬਲਿਕ ਸਕੂਲ ਵੱਲੋਂ 'ਰੂਟਸ ਐਂਡ ਵਿੰਗਜ਼' ਵਾਤਾਵਰਨ ਮੁਹਿੰਮ

ਬਰਨਾਲਾ, 26 ਅਪ੍ਰੈਲ (ਹਮੀਰ ਸਿੰਘ) : ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਵਾਈਐਸ ਪਬਲਿਕ ਸਕੂਲ ਵੱਲੋਂ 'ਰੂਟਸ ਐਂਡ ਵਿੰਗਜ਼' – 'ਪੌਦੇ ਲਗਾਓ, ਆਲ੍ਹਣੇ ਲਗਾਓ, ਜੀਵਨ ਬਚਾਓ' ਥੀਮ ਹੇਠ ਇਕ ਵਿਸ਼ੇਸ਼ ਵਾਤਾਵਰਣ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਹ ਪ੍ਰੋਗਰਾਮ ਨੇਚਰ ਲਵਰਜ਼ ਟੀਮ ਬਰਨਾਲਾ ਦੇ ਸਹਿਯੋਗ ਨਾਲ ਹੋਇਆ, ਜਿਸ ਵਿੱਚ ਛੇਵੀਂ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸ਼੍ਰੀ ਸਾਕੁਲ ਕੌਸ਼ਲ ਅਤੇ ਨੇਚਰਜ਼ ਕਲੱਬ ਟੀਮ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਵਿਦਿਆਰਥੀਆਂ ਦੇ ਪ੍ਰਭਾਵਸ਼ਾਲੀ ਭਾਸ਼ਣਾਂ ਅਤੇ 'ਕੁਦਰਤ ਦੀ ਸੰਭਾਲ' 'ਤੇ ਆਧਾਰਿਤ ਸਵੈ-ਰਚਿਤ ਕਵਿਤਾ ਨਾਲ ਹੋਈ। ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਰੱਖਿਆ ਲਈ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਸਕੂਲ ਕੈਂਪਸ ਵਿੱਚ ਇੱਕ ਪੌਦਾ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ ਅਤੇ ਪੰਛੀਆਂ ਅਤੇ ਜੈਵਿਕ ਵਿਭਿੰਨਤਾ ਦੀ ਸੁਰੱਖਿਆ ਲਈ ਨੇਸਟ ਪਲੇਸਮੈਂਟ ਗਤੀਵਿਧੀ ਵੀ ਕਰਵਾਈ ਗਈ। ਇਸ ਉਪਰਾਲੇ ਦਾ ਮਕਸਦ ਵਿਦਿਆਰਥੀਆਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸੀ। ਵਿਦਿਆਰਥੀਆਂ ਵੱਲੋਂ ਮਹਿਮਾਨਾਂ ਨੂੰ ਆਪਣੇ ਹੱਥੀ ਬਣੇ ਧੰਨਵਾਦ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਕਿਹਾ, 'ਸਿੱਖਿਆ ਸਿਰਫ਼ ਅਕਾਦਮਿਕ ਉਤਮਤਾ ਤੱਕ ਸੀਮਿਤ ਨਹੀਂ, ਸਗੋਂ ਜ਼ਿੰਮੇਵਾਰ ਨਾਗਰਿਕ ਤਿਆਰ ਕਰਨਾ ਵੀ ਇਸਦਾ ਮਕਸਦ ਹੈ। 'ਰੂਟਸ ਐਂਡ ਵਿੰਗਜ਼' ਵਰਗੀਆਂ ਪਹਿਲਕਦਮੀਆਂ ਵਿਦਿਆਰਥੀਆਂ ਵਿੱਚ ਪ੍ਰਕਿਰਤੀ ਪ੍ਰੇਮ ਅਤੇ ਜੀਵਨ ਦੀ ਰੱਖਿਆ ਦਾ ਸੰਦੇਸ਼ ਦਿੰਦੀਆਂ ਹਨ।' ਪ੍ਰੋਗਰਾਮ ਦਾ ਅੰਤ ਹਰੇ-ਭਰੇ ਅਤੇ ਟਿਕਾਊ ਭਵਿੱਖ ਲਈ ਸਾਂਝੀ ਸ਼ਪਥ ਨਾਲ ਹੋਇਆ।

ਸਿੱਖਿਆ ਕ੍ਰਾਂਤੀ ਦਾ ਦੂਜਾ ਪੜਾਅ : ਪ੍ਰੋ. ਬਲਜਿੰਦਰ ਕੌਰ ਵੱਲੋਂ ਪਿੰਡਾਂ ਦੇ ਸਕੂਲਾਂ ਦਾ ਦੌਰਾ, ਸਾਇੰਸ ਲੈਬਾਂ ਦਾ ਉਦਘਾਟਨ

ਤਲਵੰਡੀ ਸਾਬੋ, 26 ਅਪ੍ਰੈਲ (ਰਾਮ ਕੁਮਾਰ ਜਿੰਦਲ): ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ, ਕੈਬਨਿਟ ਰੈਂਕ ਅਤੇ ਚੀਫ ਵਿਪ ਪ੍ਰੋ. ਬਲਜਿੰਦਰ ਕੌਰ ਵੱਲੋਂ ਸਿੱਖਿਆ ਖੇਤਰ ਵਿੱਚ ਚੱਲ ਰਹੀ ਸੁਧਾਰ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਪਿੰਡ ਮਿਰਜੇਆਣਾ, ਜਗਾ ਰਾਮ ਤੀਰਥ ਅਤੇ ਸੀਂਗੋ ਦੇ ਸਰਕਾਰੀ ਸਕੂਲਾਂ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਸਿੱਖਿਆ ਕ੍ਰਾਂਤੀ ਦੇ ਦੂਜੇ ਪੜਾਅ ਵੱਲ ਇੱਕ ਨਵਾਂ ਕਦਮ ਵਧਾਉਂਦੇ ਹੋਏ ਸਕੂਲਾਂ ਦੀਆਂ ਸਹੂਲਤਾਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਪ੍ਰੋ. ਬਲਜਿੰਦਰ ਕੌਰ ਨੇ ਸਕੂਲਾਂ ਦੀਆਂ ਇਮਾਰਤਾਂ, ਕਲਾਸਰੂਮਾਂ, ਸਾਫ਼-ਸਫਾਈ ਅਤੇ ਹੋਰ ਬੁਨਿਆਦੀ ਢਾਂਚੇ ਦੀ ਜਾਂਚ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਰੂਬਰੂ ਹੋ ਕੇ ਪੜ੍ਹਾਈ ਦੇ ਮਿਆਰ, ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਭਵਿੱਖੀ ਲਕਸ਼ਾਂ ਬਾਰੇ ਵੀ ਗੱਲਬਾਤ ਕੀਤੀ। ਅਧਿਆਪਕਾਂ ਨਾਲ ਵੀ ਵਿਸਥਾਰ ਵਿੱਚ ਚਰਚਾ ਕਰਦਿਆਂ ਉਨ੍ਹਾਂ ਨੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਸੁਝਾਅ ਲਏ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਤਿੰਨਾਂ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਦੇ ਤਹਿਤ ਨਵੀਂ ਤਿਆਰ ਕੀਤੀਆਂ ਸਾਇੰਸ ਲੈਬਾਂ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਇਹ ਲੈਬਾਂ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਸਿੱਖਿਆ ਨਾਲ ਜੋੜਨ ਵਿੱਚ ਮੱਦਦਗਾਰ ਸਾਬਤ ਹੋਣਗੀਆਂ ਅਤੇ ਵਿਗਿਆਨ ਵਿਸ਼ੇ ਨੂੰ ਹੋਰ ਦਿਲਚਸਪ ਬਣਾਉਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਵੱਡੇ ਪੱਧਰ 'ਤੇ ਬਦਲਾਅ ਲਿਆਂਦੇ ਜਾ ਰਹੇ ਹਨ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਹੈ ਕਿ ਪਿੰਡਾਂ ਦੇ ਬੱਚਿਆਂ ਨੂੰ ਵੀ ਸ਼ਹਿਰਾਂ ਵਰਗੀਆਂ ਉੱਚ ਦਰਜੇ ਦੀਆਂ ਸਿੱਖਿਆ ਸਹੂਲਤਾਂ ਮਿਲਣ। ਉਨ੍ਹਾਂ ਅੱਗੇ ਕਿਹਾ ਕਿ ਬੱਚਿਆਂ ਨੂੰ ਗੁਣਵੱਤਾ ਭਰੀ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੀ ਅੱਗੇ ਵਧਣ ਦੇ ਮੌਕੇ ਦਿੱਤੇ ਜਾਣਗੇ, ਤਾਂ ਜੋ ਉਹ ਹਰ ਖੇਤਰ ਵਿੱਚ ਕਾਮਯਾਬ ਹੋ ਸਕਣ। ਉਨ੍ਹਾਂ ਨੇ ਸਕੂਲ ਸਟਾਫ ਨੂੰ ਵੀ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਨਵੀਆਂ ਤਕਨੀਕਾਂ ਨੂੰ ਅਪਣਾਕੇ ਬੱਚਿਆਂ ਨੂੰ ਹੋਰ ਬਿਹਤਰ ਤਰੀਕੇ ਨਾਲ ਸਿੱਖਿਆ ਦੇਣ। ਦੌਰੇ ਦੌਰਾਨ ਪਿੰਡ ਵਾਸੀਆਂ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਵਿਧਾਇਕਾ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਾਹਨਾ ਕੀਤੀ ਗਈ। ਇਸ ਮੌਕੇ ਤਿੰਨਾਂ ਸਕੂਲ ਮੁਖੀਆਂ ਤੋਂ ਇਲਾਵਾ ਜਸਵਿੰਦਰ ਕੌਰ ਸਰਪੰਚ ਜਗਾ, ਗੁਰਤੇਜ ਸਿੰਘ ਜੋਗੇਵਾਲਾ, ਨਿੱਜੀ ਸਹਾਇਕ ਕੇਵਲ ਸਿੰਘ, ਹਰਜੀਤ ਸਿੰਘ ਸਰਾਂ, ਪ੍ਰਗਟ ਸਿੰਘ ਸੀਂਗੋ, ਕੁਲਵੰਤ ਸਿੰਘ, ਬਲਾਕ ਪ੍ਰਧਾਨ (ਸ਼ਹਿਰੀ) ਤਰਸੇਮ ਸਿੰਗਲਾ, ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ, ਆਦਿ ਮੌਜੂਦ ਸਨ।

ਸਾਡੀ ਦੁਨੀਆਂ ਬਣਾਉਣ ਵਾਲੇ ਹਰ ਹੱਥ ਦਾ ਸਤਿਕਾਰ ਕਰੋ

ਬਰਨਾਲਾ, 26 ਅਪ੍ਰੈਲ (ਹਮੀਰ ਸਿੰਘ) : ਐਮਟੀਐਸ ਬਰਨਾਲਾ ਵਿੱਚ 'ਮਿਹਨਤ ਦੀ ਇੱਜ਼ਤ' ਵਿਸ਼ੇ 'ਤੇ ਕਾਰਡ ਮੇਕਿੰਗ ਗਤੀਵਿਧੀ ਆਯੋਜਿਤ ਐਮਟੀਐਸ ਬਰਨਾਲਾ ਵਿੱਚ ਕਲਾਸ ਤੀਜੀ ਤੋਂ ਨੌਵੀਂ ਤੱਕ ਦੇ ਵਿਦਿਆਰਥੀਆਂ ਲਈ 'ਮਿਹਨਤ ਦੀ ਇੱਜ਼ਤ' ਵਿਸ਼ੇ 'ਤੇ ਕਾਰਡ ਬਣਾਉਣ ਦੀ ਗਤੀਵਿਧੀ ਕਰਵਾਈ ਗਈ। ਇਸ ਗਤੀਵਿਧੀ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਅਤੇ ਕਦਰ ਦੇ ਭਾਵ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਸੁੰਦਰ ਕਾਰਡ ਬਣਾਕੇ ਅਤੇ ਭਾਵਨਾਤਮਕ ਸੁਨੇਹੇ ਲਿਖ ਕੇ ਸਮਾਜ ਦੇ ਸਹਾਇਕ ਕਰਮਚਾਰੀਆਂ ਲਈ ਆਪਣਾ ਪਿਆਰ ਅਤੇ ਸਤਿਕਾਰ ਪ੍ਰਗਟ ਕੀਤਾ। ਬੱਚਿਆਂ ਦੀ ਕਲਾ ਅਤੇ ਰਚਨਾਤਮਕਤਾ ਕਾਬਿਲ-ਏ-ਤਾਰੀਫ਼ ਸੀ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੇ ਮਿਹਨਤ ਦੀ ਅਹਿਮੀਅਤ ਨੂੰ ਸਮਝਿਆ ਅਤੇ ਹਰ ਕੰਮ ਕਰਨ ਵਾਲੇ ਵਿਅਕਤੀ ਲਈ ਸਤਿਕਾਰ ਦੀ ਭਾਵਨਾ ਵਿਕਸਿਤ ਕੀਤੀ। ਛੋਟੇ ਹੱਥ, ਵੱਡੇ ਸੁਨੇਹੇ—ਸਤਿਕਾਰ ਅਤੇ ਕਦਰ ਦੀ ਸੋਹਣੀ ਝਲਕ।

ਐਸ.ਜੀ.ਪੀ.ਸੀ. ਮੈਂਬਰ ਜਥੇਦਾਰ ਬਲਦੇਵ ਸਿੰਘ ਚੂੰਘਾ ਨੇ ਲੋੜਵੰਦਾਂ ਨੂੰ ਇੱਕ ਲੱਖ ਦੀ ਸਹਾਇਤਾ ਰਾਸ਼ੀ ਵੰਡੀ

ਭਦੌੜ, 26 ਅਪ੍ਰੈਲ (ਸੁਖਵਿੰਦਰ ਪਲਾਹਾ): ਸਿੱਖ ਕੌਮ ਦੀ ਰਹਿਨੁਮਾਈ ਕਰ ਰਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਲੋੜਵੰਦ ਅਤੇ ਗਰੀਬਾਂ ਨੂੰ ਦਿੱਤੀ ਜਾ ਰਹੀ ਸਹਾਇਤਾ ਰਾਸ਼ੀ ਜਾਰੀ ਰੱਖਦੇ ਹੋਏ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਾਰੀ ਕੀਤੀ ਗਈ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਐਸ ਜੀ ਪੀ ਸੀ ਮੈਂਬਰ ਭਦੌੜ ਜਥੇਦਾਰ ਬਲਦੇਵ ਸਿੰਘ ਚੂੰਘਾ ਵੱਲੋਂ ਗੁਰਦੁਆਰਾ ਪਾਤਸ਼ਾਹੀ ਛੇਵੀਂ (ਵਿਸਾਖੀ ਵਾਲਾ) ਵਿਖੇ ਵੰਡੀ ਗਈ। ਇਸ ਮੌਕੇ ਜੱਥੇਦਾਰ ਬਲਦੇਵ ਸਿੰਘ ਚੂੰਘਾ ਨੇ ਆਪਣੇ ਅਖਤਿਆਰੀ ਕੋਟੇ ਚੋਂ ਇਹ ਰਾਸ਼ੀ ਵੰਡਦਿਆਂ ਕਿਹਾ ਕਿ ਇੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੀ ਇੱਕ ਅਜਿਹੀ ਸੰਸਥਾ ਹੈ ਜੋ ਬਿਨਾਂ ਜਾਤ ਪਾਤ, ਬਿਨਾਂ ਭੇਦਭਾਵ ਤੋਂ ਉੱਪਰ ਉੱਠ ਕੇ ਗਰੀਬਾਂ, ਲੋੜਵੰਦਾਂ, ਬੇਸਹਾਰਾ, ਜਾਂ ਕਿਸੇ ਬਿਮਾਰੀ ਤੋਂ ਪੀੜਤ ਵਿਅਕਤੀਆਂ ਦੀ ਸਹਾਇਤਾ ਕਰਦੀ ਹੈ। ਉਹਨਾ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਰਾਸ਼ੀ ਦਾ ਦੇਣ ਦਾ ਮਕਸਦ ਇਹ ਹੈ ਕਿ ਕੋਈ ਵੀ ਕਿਸੇ ਤਰ੍ਹਾਂ ਦਾ ਪੀੜਤ ਵਿਅਕਤੀ ਆਪਣੀ ਜਰੂਰਤ ਪੂਰੀ ਕਰ ਸਕੇ। ਉਹਨਾਂ ਦੱਸਿਆ ਕਿ ਅੱਜ ਬੀਬੀ ਕੁਲਦੀਪ ਕੌਰ, ਬੀਬੀ ਮਲਕਾ ਰਾਣੀ, ਭਾਈ ਨਿਰਭੈ ਸਿੰਘ, ਬੀਬੀ ਕਰਮਜੀਤ ਕੌਰ, ਬੀਬੀ ਮਨਪ੍ਰੀਤ ਕੌਰ ,ਬੀਬੀ ਜਸਪਾਲ ਕੌਰ, ਗਫੂਰ ਮੁਹੰਮਦ, ਕੇਸਰ ਸਿੰਘ, ਬੀਬੀ ਗੁਰਦੀਸ਼ ਕੌਰ, ਬੀਬੀ ਬਲਜੀਤ ਕੌਰ ਨੂੰ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ ਗਈ ਹੈ ਅਤੇ ਇਸ ਤੋਂ ਇਲਾਵਾ ਭਾਈ ਜਸਵੰਤ ਸਿੰਘ ਪੁੱਤਰ ਲਾਲ ਸਿੰਘ ਵਾਸੀ ਚਾਉਕੇ ਜਿਸਦਾ ਮਕਾਨ ਦਾ ਡਿੱਗਣ ਕਾਰਨ ਬਹੁਤ ਨੁਕਸਾਨ ਹੋ ਗਿਆ ਸੀ ਅਤੇ ਪਰਿਵਾਰ ਦੇ ਗੰਭੀਰ ਸੱਟਾਂ ਵੀ ਲੱਗੀਆਂ ਸਨ, ਉਹਨਾਂ ਨੂੰ 25 ਹਜ਼ਾਰ ਦੀ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ ਗਈ ਹੈ ।ਇਸ ਮੌਕੇ ਜਥੇਦਾਰ ਬਲਦੇਵ ਸਿੰਘ ਚੂੰਘਾ ਤੋਂ ਇਲਾਵਾ ਗੁਰਦੁਆਰਾ ਪਾਤਸ਼ਾਹੀ ਦਸਵੀਂ(ਅੰਦਰਲਾ) ਗੁਰਦੁਆਰਾ ਪਾਤਸ਼ਾਹੀ ਛੇਵੀਂ ਦੇ ਮੈਨੇਜਰ ਜਗਦੇਵ ਸਿੰਘ ਸੰਧੂ ,ਸਾਬਕਾ ਨਗਰ ਕੌਂਸਲ ਪ੍ਰਧਾਨ ਜਸਵੀਰ ਸਿੰਘ ਧੰਮੀ, ਓਕਾਂਰ ਸਿੰਘ ਓਮੀ ,ਜਗਸੀਰ ਸਿੰਘ ਜੱਗਾ ਬੁੱਟਰ, ਅਕਾਊਂਟੈਂਟ ਸੁਖਪਾਲ ਸਿੰਘ ਪਾਲੀ, ਸਟੋਰ ਕੀਪਰ ਮਨਪ੍ਰੀਤ ਸਿੰਘ, ਸਹਾਇਕ ਸਟੋਰ ਕੀਪਰ ਗੁਰਪ੍ਰੀਤ ਸਿੰਘ, ਹੈਡ ਗ੍ਰੰਥੀ ਭਾਈ ਹਰਪ੍ਰੀਤ ਸਿੰਘ ,ਗ੍ਰੰਥੀ ਭਾਈ ਮੱਖਣ ਸਿੰਘ ,ਰਾਗੀ ਭਾਈ ਰਾਜਿੰਦਰ ਸਿੰਘ ਤੋਂ ਇਲਾਵਾ ਰਸ਼ਪਿੰਦਰ ਸਿੰਘ ਵਾਲੀਆ ਆਦਿ ਹਾਜ਼ਰ ਸਨ।

ਸਬ ਡਵੀਜ਼ਨ ਮੂਨਕ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਨੂੰ ਮਿਲੀ ਸਫ਼ਲਤਾ

ਮੂਨਕ, 26 ਅਪ੍ਰੈਲ: (ਸਮਸ਼ੇਰ ਸਿੰਘ ਭੁਟਾਲ) : ਸੰਗਰੂਰ ਦੇ ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਸਬ ਡਵੀਜਨ ਮੂਨਕ ਵਿਖੇ 20 ਤੋਂ 26 ਅਪ੍ਰੈਲ ਤੱਕ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਨੂੰ ਸਫ਼ਲਤਾ ਮਿਲੀ ਹੈ ਅਤੇ ਇਸ ਦੌਰਾਨ 02 ਮੁਕੱਦਮੇ ਦਰਜ ਕਰਕੇ ਦੋ ਜਣੇ ਗ੍ਰਿਫ਼ਤਾਰ ਕੀਤੇ ਗਏ ਹਨ।

ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਸਬ ਡਵੀਜਨ ਮੂਨਕ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ 20 ਤੋਂ 26 ਅਪ੍ਰੈਲ ਤੱਕ ਐਨ.ਡੀ.ਪੀ.ਐਸ ਐਕਟ ਤਹਿਤ 1 ਮੁਕੱਦਮਾ ਦਰਜ ਕੀਤਾ ਤੇ ਇੱਕ ਦੋਸ਼ੀ ਕੋਲੋਂ 60 ਨਸ਼ੀਲੀਆਂ ਗੋਲੀਆ ਬ੍ਰਾਮਦ ਕੀਤੀਆਂ।

ਇਸ ਤੋਂ ਇਲਾਵਾ 01 ਮੁਕੱਦਮਾ 27/61/85 ਧਾਰਾਵਾਂ ਤਹਿਤ ਦਰਜ ਰਜਿਸਟਰ ਕਰਕੇ ਨਸ਼ੇ ਦੀ ਦਲਦਲ ਵਿੱਚ ਫਸੇ 1 ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ। ਇਸ ਤੋਂ ਇਲਾਵਾ 09 ਹੋਰ ਵਿਅਕਤੀਆਂ ਨੂੰ ਨਸ਼ਾ ਛੱਵਣ ਦੀ ਦਵਾਈ ਦਿਲਵਾਈ ਗਈ।

ਐਸ ਐਸ ਪੀ ਨੇ ਹੋਰ ਦੱਸਿਆ ਕਿ ਵੱਖ-ਵੱਖ ਮੁਕੱਦਮਿਆ ਵਿੱਚ ਲੋੜੀਂਦੇ 8 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਮਾੜੇ ਅਨਸਰਾਂ ਖਿਲਾਫ਼ ਕਾਰਵਾਈ ਕਰਦੇ ਹੋਏ ਕੁੱਲ 13 ਵਿਅਕਤੀਆ ਖਿਲਾਫ਼ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਤੋਂ ਇਲਾਵਾ ਥਾਣਾ ਖਨੌਰੀ ਵੱਲੋਂ ਵੱਖ-ਵੱਖ ਮੁਕੱਦਮਿਆ ਵਿੱਚ ਅਦਾਲਤ ਵੱਲੋਂ ਭਗੌੜੇ 03 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ 101 ਟਰੈਫਿਕ ਚਲਾਨ ਕੀਤੇ ਗਏ ਹਨ। ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 60 ਵਿਰੁੱਧ 172 ਧਾਰਾ ਤਹਿਤ ਕਾਰਵਾਈ ਕੀਤੀ ਗਈ।

ਸਰਤਾਜ ਸਿੰਘ ਚਾਹਲ ਨੇ ਕਿਹਾ ਕਿ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕਰਦਿਆਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਲੋਕਾਂ 'ਤੇ ਖਾਸ ਕਰਕੇ ਨੌਜਵਾਨਾਂ ਨੂੰ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ਼ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ।

ਵਿਸ਼ਵ ਮਲੇਰੀਆ ਦਿਵਸ ਮੌਕੇ ਸਬ ਡਵੀਜ਼ਨਲ ਹਸਪਤਾਲ ਤਪਾ ਨੇ ਕੱਢੀ ਜਾਗਰੂਕਤਾ ਰੈਲੀ

ਤਪਾ ਮੰਡੀ, 26 ਅਪ੍ਰੈਲ (ਭੂਸ਼ਨ ਘੜੈਲਾ) : ਸਿਵਲ ਸਰਜਨ ਡਾ. ਹਰੀਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਵਿਸ਼ਵ ਮਲੇਰੀਆ ਦਿਵਸ ਮੌਕੇ ਸਬ ਡਵੀਜ਼ਨਲ ਹਸਪਤਾਲ ਤਪਾ ਵੱਲੋਂ ਜਾਗਰੂਕਤਾ ਰੈਲੀ ਕੱਢੀ ਗਈ। ਇਸ ਤੋਂ ਇਲਾਵਾ ਸਿਹਤ ਵਿਭਾਗ ਤਪਾ ਵੱਲੋਂ ਬਲਾਕ ਅਧੀਨ ਵੱਖ-ਵੱਖ ਸਕੂਲਾਂ ਵਿਖੇ ਜਾਗਰੂਕਤਾ ਸਮਾਗਮ ਤੇ ਵਿਦਿਆਰਥੀਆਂ ਦੇ ਪੋਸਟਰ ਬਣਾਉਣ ਦੇ ਮੁਕਾਬਲੇ ਵੀ ਕਰਵਾਏ ਗਏ।ਇਸ ਮੌਕੇ ਕਰਵਾਏ ਪ੍ਰੋਗਰਾਮ ਦੌਰਾਨ ਸੀਨੀਅਰ ਮੈਡੀਕਲ ਅਫ਼ਸਰ ਡਾ. ਕੰਵਲਜੀਤ ਸਿੰਘ ਬਾਜਵਾ ਨੇ ਕਿਹਾ ਕਿ ਆਓ ਅਸੀਂ ਸਭ ਰਲ ਮਿਲ ਕੇ ਸਾਡੇ ਕੋਲ ਮੌਜੂਦ ਸਾਰੇ ਸਰੋਤਾਂ ਦੀ ਵਰਤੋਂ ਕਰੀਏ ਤਾਂ ਜੋ ਮਲੇਰੀਆ ਨੂੰ ਜੜੋਂ ਖਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਮਲੇਰੀਆ ਬੁਖਾਰ ਤੋਂ ਬਚਣ ਦਾ ਸਭ ਤੋਂ ਸੌਖਾ ਤਰੀਕਾ ਜਾਗਰੂਕਤਾ ਹੀ ਹੈ। ਇਸ ਮੌਕੇ ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ ਨੇ ਕਿਹਾ ਮਲੇਰੀਆ ਵਿਰੁੱਧ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਹਰ ਸਾਲ 25 ਅਪ੍ਰੈਲ ਨੂੰ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾਂਦਾ ਹੈ। ਐਸ.ਆਈ ਰਣਜੀਵ ਕੁਮਾਰ ਨੇ ਕਿਹਾ ਕਿ ਮਲੇਰੀਆ ਤੋਂ ਬਚਣ ਲਈ ਘਰਾਂ ਵਿੱਚ ਕੂਲਰਾਂ, ਗਮਲਿਆਂ ਆਦਿ ਅਤੇ ਆਲੇ ਦੁਆਲੇ ਗਲੀਆਂ, ਨਾਲੀਆਂ ਆਦਿ ਵਿੱਚ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ ਅਤੇ ਨਾਲੀਆਂ ਤੇ ਛੱਪੜਾਂ ਵਿੱਚ ਕਾਲੇ ਤੇਲ ਦਾ ਛਿੜਕਾਅ ਕਰਨਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਗੁਰਸਿਮਰਨਜੀਤ ਸਿੰਘ, ਡਾ. ਬਾਂਕੇ ਬਿਹਾਰੀ ਐਸ.ਆਈ. ਗੁਰਪ੍ਰੀਤ ਸਿੰਘ, ਜਗਦੇਵ ਸਿੰਘ, ਗਿਆਨ ਸਿੰਘ, ਜਸਪਾਲ ਸਿੰਘ, ਐਮ.ਪੀ.ਐਚ. ਡਬਲਿਊ ਗਗਨਦੀਪ ਸਿੰਘ, ਜਸਵੰਤ ਸਿੰਘ, ਬੂਟਾ ਸਿੰਘ, ਸੰਜੇ ਮਲਹੋਤਰਾ, ਮੰਗਤ ਸਿੰਘ, ਕੁਲਦੀਪ ਸਿੰਘ, ਸੁਖਵਿੰਦਰ ਸਿੰਘ, ਗੁਰਸੇਵਕ ਸਿੰਘ, ਹਰਜਿੰਦਰ ਸਿੰਘ, ਬਲਜਿੰਦਰ ਸਿੰਘ, ਅਕਾਸ਼ ਸਿੰਘ ਸਮੇਤ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

ਸੰਪਾਦਕੀ

ਆਰਥਿਕ ਚੁਣੌਤੀਆਂ ਅਤੇ ਸਰਕਾਰੀ ਤਰਜੀਹਾਂ

ਹਾਲ ਹੀ ਵਿੱਚ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਦਿੱਤਾ ਗਿਆ ਬਿਆਨ ਕਿ ਸਰਕਾਰ ਵਿੱਤੀ ਦਬਾਅ ਦੇ ਬਾਵਜੂਦ ਖਾਦਾਂ ਅਤੇ ਊਰਜਾ ਦੀ ਉਪਲਬਧਤਾ ਨੂੰ ਯਕੀਨੀ ਬਣਾਏਗੀ, ਭਾਰਤ ਦੀ ਮੌਜੂਦਾ ਆਰਥਿਕ ਨੀਤੀ ਦੀ ਇੱਕ ਅਹਿਮ ਝਲਕ ਪੇਸ਼ ਕਰਦਾ ਹੈ। ਇਹ ਬਿਆਨ ਉਸ ਸਮੇਂ ਆਇਆ ਹੈ ਜਦੋਂ ਵਿਸ਼ਵ ਪੱਧਰ 'ਤੇ ਭੂ-ਰਾਜਨੀਤਿਕ ਤਣਾਅ ਕਾਰਨ ਸਪਲਾਈ ਚੇਨ ਪ੍ਰਭਾਵਿਤ ਹੋ ਰਹੀ ਹੈ ਅਤੇ ਵਸਤੂਆਂ ਦੀਆਂ ਕੀਮਤਾਂ ਵਿੱਚ ਉਤਾਰ-ਚੜ੍ਹਾਅ ਜਾਰੀ ਹੈ। ਵਿੱਤ ਮੰਤਰੀ ਦਾ ਇਹ ਰੁਖ ਸਪੱਸ਼ਟ ਕਰਦਾ ਹੈ ਕਿ ਸਰਕਾਰ ਲਈ ਦੇਸ਼ ਦੀ ਖ਼ੁਰਾਕ ਸੁਰੱਖਿਆ ਅਤੇ ਊਰਜਾ ਸੁਰੱਖਿਆ, ਵਿੱਤੀ ਘਾਟੇ ਦੇ ਅੰਕੜਿਆਂ ਨੂੰ ਸੰਭਾਲਣ ਨਾਲੋਂ ਵੱਧ ਮਹੱਤਵਪੂਰਨ ਹਨ।

ਭਾਰਤ ਵਰਗੇ ਖੇਤੀ ਪ੍ਰਧਾਨ ਦੇਸ਼ ਵਿੱਚ ਖਾਦਾਂ ਦੀ ਉਪਲਬਧਤਾ ਸਿੱਧੇ ਤੌਰ 'ਤੇ ਦੇਸ਼ ਦੀ ਅੰਨ ਸੁਰੱਖਿਆ ਨਾਲ ਜੁੜੀ ਹੋਈ ਹੈ। ਵਿੱਤ ਮੰਤਰੀ ਨੇ 'ਪੈਂਡਮਿਕ ਪਲੇਬੁੱਕ' (ਮਹਾਂਮਾਰੀ ਦੌਰਾਨ ਅਪਣਾਈ ਗਈ ਨੀਤੀ) ਦਾ ਹਵਾਲਾ ਦਿੰਦਿਆਂ ਕਿਹਾ ਕਿ ਜਦੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤਾਂ ਵਧੀਆਂ ਸਨ, ਤਦ ਵੀ ਸਰਕਾਰ ਨੇ ਵਧੀਆਂ ਹੋਈਆਂ ਕੀਮਤਾਂ ਦਾ ਬੋਝ ਕਿਸਾਨਾਂ 'ਤੇ ਨਹੀਂ ਪੈਣ ਦਿੱਤਾ। ਇਹ ਇੱਕ ਕਲਿਆਣਕਾਰੀ ਰਾਜ ਦੀ ਨਿਸ਼ਾਨੀ ਹੈ, ਪਰ ਇਸ ਦਾ ਦੂਜਾ ਪਹਿਲੂ ਇਹ ਹੈ ਕਿ ਇਸ ਨਾਲ ਸਰਕਾਰੀ ਖ਼ਜ਼ਾਨੇ 'ਤੇ ਭਾਰੀ ਵਿੱਤੀ ਬੋਝ ਪੈਂਦਾ ਹੈ। ਪਰ ਜੇਕਰ ਕਿਸਾਨਾਂ ਨੂੰ ਸਸਤੀ ਖਾਦ ਨਾ ਮਿਲੇ, ਤਾਂ ਫਸਲਾਂ ਦੀ ਪੈਦਾਵਾਰ ਘੱਟ ਸਕਦੀ ਹੈ, ਜਿਸ ਨਾਲ ਮਹਿੰਗਾਈ ਹੋਰ ਵਧੇਗੀ। ਇਸ ਲਈ, ਇਹ ਵਿੱਤੀ ਦਬਾਅ ਅਸਲ ਵਿੱਚ ਭਵਿੱਖ ਦੀ ਵੱਡੀ ਆਰਥਿਕ ਤਬਾਹੀ ਨੂੰ ਰੋਕਣ ਲਈ ਇੱਕ ਜ਼ਰੂਰੀ ਨਿਵੇਸ਼ ਹੈ।

ਊਰਜਾ ਦੇ ਮੋਰਚੇ 'ਤੇ, ਭਾਰਤ ਨੇ ਹਮੇਸ਼ਾ ਆਪਣੇ ਰਾਸ਼ਟਰੀ ਹਿੱਤਾਂ ਨੂੰ ਪਹਿਲ ਦਿੱਤੀ ਹੈ। ਵਿੱਤ ਮੰਤਰੀ ਦਾ ਇਹ ਕਹਿਣਾ ਕਿ ਭਾਰਤ ਉੱਥੋਂ ਤੇਲ ਖਰੀਦੇਗਾ ਜਿੱਥੋਂ ਉਸਨੂੰ ਸਸਤਾ ਮਿਲੇਗਾ, ਇੱਕ ਸੁਤੰਤਰ ਅਤੇ ਵਿਵਹਾਰਕ ਵਿਦੇਸ਼ ਨੀਤੀ ਦਾ ਪ੍ਰਤੀਕ ਹੈ। ਊਰਜਾ ਦੀਆਂ ਵਧਦੀਆਂ ਕੀਮਤਾਂ ਉਦਯੋਗਿਕ ਉਤਪਾਦਨ ਅਤੇ ਆਵਾਜਾਈ ਦੇ ਖਰਚਿਆਂ ਨੂੰ ਸਿੱਧਾ ਪ੍ਰਭਾਵਿਤ ਕਰਦੀਆਂ ਹਨ। ਜੇਕਰ ਸਰਕਾਰ ਊਰਜਾ ਦੀਆਂ ਕੀਮਤਾਂ ਨੂੰ ਸਥਿਰ ਰੱਖਣ ਵਿੱਚ ਸਫਲ ਹੁੰਦੀ ਹੈ, ਤਾਂ ਇਸ ਨਾਲ ਅਰਥਵਿਵਸਥਾ ਵਿੱਚ ਸਥਿਰਤਾ ਆਉਂਦੀ ਹੈ। ਸੀਤਾਰਮਨ ਨੇ ਸਹੀ ਨਿਸ਼ਾਨਾ ਸਾਧਿਆ ਹੈ ਕਿ ਸਿਰਫ਼ ਸਰਕਾਰੀ ਸਹਾਇਤਾ ਨਾਲ ਕੰਮ ਨਹੀਂ ਚੱਲੇਗਾ; ਦੇਸ਼ ਦੇ ਨਿੱਜੀ ਖੇਤਰ ਅਤੇ ਉਦਯੋਗਾਂ ਨੂੰ ਵੀ ਅੱਗੇ ਆਉਣਾ ਪਵੇਗਾ। ਆਯਾਤ ਦੇ ਬਦਲ (Import Substitution) ਨੂੰ ਸਿਰਫ਼ ਇੱਕ ਨੀਤੀ ਵਜੋਂ ਨਹੀਂ, ਸਗੋਂ ਇੱਕ ਵਪਾਰਕ ਮੌਕੇ ਵਜੋਂ ਦੇਖਣ ਦੀ ਲੋੜ ਹੈ। ਜਦੋਂ ਤੱਕ ਭਾਰਤ ਆਪਣੀਆਂ ਲੋੜਾਂ ਲਈ ਦੂਜੇ ਦੇਸ਼ਾਂ 'ਤੇ ਨਿਰਭਰ ਰਹੇਗਾ, ਉਦੋਂ ਤੱਕ ਵਿੱਤੀ ਦਬਾਅ ਬਣਿਆ ਰਹੇਗਾ। ਘਰੇਲੂ ਨਿਰਮਾਣ ਨੂੰ ਉਤਸ਼ਾਹਿਤ ਕਰਕੇ ਹੀ ਅਸੀਂ ਲੰਬੇ ਸਮੇਂ ਲਈ ਆਰਥਿਕ ਸਥਿਰਤਾ ਹਾਸਲ ਕਰ ਸਕਦੇ ਹਾਂ। ਸਰਕਾਰ ਦਾ ਖਾਦਾਂ ਅਤੇ ਊਰਜਾ 'ਤੇ ਧਿਆਨ ਕੇਂਦਰਿਤ ਕਰਨਾ ਇੱਕ ਸਹੀ ਕਦਮ ਹੈ, ਪਰ ਚੁਣੌਤੀ ਇਹ ਹੈ ਕਿ ਇਸ ਵਿੱਤੀ ਦਬਾਅ ਨੂੰ ਕਿਵੇਂ ਸੰਤੁਲਿਤ ਕੀਤਾ ਜਾਵੇ ਤਾਂ ਜੋ ਦੇਸ਼ ਦੀ ਲੰਬੇ ਸਮੇਂ ਦੀ ਵਿਕਾਸ ਦਰ ਪ੍ਰਭਾਵਿਤ ਨਾ ਹੋਵੇ। ਸਰਕਾਰ ਨੂੰ ਵਿਕਾਸ, ਮਹਿੰਗਾਈ ਅਤੇ ਸਥਿਰਤਾ ਦੇ ਵਿਚਕਾਰ ਇੱਕ ਬਰੀਕ ਲਕੀਰ 'ਤੇ ਚੱਲਣ ਦੀ ਲੋੜ ਹੈ।

-ਜਗਜੀਤ ਸਿੰਘ ਦਰਦੀ

ਟਰੰਪ 'ਤੇ ਘਾਤਕ ਹਮਲਾ ਅਮਰੀਕੀ ਸੁਰੱਖਿਆ 'ਤੇ ਸਵਾਲ

ਦੁਨੀਆਂ ਵਿੱਚ ਸੁਰੱਖਿਆ ਅਤੇ ਲੋਕਤੰਤਰ ਦਾ ਸੰਤੁਲਨ ਕਿਵੇਂ ਬਣਾਇਆ ਜਾਵੇ

ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਦੁਨੀਆਂ ਦੀ ਸਭ ਤੋਂ ਵੱਡੀ ਖ਼ਬਰ ਟਰੰਪ 'ਤੇ ਉਹ ਘਾਤਕ ਹਮਲਾ ਹੈ ਜੋ ਹੁਣ ਸੁਰਖ਼ੀਆਂ ਵਿੱਚ ਹੈ ਅਤੇ ਇਹ ਅਮਰੀਕੀ ਸੁਰੱਖਿਆ ਏਜੰਸੀਆਂ ਬਾਰੇ ਵੀ ਪੂਰੇ ਸੰਸਾਰ ਨੂੰ ਨਜ਼ਰ ਪਾਉਣ ਦੀ ਕੋਸ਼ਿਸ਼ ਕਰਦਾ ਹੈ। ਇਹ ਟਰੰਪ ਉੱਤੇ ਹਮਲਾ ਅਤੇ ਦੁਨੀਆਂ ਲਈ ਇੱਕ ਵੱਡਾ ਸਵਾਲ ਹੈ। ਅੱਜ ਇਸ ਨੇ ਅਮਰੀਕਾ ਅਤੇ ਦੁਨੀਆਂ ਲਈ ਇੱਕ ਨਵਾਂ ਸਵਾਲ ਖੜ੍ਹਾ ਕੀਤਾ ਹੈ । ਸੁਰੱਖਿਆ ਅਤੇ ਲੋਕਤੰਤਰ ਦਾ ਸੰਤੁਲਨ ਕਿਵੇਂ ਬਣਾਇਆ ਜਾਵੇ। ਦੁਨੀਆਂ ਦੀ ਸਭ ਤੋਂ ਵੱਡੀ ਖ਼ਬਰ ਇੱਕ ਵਾਰ ਫਿਰ ਟਰੰਪ ਨਾਲ ਜੁੜੀ ਹੋਈ ਹੈ । ਉਸਦਾ ਸਿਕਿਓਰਿਟੀ ਘੇਰਾ ਟੁੱਟਣਾ ਅਤੇ ਉਸ ਉੱਤੇ ਹੋਇਆ ਹਮਲਾ। ਇੱਕ ਅਜਿਹਾ ਦੇਸ਼ ਜਿੱਥੇ ਰਾਸ਼ਟਰਪਤੀ ਦੀ ਸੁਰੱਖਿਆ ਲਈ ਅਰਬਾਂ ਡਾਲਰ ਖਰਚ ਕੀਤੇ ਜਾਂਦੇ ਹਨ, ਜਿੱਥੇ Secret Service ਦਾ ਨਾਮ ਹੀ ਇੱਕ ਤਾਕਤਵਰ ਪ੍ਰਤੀਕ ਹੈ, ਉੱਥੇ ਇਸ ਤਰ੍ਹਾਂ ਦੀ ਘਟਨਾ ਵਾਪਰਨਾ ਨਾ ਸਿਰਫ਼ ਅਮਰੀਕਾ ਲਈ, ਬਲਕਿ ਪੂਰੀ ਦੁਨੀਆ ਲਈ ਇੱਕ ਵੱਡਾ ਸਵਾਲ ਖੜ੍ਹਾ ਕਰਦਾ ਹੈ।

ਕੀ ਅਮਰੀਕੀ ਸੁਰੱਖਿਆ ਨੂੰ ਹੁਣ ਤੋੜਿਆ ਜਾ ਸਕਦਾ ਹੈ ? ਇਸ ਘਟਨਾ ਨੇ ਟਰੰਪ ਦੇ ਰਾਜਨੀਤਿਕ ਭਵਿੱਖ, ਉਸਦੇ ਮਨਸੂਬਿਆਂ ਅਤੇ ਅਮਰੀਕਾ ਦੀ ਵਿਸ਼ਵ ਪੱਧਰ 'ਤੇ ਤਾਕਤ ਬਾਰੇ ਨਵੀਆਂ ਚਰਚਾਵਾਂ ਛੇੜ ਦਿੱਤੀਆਂ ਹਨ। ਭਾਰਤ ਵਰਗੇ ਦੇਸ਼ ਵਿੱਚ ਵੀ ਜਦੋਂ ਅਮਰੀਕੀ ਰਾਸ਼ਟਰਪਤੀ ਆਉਂਦਾ ਹੈ ਤਾਂ ਉਸਦੇ ਆਲੇ-ਦੁਆਲੇ ਤਿੰਨ ਘੇਰੇ ਵਾਲੀ ਸੁਰੱਖਿਆ ਹੁੰਦੀ ਹੈ। ਫਿਰ ਉਸਦੇ ਆਪਣੇ ਦੇਸ਼ ਵਿੱਚ ਹੀ ਇਸ ਤਰ੍ਹਾਂ ਦੀ ਵਾਰਦਾਤ ਵਾਪਰ ਜਾਵੇ ਤਾਂ ਫਿਰ ਦੁਨੀਆਂ ਦੇ ਸਭ ਤੋਂ ਸ਼ਕਤੀਸ਼ਾਲੀ ਦੇਸ਼ ਦੀ ਸੁਰੱਖਿਆ ਬਾਰੇ ਕੀ ਕਿਹਾ ਜਾ ਸਕਦਾ ਹੈ?

ਇਸ ਘਟਨਾ ਨੇ ਇੱਕ ਵਾਰ ਫਿਰ ਯਾਦ ਕਰਵਾਇਆ ਹੈ ਕਿ ਕੋਈ ਵੀ ਸੁਰੱਖਿਆ ਪ੍ਰਣਾਲੀ 100 ਫੀਸਦੀ ਠੀਕ ਨਹੀਂ ਹੁੰਦੀ। ਇਹ ਟੁੱਟਣਾ ਸਿਰਫ਼ ਇੱਕ ਵਿਅਕਤੀ ਉੱਤੇ ਹਮਲਾ ਨਹੀਂ, ਬਲਕਿ ਇੱਕ ਵੱਡੀ ਤਾਕਤ ਦੀ ਕਮਜ਼ੋਰੀ ਨੂੰ ਉਜਾਗਰ ਕਰਦਾ ਹੈ। ਟਰੰਪ ਦੀ ਰਾਜਨੀਤੀ, ਉਸਦੀ ਵਿਵਾਦਾਸਪੂਰਨ ਅਕਸ ਅਤੇ ਉਸਦੇ ਮਨਸੂਬਿਆਂ ਨੇ ਇਸ ਘਟਨਾ ਨੂੰ ਹੋਰ ਵੀ ਗੰਭੀਰ ਬਣਾ ਦਿੱਤਾ ਹੈ। ਅੱਜ ਇਸ ਸਭ ਤੇ ਵਿਸਥਾਰ ਨਾਲ ਚਰਚਾ ਕਰਦਿਆਂ ਘਟਨਾ ਦਾ ਵਰਤਾਰਾ ਅਤੇ ਅਮਰੀਕੀ ਸੁਰੱਖਿਆ ਦੀ ਕਮਜ਼ੋਰੀ ਅਮਰੀਕਾ ਵਿੱਚ ਰਾਸ਼ਟਰਪਤੀ ਜਾਂ ਸਾਬਕਾ ਰਾਸ਼ਟਰਪਤੀ ਦੀ ਸੁਰੱਖਿਆ Secret Service ਦੀ ਜ਼ਿੰਮੇਵਾਰੀ ਹੈ। ਇਹ ਏਜੰਸੀ ਵਿਸ਼ਵ ਵਿੱਚ ਸਭ ਤੋਂ ਉੱਨਤ ਅਤੇ ਤਕਨੀਕੀ ਤੌਰ 'ਤੇ ਮਜ਼ਬੂਤ ਮੰਨੀ ਜਾਂਦੀ ਹੈ। ਫਿਰ ਵੀ ਇਸ ਘਟਨਾ ਵਿੱਚ ਇਸ ਘੇਰੇ ਨੂੰ ਤੋੜਿਆ ਗਿਆ। ਇਸ ਤੋਂ ਪਹਿਲਾਂ ਵੀ ਟਰੰਪ ਉੱਤੇ ਕਈ ਵਾਰ ਹਮਲੇ ਦੀਆਂ ਕੋਸ਼ਿਸ਼ਾਂ ਹੋ ਚੁੱਕੀਆਂ ਹਨ ।2024 ਵਿੱਚ ਬਟਲਰ ਰੈਲੀ ਵਿੱਚ ਗੋਲੀ ਲੱਗਣ ਵਾਲੀ ਘਟਨਾ ਤੋਂ ਲੈ ਕੇ ਹਾਲੀਆ ਘਟਨਾਵਾਂ ਤੱਕ। ਹਰ ਵਾਰ Secret Service ਉੱਤੇ ਸਵਾਲ ਉੱਠਦੇ ਹਨ। ਇਸ ਵਾਰ ਦੀ ਘਟਨਾ ਨੇ ਇੱਕ ਵਾਰ ਫਿਰ ਉਜਾਗਰ ਕੀਤਾ ਹੈ ਕਿ ਇੱਕ ਵਿਅਕਤੀ ਜਾਂ ਇੱਕ ਛੋਟੀ ਟੀਮ ਵੀ ਇਸ ਤਰ੍ਹਾਂ ਦੀ ਵੱਡੀ ਸੁਰੱਖਿਆ ਨੂੰ ਚੁਣੌਤੀ ਦੇ ਸਕਦੀ ਹੈ। ਇਸ ਤੋਂ ਇੱਕ ਵੱਡਾ ਸਵਾਲ ਉੱਠਦਾ ਹੈ ।ਕੀ ਅਮਰੀਕੀ ਸੁਰੱਖਿਆ ਨੂੰ ਹੁਣ ਤੋੜਿਆ ਜਾ ਸਕਦਾ ਹੈ? ਇਸ ਦਾ ਜਵਾਬ ਇੱਕ ਤਰਫ਼ ਤਾਂ ਹਾਂ ਹੈ ਅਤੇ ਦੂਜੀ ਤਰਫ਼ ਇੱਕ ਚੇਤਾਵਨੀ ਵੀ ਹੈ। ਅਮਰੀਕਾ ਵਿੱਚ ਬੰਦੂਕਾਂ ਦੀ ਆਜ਼ਾਦੀ, ਖੁੱਲ੍ਹੀ ਰੈਲੀਆਂ ਅਤੇ ਰਾਜਨੀਤਿਕ ਧੜਿਆਂ ਵਿਚਾਲੇ ਡੂੰਘੀ ਵੰਡ ਨੇ ਸੁਰੱਖਿਆ ਨੂੰ ਹੋਰ ਵੀ ਔਖਾ ਬਣਾ ਦਿੱਤਾ ਹੈ।

ਅੱਜ ਟਰੰਪ ਦੀ ਰੈਲੀਆਂ ਵਿੱਚ ਵੱਡੀ ਭੀੜ ਹੁੰਦੀ ਹੈ ਅਤੇ ਉਸਦੀ ਖੁੱਲ੍ਹੀ ਰਾਜਨੀਤੀ ਉਸ ਨੂੰ ਵਧੇਰੇ ਖਤਰੇ ਵਿੱਚ ਪਾਉਂਦੀ ਹੈ।ਇਸ ਘਟਨਾ ਨੇ Secret Service ਦੀਆਂ ਕਮੀਆਂ ਉਜਾਗਰ ਕੀਤੀਆਂ ਹਨ — ਸੰਚਾਰ ਵਿੱਚ ਖਾਮੀ, ਤਕਨੀਕੀ ਗਲਤੀਆਂ ਅਤੇ ਮਨੁੱਖੀ ਭੁੱਲ। ਇਸ ਤੋਂ ਪਹਿਲਾਂ ਵੀ ਇਸ ਏਜੰਸੀ ਉੱਤੇ ਆਲੋਚਨਾ ਹੋਈ ਹੈ ਅਤੇ ਇਸ ਘਟਨਾ ਤੋਂ ਬਾਅਦ ਇਸ ਨੂੰ ਹੋਰ ਵੀ ਸਖ਼ਤੀ ਨਾਲ ਜਾਂਚਿਆ ਜਾਵੇਗਾ ਪਰ ਇਸ ਤੋਂ ਇੱਕ ਵੱਡੀ ਗੱਲ ਇਹ ਵੀ ਸਾਹਮਣੇ ਆਈ ਹੈ ਕਿ ਕੋਈ ਵੀ ਸੁਰੱਖਿਆ ਪ੍ਰਣਾਲੀ 100 ਫੀਸਦੀ ਅਜਿਹੀ ਨਹੀਂ ਹੁੰਦੀ।

ਅੱਜ ਇੱਕ ਨਿਰੰਤਰ ਖਤਰਾ ਅਤੇ ਇੱਕ ਨਿਰੰਤਰ ਚੁਣੌਤੀ ਹੈ।ਟਰੰਪ ਦਾ ਰਾਜਨੀਤਿਕ ਪਹਿਲੂ ਅਤੇ ਮਨਸੂਬੇ ਟਰੰਪ ਦੀ ਰਾਜਨੀਤੀ ਹਮੇਸ਼ਾ ਵਿਵਾਦਾਸਪਦ ਰਹੀ ਹੈ। ਉਹ ਇੱਕ ਐਂਟੀ-ਐਸਟਾਬਲਿਸ਼ਮੈਂਟ ਲੀਡਰ ਵਜੋਂ ਉਭਰਿਆ ਹੈ। ਉਸਦੇ ਸਮਰਥਕ ਉਸ ਨੂੰ ਇੱਕ ਬੀਬੀਆਂ ਵਾਲਾ ਲੀਡਰ ਮੰਨਦੇ ਹਨ ਜੋ ਵਾਸ਼ਿੰਗਟਨ ਦੀ ਰਾਜਨੀਤੀ ਨੂੰ ਚੁਣੌਤੀ ਦਿੰਦਾ ਹੈ। ਉਸਦੇ ਵਿਰੋਧੀ ਉਸ ਨੂੰ ਖਤਰਨਾਕ ਅਤੇ ਡਿਵੀਜ਼ਿਵ ਮੰਨਦੇ ਹਨ। ਇਸ ਘਟਨਾ ਤੋਂ ਬਾਅਦ ਟਰੰਪ ਨੇ ਆਪਣੀ ਰਾਜਨੀਤੀ ਨੂੰ ਹੋਰ ਵੀ ਮਜ਼ਬੂਤ ਕੀਤਾ ਹੈ। ਉਸ ਨੇ ਇਸ ਨੂੰ ਆਪਣੀ ਲੜਾਈ ਵਜੋਂ ਪੇਸ਼ ਕੀਤਾ ਹੈ ਅਤੇ ਆਪਣੇ ਸਮਰਥਕਾਂ ਨੂੰ ਹੋਰ ਵੀ ਇਕੱਠਾ ਕੀਤਾ ਹੈ।ਟਰੰਪ ਦੇ ਮਨਸੂਬੇ ਬਹੁਤ ਸਪੱਸ਼ਟ ਹਨ — ਉਹ ਅਮਰੀਕਾ ਨੂੰ ਅਮਰੀਕਾ ਫਸਟ ਦੀ ਨੀਤੀ ਨਾਲ ਮਜ਼ਬੂਤ ਬਣਾਉਣਾ ਚਾਹੁੰਦਾ ਹੈ।

ਅੱਜ ਉਸਦੀ ਰਾਜਨੀਤੀ ਵਿੱਚ ਇਮੀਗ੍ਰੇਸ਼ਨ, ਆਰਥਿਕਤਾ, ਚੀਨ ਅਤੇ ਰਾਸ਼ਟਰੀ ਸੁਰੱਖਿਆ ਵਰਗੇ ਮੁੱਦੇ ਮੁੱਖ ਹਨ। ਇਸ ਘਟਨਾ ਤੋਂ ਬਾਅਦ ਉਸਦੀ ਲੋਕਪ੍ਰਿਯਤਾ ਵਧ ਸਕਦੀ ਹੈ ਕਿਉਂਕਿ ਲੋਕ ਉਸ ਨੂੰ ਇੱਕ ਬਲੀਦਾਨ ਵਜੋਂ ਵੇਖ ਰਹੇ ਹਨ। ਇਸ ਨਾਲ ਉਸਦੀ ਰਾਜਨੀਤਿਕ ਤਾਕਤ ਵਧਣ ਦੀ ਸੰਭਾਵਨਾ ਹੈ।ਅਮਰੀਕੀ ਸੁਰੱਖਿਆ ਬਾਰੇ ਵਿਸ਼ਵਵਿਆਪੀ ਚਰਚਾ ਇਸ ਘਟਨਾ ਨੇ ਪੂਰੀ ਦੁਨੀਆ ਵਿੱਚ ਚਰਚਾ ਛੇੜ ਦਿੱਤੀ ਹੈ। ਭਾਰਤ ਵਰਗੇ ਦੇਸ਼ ਵਿੱਚ ਵੀ ਲੋਕ ਪੁੱਛ ਰਹੇ ਹਨ ਕਿ ਜਦੋਂ ਅਮਰੀਕੀ ਰਾਸ਼ਟਰਪਤੀ ਭਾਰਤ ਆਉਂਦਾ ਹੈ ਤਾਂ ਉਸਦੀ ਸੁਰੱਖਿਆ ਲਈ ਤਿੰਨ ਘੇਰੇ ਬਣਾਏ ਜਾਂਦੇ ਹਨ, ਫਿਰ ਉਸਦੇ ਆਪਣੇ ਦੇਸ਼ ਵਿੱਚ ਇਸ ਤਰ੍ਹਾਂ ਦੀ ਵਾਰਦਾਤ ਕਿਵੇਂ ਵਾਪਰ ਸਕਦੀ ਹੈ ? ਇਸ ਤੋਂ ਇੱਕ ਵੱਡਾ ਸਵਾਲ ਉੱਠਦਾ ਹੈ ਕਿ ਕੀ ਅਮਰੀਕਾ ਵਰਗਾ ਸ਼ਕਤੀਸ਼ਾਲੀ ਦੇਸ਼ ਆਪਣੇ ਰਾਸ਼ਟਰਪਤੀ ਨੂੰ ਵੀ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਰੱਖ ਸਕਦਾ ਤਾਂ ਫਿਰ ਬਾਕੀ ਦੁਨੀਆਂ ਵਿੱਚ ਸੁਰੱਖਿਆ ਕਿਵੇਂ ਹੋਵੇਗੀ ? ਅੱਜ ਇਸ ਘਟਨਾ ਨੇ ਅਮਰੀਕੀ ਸੁਰੱਖਿਆ ਪ੍ਰਣਾਲੀ ਦੀਆਂ ਕਮੀਆਂ ਉਜਾਗਰ ਕੀਤੀਆਂ ਹਨ। ਇਸ ਤੋਂ ਇੱਕ ਗੱਲ ਸਾਫ਼ ਹੈ ਕਿ ਤਕਨੀਕ ਅਤੇ ਤਾਕਤ ਤੋਂ ਉੱਪਰ ਇੱਕ ਇੱਕਲਾ ਵਿਅਕਤੀ ਵੀ ਵੱਡਾ ਖਤਰਾ ਬਣ ਸਕਦਾ ਹੈ। ਇਸ ਨਾਲ ਦੁਨੀਆਂ ਭਰ ਦੀਆਂ ਸੁਰੱਖਿਆ ਏਜੰਸੀਆਂ ਨੂੰ ਆਪਣੀਆਂ ਰਣਨੀਤੀਆਂ ਬਦਲਣੀਆਂ ਪੈਣਗੀਆਂ। ਭਾਰਤ ਵਰਗੇ ਦੇਸ਼ਾਂ ਲਈ ਵੀ ਇਹ ਇੱਕ ਚੇਤਾਵਨੀ ਹੈ ਕਿ ਰਾਜਨੀਤਿਕ ਲੀਡਰਾਂ ਦੀ ਸੁਰੱਖਿਆ ਨੂੰ ਹੋਰ ਵੀ ਮਜ਼ਬੂਤ ਬਣਾਉਣਾ ਚਾਹੀਦਾ ਹੈ।ਟਰੰਪ ਦੇ ਰਾਜਨੀਤਿਕ ਮਨਸੂਬੇ ਅਤੇ ਭਵਿੱਖ ਇਸ ਘਟਨਾ ਤੋਂ ਬਾਅਦ ਟਰੰਪ ਦੀ ਰਾਜਨੀਤੀ ਹੋਰ ਵੀ ਤੇਜ਼ ਹੋ ਸਕਦੀ ਹੈ। ਉਹ ਆਪਣੇ ਸਮਰਥਕਾਂ ਨੂੰ ਇੱਕਠਾ ਕਰਨ ਲਈ ਇਸ ਘਟਨਾ ਨੂੰ ਵਰਤ ਸਕਦਾ ਹੈ।

ਅੱਜ ਉਸਦਾ ਏਜੰਡਾ ਅਮਰੀਕਾ ਫਸਟ, ਇਮੀਗ੍ਰੇਸ਼ਨ ਉੱਤੇ ਸਖ਼ਤੀ ਅਤੇ ਆਰਥਿਕ ਮਜ਼ਬੂਤੀ, ਹੋਰ ਵੀ ਮਜ਼ਬੂਤ ਹੋ ਸਕਦਾ ਹੈ। ਇਸ ਘਟਨਾ ਨੇ ਉਸ ਨੂੰ ਇੱਕ ਬਲੀਦਾਨ ਵਜੋਂ ਪੇਸ਼ ਕੀਤਾ ਹੈ ਜੋ ਉਸਦੀ ਲੋਕਪ੍ਰਿਯਤਾ ਵਧਾ ਸਕਦੀ ਹੈ।ਪਰ ਇਸ ਨਾਲ ਅਮਰੀਕੀ ਰਾਜਨੀਤੀ ਵਿੱਚ ਵੰਡ ਵੀ ਵਧ ਸਕਦੀ ਹੈ। ਡੈਮੋਕ੍ਰੇਟ ਅਤੇ ਰਿਪਬਲਿਕਨ ਵਿਚਾਲੇ ਤਣਾਅ ਵਧਣ ਦੀ ਸੰਭਾਵਨਾ ਹੈ। ਇਸ ਤੋਂ ਇੱਕ ਵੱਡਾ ਸਵਾਲ ਉੱਠਦਾ ਹੈ ਕਿ ਅਮਰੀਕਾ ਆਪਣੀ ਅੰਦਰੂਨੀ ਏਕਤਾ ਨੂੰ ਕਿਵੇਂ ਬਣਾਈ ਰੱਖ ਸਕਦਾ ਹੈ।

ਅੱਜ ਇੱਕ ਵੱਡੀ ਚੇਤਾਵਨੀ ਇਸ ਘਟਨਾ ਨੇ ਦੁਨੀਆਂ ਨੂੰ ਇੱਕ ਵੱਡੀ ਚੇਤਾਵਨੀ ਦਿੱਤੀ ਹੈ ਕਿ ਕੋਈ ਵੀ ਸੁਰੱਖਿਆ ਪ੍ਰਣਾਲੀ ਅਜੇਅ ਨਹੀਂ ਹੁੰਦੀ। ਅਮਰੀਕਾ ਵਰਗਾ ਸ਼ਕਤੀਸ਼ਾਲੀ ਦੇਸ਼ ਵੀ ਆਪਣੇ ਰਾਸ਼ਟਰਪਤੀ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਨਹੀਂ ਰੱਖ ਸਕਦਾ ਤਾਂ ਫਿਰ ਬਾਕੀ ਦੁਨੀਆਂ ਵਿੱਚ ਸੁਰੱਖਿਆ ਕਿਵੇਂ ਹੋਵੇਗੀ ?

ਅੱਜ ਇਸ ਘਟਨਾ ਨੇ ਟਰੰਪ ਦੀ ਰਾਜਨੀਤੀ ਨੂੰ ਹੋਰ ਵੀ ਤੇਜ਼ ਕੀਤਾ ਹੈ ਅਤੇ ਅਮਰੀਕੀ ਰਾਜਨੀਤੀ ਵਿੱਚ ਵੰਡ ਵਧਾਈ ਹੈ।ਪਰ ਇਸ ਤੋਂ ਇੱਕ ਵੱਡੀ ਗੱਲ ਇਹ ਵੀ ਸਾਹਮਣੇ ਆਈ ਹੈ ਕਿ ਲੋਕਤੰਤਰ ਵਿੱਚ ਰਾਜਨੀਤਿਕ ਲੀਡਰਾਂ ਨੂੰ ਲੋਕਾਂ ਦੀ ਆਵਾਜ਼ ਨਾਲ ਜੁੜ ਕੇ ਚੱਲਣਾ ਚਾਹੀਦਾ ਹੈ। ਟਰੰਪ ਦੀ ਰਾਜਨੀਤੀ ਇਸ ਗੱਲ ਦਾ ਉਦਾਹਰਣ ਹੈ ਕਿ ਲੋਕ ਆਪਣੇ ਲੀਡਰ ਨਾਲ ਭਾਵਨਾਤਮਕ ਤੌਰ 'ਤੇ ਜੁੜਦੇ ਹਨ। ਇਸ ਘਟਨਾ ਨੇ ਦੁਨੀਆਂ ਨੂੰ ਯਾਦ ਕਰਵਾਇਆ ਹੈ ਕਿ ਸੁਰੱਖਿਆ ਇੱਕ ਨਿਰੰਤਰ ਚੁਣੌਤੀ ਹੈ ਅਤੇ ਇਸ ਨੂੰ ਹਰ ਰੋਜ਼ ਮਜ਼ਬੂਤ ਕਰਦੇ ਰਹਿਣਾ ਪੈਂਦਾ ਹੈ। ਅੱਜ ਇੱਕ ਗੱਲ ਸਾਫ਼ ਹੈ — ਅਮਰੀਕੀ ਸੁਰੱਖਿਆ ਦਾ ਟੁੱਟਣਾ ਇੱਕ ਵੱਡੀ ਘਟਨਾ ਹੈ ਜੋ ਦੁਨੀਆਂ ਭਰ ਵਿੱਚ ਚਰਚਾ ਪੈਦਾ ਕਰ ਰਹੀ ਹੈ। ਇਸ ਤੋਂ ਸਭ ਨੂੰ ਸਿੱਖਣਾ ਚਾਹੀਦਾ ਹੈ ਕਿ ਰਾਜਨੀਤੀ ਵਿੱਚ ਭਾਵਨਾਵਾਂ ਅਤੇ ਏਕਤਾ ਦਾ ਖਿਆਲ ਰੱਖਣਾ ਲਾਜ਼ਮੀ ਹੈ। ਟਰੰਪ ਦੀ ਰਾਜਨੀਤੀ ਅਤੇ ਇਸ ਘਟਨਾ ਨੇ ਅਮਰੀਕਾ ਅਤੇ ਦੁਨੀਆਂ ਲਈ ਇੱਕ ਨਵਾਂ ਸਵਾਲ ਖੜ੍ਹਾ ਕੀਤਾ ਹੈ । ਸੁਰੱਖਿਆ ਅਤੇ ਲੋਕਤੰਤਰ ਦਾ ਸੰਤੁਲਨ ਕਿਵੇਂ ਬਣਾਇਆ ਜਾਵੇ। ਇਸ ਸਵਾਲ ਦਾ ਜਵਾਬ ਆਉਣ ਵਾਲਾ ਸਮਾਂ ਹੀ ਦੇਵੇਗਾ।

ਮਾਮਲਾ ਬੰਦੀ ਸਿੰਘਾਂ ਦੀ ਰਿਹਾਈ ਦਾ ; ਕਾਨੂੰਨ ਦੀ ਬੇਬਸੀ ਜਾਂ ਦੂਹਰੇ ਮਾਪਦੰਡ

ਬਘੇਲ ਸਿੰਘ ਧਾਲੀਵਾਲ
99142-58142

2027 ਵਿੱਚ ਆ ਰਹੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਕਾਰਨ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਫਿਰ ਕਾਫੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਬੰਦੀ ਸਿੰਘਾਂ ਦਾ ਮਸਲਾ ਮਹਿਜ਼ ਕਾਨੂੰਨੀ ਵਿਵਾਦ ਨਹੀਂ ਰਹਿ ਗਿਆ, ਇਹ ਭਾਰਤੀ ਨਿਆਂ ਪ੍ਰਣਾਲੀ, ਸਟੇਟ ਦੀ ਵਿਤਕਰੇਬਾਜ਼ੀ ਅਤੇ ਸਿੱਖ ਲੀਡਰਸ਼ਿਪ ਦੀ ਨਾਕਾਮੀ ਦਾ ਪ੍ਰਤੀਕ ਬਣ ਚੁੱਕਾ ਹੈ। ਇਹ ਕੌੜਾ ਸੱਚ ਹੈ ਕਿ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਉਹ ਜੁਝਾਰੂ ਸਿੰਘ, ਜਿਨ੍ਹਾਂ ਨੇ ਕੌਮੀ ਕਾਰਜਾਂ ਲਈ ਆਪਣੀ ਜ਼ਿੰਦਗੀ ਦਾ 20-30 ਸਾਲ ਤੋਂ ਵੱਧ ਮਹੱਤਵਪੂਰਨ ਸਮਾਂ ਕੈਦ ਵਿੱਚ ਬਿਤਾ ਦਿੱਤਾ ਹੈ,ਉਹ ਮੌਜੂਦਾ ਸਿੱਖ ਸਿਆਸਤ ਲਈ ਚੋਣ ਮੁੱਦੇ ਤੋਂ ਵਧ ਕੇ ਕੁੱਝ ਨਹੀਂ ਹਨ। ਜੇਕਰ ਭਾਰਤੀ ਨਿਆਂ ਪ੍ਰਣਾਲੀ ਦੀ ਗੱਲ ਕੀਤੀ ਜਾਵੇ, ਤਾਂ ਭਾਰਤ ਆਪਣੇ ਆਪ ਨੂੰ ਇੱਕ ਲੋਕਤੰਤ੍ਰਿਕ ਅਤੇ ਸੰਵਿਧਾਨਕ ਦੇਸ਼ ਕਹਿੰਦਾ ਹੈ, ਜਿੱਥੇ ਨਿਆਂ, ਸਮਾਨਤਾ ਅਤੇ ਅਧਿਕਾਰਾਂ ਦੀ ਗੱਲ ਕੀਤੀ ਜਾਂਦੀ ਹੈ। ਪਰ ਜਦੋਂ ਇਹ ਸਿਧਾਂਤ ਜ਼ਮੀਨੀ ਹਕੀਕਤ ਨਾਲ ਦੇਖੇ ਜਾਂਦੇ ਹਨ, ਤਾਂ ਬਹੁਤ ਵਾਰ ਇਹ ਸਿਰਫ ਕਾਗਜ਼ੀ ਦਾਅਵੇ ਹੀ ਨਜ਼ਰ ਆਉਂਦੇ ਹਨ। ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਇਸੇ ਤਰ੍ਹਾਂ ਦੀ ਇੱਕ ਕਸੌਟੀ ਬਣ ਚੁੱਕਾ ਹੈ, ਜਿੱਥੇ ਕਾਨੂੰਨ, ਰਾਜਨੀਤੀ ਅਤੇ ਵਿਤਕਰੇਬਾਜ਼ੀ ਦੇ ਤਿੰਨੋਂ ਰੰਗ ਸਾਫ਼ ਦਿਖਾਈ ਦੇ ਰਹੇ ਹਨ। ਉਸ ਸਮੇਂ ਦੀ ਕਾਂਗਰਸ ਸਰਕਾਰ ਨੇ ਸਿੱਖਾਂ 'ਤੇ ਜ਼ੁਲਮ ਢਾਹੇ, ਜੇਲ੍ਹਾਂ ਵਿੱਚ ਸੁੱਟਿਆ ਅਤੇ ਹੁਣ ਮੌਜੂਦਾ ਸਰਕਾਰ ਉਹਨਾਂ ਸਿੱਖਾਂ ਨੂੰ ਕਿਸੇ ਵੀ ਕੀਮਤ 'ਤੇ ਬਾਹਰ ਨਹੀਂ ਆਉਣ ਦੇਣਾ ਚਾਹੁੰਦੀ, ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਦਿੱਲੀ ਦੇ ਤਖਤ 'ਤੇ ਬੇਸ਼ੱਕ ਕੋਈ ਵੀ ਹੋਵੇ, ਸਿੱਖਾਂ ਨਾਲ ਵਿਤਕਰੇਬਾਜ਼ੀ ਜਾਰੀ ਰਹੇਗੀ। ਕੇਂਦਰ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਇਹ ਕਹਿਣਾ ਕਿ ਬੰਦੀ ਸਿੰਘਾਂ ਦੀ ਰਿਹਾਈ ਫਿਰ ਹੀ ਹੋ ਸਕਦੀ ਹੈ, ਜੇਕਰ ਉਹਨਾਂ ਨੂੰ ਆਪਣੇ ਕੀਤੇ 'ਤੇ ਪਛਤਾਵਾ ਹੋਵੇ। ਇਹ ਵਰਤਾਰਾ ਨਿਆਂ ਦੇ ਬੁਨਿਆਦੀ ਅਸੂਲਾਂ ਦੇ ਅਨੁਕੂਲ ਨਹੀਂ ਸਮਝਿਆ ਜਾ ਸਕਦਾ। ਕਿਉਂਕਿ ਭਾਰਤ ਦੀ ਕਾਨੂੰਨੀ ਪ੍ਰਣਾਲੀ ਵਿੱਚ ਸਜ਼ਾ ਦੀ ਮਿਆਦ ਅਤੇ ਵਿਹਾਰਕ ਮੁਲਾਂਕਣ ਮੁੱਖ ਮਾਪਦੰਡ ਹਨ, ਜਦੋਂਕਿ ਰਾਜਨੀਤਿਕ ਜਾਂ ਭਾਵਨਾਤਮਕ ਸ਼ਰਤਾਂ ਕਨੂੰਨੀ ਪ੍ਰਣਾਲੀ ਦੇ ਖੁੰਢਾ ਹੋਣ ਦੇ ਸਬੂਤ ਹਨ। ਜੇਕਰ ਅਜਿਹੀ ਸ਼ਰਤ ਸਾਢੇ ਤਿੰਨ, ਚਾਰ ਦਹਾਕੇ ਪਹਿਲਾਂ, ਭਾਵ ਉਹਨਾਂ ਦੀਆਂ ਗ੍ਰਿਫਤਾਰੀਆਂ ਸਮੇਂ ਰੱਖੀ ਜਾਂਦੀ ਤਾਂ ਸਮਝ ਪੈਂਦੀ ਸੀ, ਪਰ ਦੋ ਦੋ ਸਜ਼ਾਵਾਂ ਕੱਟ ਲੈਣ ਤੋਂ ਬਾਅਦ ਇਹ ਕਹਿਣਾ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣ ਤੋਂ ਵੱਧ ਹੋਰ ਕੁੱਝ ਨਹੀਂ ਹੈ। ਭਾਜਪਾ ਦੇ ਇੱਕ ਹੋਰ ਸਿੱਖ ਆਗੂ ਆਰ ਪੀ ਸਿੰਘ ਦਾ ਇਹ ਬਿਆਨ ਕਿ "ਮੁਆਫੀ ਮੰਗਣ ਨਾਲ ਰਿਹਾਈ ਬਾਰੇ ਵਿਚਾਰ ਹੋ ਸਕਦਾ ਹੈ" ਜਿੱਥੇ ਸਿੱਖ ਕੌਮ ਨੂੰ ਸ਼ਰਮਸਾਰ ਕਰਨ ਵਾਲਾ ਹੈ, ਓਥੇ ਇਹ ਬਿਆਨ ਲੋਭ ਲਾਲਸਾ 'ਚ ਗ੍ਰਸੇ ਸਿੱਖ ਦੀ ਮਾਨਸਿਕਤਾ ਦੀ ਗਿਰਾਵਟ ਨੂੰ ਦਰਸਾਉਂਦਾ ਹੈ, ਜਿਹੜਾ ਆਪਣੇ ਕੌਮੀ ਹਿੱਤਾਂ ਨੂੰ ਤਿਲਾਂਜਲੀ ਦੇ ਕੇ ਕੇਂਦਰੀ ਤਾਕਤਾਂ ਦਾ ਵਫ਼ਾਦਾਰ ਬਣੇ ਰਹਿਣ ਵਿੱਚ ਜ਼ਿਆਦਾ ਮਾਣ ਮਹਿਸੂਸ ਕਰਦਾ ਹੈ। ਜੇਕਰ ਸੰਵਿਧਾਨਿਕ ਪੱਖ ਤੋਂ ਗੱਲ ਕੀਤੀ ਜਾਵੇ, ਤਾਂ ਭਾਰਤ ਦੇ ਸੰਵਿਧਾਨ ਦਾ ਆਰਟੀਕਲ 14 ਸਪੱਸ਼ਟ ਕਰਦਾ ਹੈ ਕਿ ਸਾਰੇ ਨਾਗਰਿਕ ਕਾਨੂੰਨ ਦੇ ਸਾਹਮਣੇ ਬਰਾਬਰ ਹਨ। ਇਸ ਦੇ ਨਾਲ ਹੀ ਆਰਟੀਕਲ 21 ਜੀਵਨ ਅਤੇ ਨਿੱਜੀ ਆਜ਼ਾਦੀ ਦਾ ਅਧਿਕਾਰ ਦਿੰਦਾ ਹੈ। ਇਸ ਦੇ ਇਲਾਵਾ, ਆਰਟੀਕਲ 72 ਅਤੇ 161 ਰਾਸ਼ਟਰਪਤੀ ਅਤੇ ਰਾਜਪਾਲ ਨੂੰ ਮੁਆਫੀ ਜਾਂ ਸਜ਼ਾ ਘਟਾਉਣ ਦੇ ਅਧਿਕਾਰ ਦਿੰਦੇ ਹਨ। ਪਰ ਇਹ ਸਾਰੇ ਅਧਿਕਾਰ ਇੱਕ ਨਿਰਪੱਖ ਅਤੇ ਸਮਾਨ ਪ੍ਰਕਿਰਿਆ ਦੇ ਅਧੀਨ ਵਰਤੇ ਜਾਣੇ ਚਾਹੀਦੇ ਹਨ। ਸੁਪਰੀਮ ਕੋਰਟ ਦੇ ਕਈ ਫੈਸਲੇ ਇਹ ਦਰਸਾਉਂਦੇ ਹਨ ਕਿ ਉਮਰ ਕੈਦ ਕੱਟ ਰਹੇ ਕੈਦੀਆਂ ਦੀ ਰਿਹਾਈ ਲਈ ਮੁੱਖ ਮਾਪਦੰਡ ਉਹਨਾਂ ਦੀ ਸਜ਼ਾ ਦੀ ਮਿਆਦ, ਵਿਹਾਰ ਅਤੇ ਸਮਾਜ ਵਿੱਚ ਵਾਪਸੀ ਦੀ ਸੰਭਾਵਨਾ ਹੁੰਦੇ ਹਨ। ਕਿਸੇ ਵੀ ਫੈਸਲੇ ਵਿੱਚ ਪਛਤਾਵਾ ਜਤਾਉਣਾ ਲਾਜ਼ਮੀ ਸ਼ਰਤ ਨਹੀਂ ਬਣਾਇਆ ਗਿਆ। ਬੰਦੀ ਸਿੰਘਾਂ ਦਾ ਮਾਮਲਾ ਇਸ ਸੰਦਰਭ ਵਿੱਚ ਹੋਰ ਵੀ ਗੰਭੀਰ ਬਣ ਜਾਂਦਾ ਹੈ, ਕਿਉਂਕਿ ਕਈ ਕੈਦੀ 30-35 ਸਾਲ ਤੋਂ ਵੱਧ ਸਮਾਂ ਜੇਲ੍ਹਾਂ ਵਿੱਚ ਬਿਤਾ ਚੁੱਕੇ ਹਨ। ਜੇ ਇਹ ਸਮਾਂ ਵੀ ਰਿਹਾਈ ਲਈ ਕਾਫੀ ਨਹੀਂ, ਤਾਂ ਫਿਰ ਕਾਨੂੰਨ ਦੀ ਮਿਆਦ ਦਾ ਕੀ ਮਤਲਬ ਰਹਿ ਜਾਂਦਾ ਹੈ ? ਰਾਜੀਵ ਗਾਂਧੀ ਹੱਤਿਆ ਮਾਮਲੇ ਵਿੱਚ ਦੋਸ਼ੀਆਂ ਨੂੰ ਰਿਹਾਈ ਮਿਲ ਚੁੱਕੀ ਹੈ,ਉਹਨਾਂ ਦੇ ਮਾਮਲੇ ਵਿੱਚ ਕਾਨੂੰਨੀ ਪ੍ਰਕਿਰਿਆ ਨੂੰ ਮੱਦੇਨਜ਼ਰ ਰੱਖਿਆ ਗਿਆ, ਨਾ ਕਿ ਕੋਈ ਵਾਧੂ ਸ਼ਰਤ ਲਗਾਈ ਗਈ। ਇਸੇ ਤਰ੍ਹਾਂ ਮਰਹੂਮ ਇੰਦਰਾ ਗਾਂਧੀ ਨਾਲ ਜੁੜੇ ਜਹਾਜ਼ ਅਗਵਾ ਮਾਮਲੇ ਦੇ ਦੋਸ਼ੀਆਂ ਨੂੰ ਤਾਂ ਰਾਜਨੀਤਿਕ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਇੱਥੇ ਦੱਸਣਾ ਬਣਦਾ ਹੈ ਕਿ 20 ਦਸੰਬਰ 1978 ਨੂੰ ਮਰਹੂਮ ਇੰਦਰਾ ਗਾਂਧੀ ਨੂੰ ਸੰਸਦ ਦੀ ਮਾਣਹਾਨੀ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ, ਜਿਸ ਦੇ ਰੋਸ ਵਿੱਚ ਦੋ ਹਿੰਦੂ ਵਿਅਕਤੀਆਂ ਭੋਲਾ ਨਾਥ ਪਾਂਡੇ ਅਤੇ ਦਵਿੰਦਰ ਪਾਂਡੇ ਨੇ ਇੰਡੀਅਨ ਏਅਰ ਲਾਈਨਜ਼ ਦਾ ਜਹਾਜ਼ (93-410) ਅਗਵਾ ਕਰ ਲਿਆ ਸੀ, ਉਹ ਮੰਗ ਕਰ ਰਹੇ ਸਨ ਕਿ ਇੰਦਰਾ ਗਾਂਧੀ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਉਹਨਾਂ ਨੇ ਆਤਮ ਸਮਰਪਣ ਕਰ ਦਿੱਤਾ ਸੀ,ਪਰੰਤੂ ਦੋ ਸਾਲ ਬਾਅਦ ਜਦੋਂ 1980 ਵਿੱਚ ਦੁਬਾਰਾ ਕਾਂਗਰਸ ਦੀ ਸਰਕਾਰ ਬਣੀ, ਤਾਂ ਉਤਰ ਪ੍ਰਦੇਸ਼ ਸਰਕਾਰ ਨੇ ਉਹਨਾਂ ਦੇ ਵਿਰੁੱਧ ਕੇਸ ਵਾਪਸ ਲੈ ਲਏ। ਇੱਥੇ ਹੀ ਬੱਸ ਨਹੀਂ ਬਾਅਦ ਵਿੱਚ ਉਹਨਾਂ ਨੂੰ ਕਾਂਗਰਸ ਵੱਲੋਂ ਟਿਕਟਾਂ ਦੇ ਕੇ ਵੀ ਨਿਵਾਜਿਆ ਗਿਆ। ਅਜਿਹੇ ਜਹਾਜ਼ ਅਗਵਾ ਦੇ ਮਾਮਲੇ ਵਿੱਚ ਸਿੱਖਾਂ ਨੂੰ ਜਲਾਵਤਨ ਰਹਿਕੇ ਜ਼ਿੰਦਗੀ ਗੁਜ਼ਾਰਨ ਲਈ ਮਜਬੂਰ ਕੀਤਾ ਗਿਆ ਅਤੇ ਭਾਰਤ ਵਿੱਚ ਰਹਿ ਗਏ ਜਹਾਜ਼ ਅਗਵਾ ਕਾਂਡ ਵਾਲੇ ਸਿੱਖਾਂ ਨੂੰ ਜਿੱਥੇ ਲੰਮਾ ਸਮਾਂ ਜੇਲ੍ਹਾਂ ਕੱਟਣੀਆਂ ਪਈਆਂ ਓਥੇ ਹੁਣ ਬੁਢਾਪੇ ਵਿੱਚ ਵੀ ਅਦਾਲਤਾਂ ਦੇ ਚੱਕਰਾਂ ਵਿੱਚ ਉਲਝਾ ਕੇ ਰੱਖਿਆ ਹੋਇਆ ਹੈ। ਸਾਰੀਆਂ ਉਦਾਹਰਨਾਂ ਇਹੋ ਦਰਸਾਉਂਦੀਆਂ ਹਨ ਕਿ ਭਾਰਤ ਅੰਦਰ ਕਾਨੂੰਨ ਦਾ ਮਾਪਦੰਡ ਹਰ ਜਗ੍ਹਾ ਇੱਕੋ ਜਿਹਾ ਨਹੀਂ ਹੈ। ਡੇਰਾ ਸਿਰਸਾ ਮੁਖੀ ਦਾ ਮਾਮਲਾ ਵੀ ਇਸੇ ਦੋਹਰੇ ਮਾਪਦੰਡ ਦੀ ਇੱਕ ਹੋਰ ਮਿਸਾਲ ਹੈ। ਗੰਭੀਰ ਜੁਰਮਾਂ ਵਿੱਚ ਸਜ਼ਾ ਕੱਟਣ ਦੇ ਬਾਵਜੂਦ ਉਸ ਨੂੰ ਵਾਰ-ਵਾਰ ਪੈਰੋਲ ਮਿਲ ਰਹੀ ਹੈ। ਜਦੋਂ ਕਿ ਬੰਦੀ ਸਿੰਘਾਂ ਲਈ ਉਹਨਾਂ ਦੇ ਪਰਿਵਾਰਿਕ ਮੈਂਬਰਾਂ ਦੀ ਮੌਤ ਲਈ ਵੀ ਪੈਰੋਲ ਨਹੀਂ ਮਿਲਦੀ ਜਾਂ ਫਿਰ ਕੁੱਝ ਘੰਟਿਆਂ ਦੀ ਮਿਲਦੀ ਹੈ। ਉਹਨਾਂ ਦੀ ਰਿਹਾਈ, ਦੂਹਰੀਆਂ ਸਜ਼ਾਵਾਂ ਕੱਟਣ ਦੇ ਬਾਵਜੂਦ ਵੀ ਸ਼ਰਤਾਂ ਨਾਲ ਜੋੜੀ ਜਾ ਰਹੀ ਹੈ। ਇਹ ਵੀ ਸਚਾਈ ਹੈ ਕਿ ਸਿੱਖਾਂ ਦੀ ਦੁਰਦਸ਼ਾ ਲਈ ਸਿੱਖ ਲੀਡਰਸ਼ਿਪ ਬਰਾਬਰ ਜ਼ਿੰਮੇਵਾਰ ਹੈ। ਅੱਜ ਸਿੱਖ ਰਾਜਨੀਤੀ ਦਾ ਹਾਲ ਇਹ ਹੈ ਕਿ ਬੰਦੀ ਸਿੰਘਾਂ ਦਾ ਮਸਲਾ ਇੱਕ ਜਜ਼ਬਾਤੀ ਨਾਅਰਾ ਬਣ ਕੇ ਰਹਿ ਗਿਆ ਹੈ। ਹਰ ਪਾਰਟੀ ਅਤੇ ਆਗੂ ਇਸਦੀ ਵਰਤੋਂ ਸਿਆਸੀ ਲਾਭ ਲਈ ਕਰਦਾ ਹੈ, ਪਰ ਹਕੀਕਤ ਵਿੱਚ ਕੋਈ ਢੰਗ ਦੀ ਕਾਨੂੰਨੀ ਜਾਂ ਰਣਨੀਤਿਕ ਲੜਾਈ ਨਹੀਂ ਲੜੀ ਜਾ ਰਹੀ। ਸ਼ਰੋਮਣੀ ਅਕਾਲੀ ਦਲ ਹੋਵੇ ਜਾਂ ਹੋਰ ਸਿੱਖ ਧਿਰਾਂ ਹੋਣ, ਸਭ ਨੇ ਇਸ ਮਸਲੇ ਨੂੰ ਆਪਣੇ ਆਪਣੇ ਸਿਆਸੀ ਮੁਫਾਦ ਲਈ ਵਰਤਿਆ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬਾਨਾਂ ਦੀ ਭੂਮਿਕਾ ਵੀ ਕੋਈ ਤਸੱਲੀਬਖਸ਼ ਨਹੀਂ ਰਹੀ। ਇਹ ਸਚਾਈ ਹੈ ਕਿ ਅਜ਼ਾਦ ਸਿੱਖ ਪ੍ਰਭੂਸੱਤਾ ਦੇ ਪ੍ਰਤੀਕ, ਮੀਰੀ ਪੀਰੀ ਦੇ ਸਰਬ ਉੱਚ ਅਸਥਾਨ 'ਤੇ ਬੈਠ ਕੇ ਵੀ ਸਿੰਘ ਸਾਹਿਬਾਨ ਕੌਮ ਦੇ ਹਿੱਤਾਂ ਪ੍ਰਤੀ ਸੰਜੀਦਾ ਨਹੀਂ ਰਹੇ। ਇਤਿਹਾਸ ਗਵਾਹ ਹੈ ਕਿ ਜਦੋਂ ਵੀ ਅਕਾਲ ਤਖ਼ਤ ਸਾਹਿਬ ਤੋਂ ਸਪੱਸ਼ਟ ਦਿਸ਼ਾ ਮਿਲਦੀ ਰਹੀ ਹੈ ਸਿੱਖ ਕੌਮ ਨੇ ਨਵੇਂ ਦਿਸਹੱਦੇ ਸਿਰਜੇ ਹਨ। ਕੇਂਦਰੀ ਤਾਕਤਾਂ ਵੱਲੋਂ ਸਿੱਖਾਂ ਨਾਲ ਵਿਤਕਰੇਬਾਜ਼ੀ ਕਰਨ ਦੇ ਪਿੱਛੇ ਇੱਕ ਵੱਡਾ ਕਾਰਨ ਇਹ ਵੀ ਹੈ ਕਿ ਸਿੱਖ ਅੰਦਰੂਨੀ ਤੌਰ 'ਤੇ ਕਮਜ਼ੋਰ ਹੋ ਚੁੱਕੇ ਹਨ। ਆਪਸੀ ਧੜੇਬੰਦੀ, ਨਿੱਜੀ ਵਿਰੋਧ ਅਤੇ ਰਾਜਨੀਤਿਕ ਟਕਰਾਅ ਨੇ ਕੌਮ ਦੀ ਸਾਂਝੀ ਤਾਕਤ ਨੂੰ ਖੋਖਲਾ ਕਰ ਦਿੱਤਾ ਹੈ। ਜਦੋਂ ਕੋਈ ਕੌਮ ਅੰਦਰੋਂ ਕਮਜ਼ੋਰ ਹੋਵੇ, ਤਾਂ ਬਾਹਰੀ ਤਾਕਤਾਂ ਲਈ ਉਸ 'ਤੇ ਦਬਾਅ ਬਣਾਉਣਾ ਆਸਾਨ ਹੋ ਜਾਂਦਾ ਹੈ। ਇਸ ਦੇ ਨਾਲ ਹੀ ਪੰਜਾਬ ਦੀ ਸਮਾਜਿਕ ਸਥਿਤੀ ਵੀ ਚਿੰਤਾਜਨਕ ਹੈ। ਜੁਆਨੀ ਦਾ ਵੱਡਾ ਹਿੱਸਾ ਵਿਦੇਸ਼ਾਂ ਵੱਲ ਕੂਚ ਕਰ ਚੁੱਕਾ ਹੈ, ਜਦੋਂ ਕਿ ਇਥੇ ਰਹਿ ਗਈ ਜੁਆਨੀ ਨੂੰ ਸਾਜਿਸ਼ ਤਹਿਤ ਨਸ਼ਿਆਂ ਵੱਲ ਧੱਕਿਆ ਜਾ ਰਿਹਾ ਹੈ ਅਤੇ ਪੂਰੇ ਖਿੱਤੇ ਦੀ ਤਾਕਤ ਨੂੰ ਖਤਮ ਕੀਤਾ ਜਾ ਰਿਹਾ ਹੈ। ਅਜਿਹੇ ਹਾਲਾਤਾਂ ਵਿੱਚ ਸਿਰਫ ਅਪੀਲਾਂ ਅਤੇ ਬਿਆਨਾਂ ਨਾਲ ਕੁਝ ਨਹੀਂ ਬਦਲੇਗਾ। ਪੰਜਾਬ ਦੀ ਵਿਗੜੀ ਸੰਵਾਰਨ ਲਈ ਏਕਤਾ ਦੀ ਲੋੜ ਹੈ। ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਸਿੱਖ ਕੌਮ ਦੀ ਪਾਟੋਧਾੜ ਤੋਂ ਅਲੱਗ ਨਹੀਂ ਹੈ, ਇਸ ਲਈ ਅੱਜ ਸਭ ਤੋਂ ਵੱਡੀ ਲੋੜ ਹੈ ਇੱਕਜੁੱਟਤਾ ਦੀ ਹੈ। ਸਿੱਖ ਕੌਮ ਨੂੰ ਆਪਣੇ ਅੰਦਰੂਨੀ ਕਾਟੋ ਕਲੇਸ਼ ਤੋਂ ਉੱਪਰ ਉਠ ਕੇ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਵਿੱਚ ਇੱਕ ਸਾਂਝੀ ਰਣਨੀਤੀ ਬਣਾਉਣੀ ਪਵੇਗੀ। ਬਿਨਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਅਗਵਾਈ ਤੋਂ ਕੋਈ ਵੀ ਸੰਘਰਸ਼ ਸਫਲਤਾ ਦੇ ਕਰੀਬ ਵੀ ਨਹੀਂ ਪੁੱਜ ਸਕਦਾ। ਪੁਰਾਤਨ ਇਤਿਹਾਸ ਤਾਂ ਇਸ ਗੱਲ ਦੀ ਗਵਾਹੀ ਭਰਦਾ ਹੀ ਭਰਦਾ ਹੈ, ਬਲਕਿ 2018 ਦਾ ਬੇਅਦਬੀਆਂ ਦੇ ਇਨਸਾਫ ਲਈ ਲੱਗਿਆ ਬਰਗਾੜੀ ਇਨਸਾਫ ਮੋਰਚਾ ਵੀ ਇਸ ਗੱਲ ਦਾ ਗਵਾਹ ਹੈ ਕਿ ਸਿੱਖ ਸੰਗਤ ਨੇ ਸਰਬੱਤ ਖਾਲਸਾ ਵੱਲੋਂ ਥਾਪੇ ਕਾਰਜਕਾਰੀ ਜਥੇਦਾਰ ਦੀ ਅਗਵਾਈ ਨੂੰ ਕਬੂਲਿਆ ਅਤੇ ਸਰਕਾਰਾਂ ਨੂੰ ਗੋਡਿਆਂ ਭਾਰ ਕਰ ਦਿੱਤਾ ਸੀ, ਪਰ ਕੌਮ ਦੀ ਬਦਕਿਸਮਤੀ ਇਹ ਰਹੀ ਕਿ ਜਥੇਦਾਰ ਖੁਦ ਆਪਣੇ ਬਚਨਾਂ 'ਤੇ ਪਹਿਰਾ ਨਾ ਦੇ ਸਕੇ, ਜਿਸ ਦੀ ਬਦੌਲਤ ਸਿੱਖ ਕੌਮ ਜਿੱਤੀ ਹੋਈ ਬਾਜ਼ੀ ਹਾਰ ਗਈ। ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਸਲਾ ਸਿਰਫ ਇੱਕ ਕਾਨੂੰਨੀ ਲੜਾਈ ਨਹੀਂ, ਸਗੋਂ ਕੌਮ ਦੀ ਅਸਲੀ ਤਾਕਤ ਦੀ ਪਰਖ ਹੈ। ਜੇ ਕੌਮ ਇਕੱਠੇ ਹੋ ਕੇ ਇਸਨੂੰ ਲੜੇਗੀ ਤਾਂ ਨਤੀਜੇ ਵੀ ਚੰਗੇ ਆਉਣਗੇ। ਨਹੀਂ ਤਾਂ ਇਹ ਮਸਲਾ ਸਿਰਫ ਸਿਆਸੀ ਨਾਅਰਾ ਬਣ ਕੇ ਰਹਿ ਜਾਵੇਗਾ। ਇਹ ਵੀ ਚਿੱਟੇ ਦਿਨ ਵਰਗਾ ਸੱਚ ਹੈ ਕ ਸਿੱਖ ਕੌਮ ਨੂੰ ਦੇਸ਼ ਅਜ਼ਾਦ ਹੋ ਜਾਣ ਤੋਂ ਬਾਅਦ ਇਸ ਮੁਲਕ ਵਿੱਚ ਨਾ ਕਦੇ ਆਪਣੇ ਸਮਝਿਆ ਗਿਆ ਹੈ ਅਤੇ ਨਾ ਹੀ ਧੱਕੇਸ਼ਾਹੀਆਂ ਦਾ ਇਨਸਾਫ ਹੀ ਮਿਲਿਆ ਹੈ। ਜੇਕਰ ਕੌਮ ਦੀ ਸਮੁੱਚੀ ਲੀਡਰਸ਼ਿੱਪ ਦਿੱਲੀ ਦੀ ਬੁਰਕੀ ਦੀ ਝਾਕ ਛੱਡ ਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਹੋਣ ਲਈ ਸੁਹਿਰਦ ਹੋ ਜਾਵੇ ਅਤੇ ਏਕਤਾ ਵੱਲ ਕਦਮ ਵਧਾ ਦੇਵੇ, ਤਾਂ ਨਾ ਹੀ ਰਾਜ ਸੱਤਾ ਦੂਰ ਰਹੇਗੀ ਅਤੇ ਨਾ ਹੀ ਬੰਦੀ ਸਿੰਘਾਂ ਸਮੇਤ ਸਿੱਖਾਂ ਦੇ ਲਟਕਦੇ ਮਸਲੇ ਰਹਿਣਗੇ, ਪ੍ਰੰਤੂ ਸਿੱਖ ਲੀਡਰਸ਼ਿੱਪ ਦਿੱਲੀ ਤੋਂ ਛਿੱਤਰ ਖਾ ਖਾ ਕੇ ਐਨੀ ਢੀਠ ਅਤੇ ਬੇਗੈਰਤੀ ਹੋ ਚੁੱਕੀ ਹੈ ਕਿ ਉਹਨਾਂ ਦੀ ਵਫਾਦਾਰੀ ਫਿਰ ਵੀ ਆਪਣਿਆਂ ਨਾਲ ਨਹੀਂ ਬਲਕਿ ਦਿੱਲੀ ਨਾਲ ਹੀ ਰਹਿਣ ਦੀਆਂ ਸੰਭਾਵਨਾਵਾਂ ਜ਼ਿਆਦਾ ਦਿਖਾਈ ਦਿੰਦੀਆਂ ਹਨ। ਸੌ ਹੱਥ ਰੱਸਾ ਸਿਰੇ' ਤੇ ਗੰਢ ਵਾਲੀ ਗੱਲ ਫਿਰ ਵੀ ਉਹੋ ਹੀ ਰਹਿਣੀ ਹੈ ਕਿ ਏਕੇ ਤੋਂ ਬਗੈਰ ਨਾ ਰਾਜਨੀਤਕ ਤਾਕਤ ਮਿਲੇਗੀ ਅਤੇ ਨਾ ਹੀ ਇਨਸਾਫ ਮਿਲਣ ਦੀ ਸੰਭਾਵਨਾ ਰਹੇਗੀ। ਸੋ ਅਰਦਾਸ ਕਰਨੀ ਬਣਦੀ ਹੈ ਕਿ ਅਕਾਲ ਪੁਰਖ ,ਰਾਜਨੀਤੀ ਦੇ ਕਾਰੋਬਾਰ 'ਚ ਮਸ਼ਰੂਫ਼ ਵੱਖ ਵੱਖ ਧੜਿਆਂ 'ਚ ਵੰਡੇ ਸਿੱਖ ਆਗੂਆਂ ਨੂੰ ਕੌਮੀ ਯੋਧਿਆਂ ਅਤੇ ਕੌਮੀ ਹਿੱਤਾਂ ਪ੍ਰਤੀ ਇਮਾਨਦਾਰ ਪਹੁੰਚ ਰੱਖਣ ਦੀ ਸੁਮੱਤ ਬਖ਼ਸ਼ੇ।

ਵਿੰਕਲਜੀਤ ਸਿੰਘ ਸਰਾ
9501477889

ਸੁੱਖੀ ਬਾਠ; ਮਾਨਵਤਾ ਦੇ ਅੰਬਰ ਦਾ ਉਹ ਚਾਨਣ-ਮੁਨਾਰਾ, ਜਿਸ ਨੇ 'ਸੇਵਾ' ਨੂੰ ਆਪਣੀ ਰੂਹ ਦੀ ਇਬਾਦਤ ਬਣਾ ਲਿਆ

ਇੱਕ ਰੂਹਾਨੀ ਦਸਤਕ ਅਤੇ ਮਾਨਵਤਾ ਦੇ ਵਿਹੜੇ ਵਿੱਚ ਮਹਿਕਾਂ : ਇਤਿਹਾਸ ਦੇ ਵਿਸ਼ਾਲ ਪੰਨਿਆਂ 'ਤੇ ਕੁਝ ਨਾਮ ਅਜਿਹੇ ਉਕਰੇ ਜਾਂਦੇ ਹਨ, ਜਿਨ੍ਹਾਂ ਦੀ ਚਮਕ ਵਕਤ ਦੀ ਗਰਦ ਨਾਲ ਧੁੰਦਲੀ ਨਹੀਂ ਹੁੰਦੀ, ਸਗੋਂ ਸਮੇਂ ਦੇ ਗੁਜ਼ਰਨ ਦੇ ਨਾਲ-ਨਾਲ ਉਨ੍ਹਾਂ ਦਾ ਜਲੌਅ ਹੋਰ ਵੀ ਨਿਖਰਦਾ ਜਾਂਦਾ ਹੈ। ਅੱਜ ਜਦੋਂ ਸੂਰਜ ਦੀਆਂ ਸੁਨਹਿਰੀ ਕਿਰਨਾਂ 'ਚੜ੍ਹਦੀਕਲਾ' ਦੇ ਵਿਹੜੇ ਨੂੰ ਰੁਸ਼ਨਾ ਰਹੀਆਂ ਸਨ, ਤਾਂ ਮੇਰੀ ਰੂਹ ਨੇ ਇੱਕ ਅਜਿਹੇ ਨਿੱਘ ਅਤੇ ਸਕੂਨ ਦਾ ਅਹਿਸਾਸ ਕੀਤਾ ਜੋ ਸ਼ਬਦਾਂ ਦੀਆਂ ਸੀਮਾਵਾਂ ਤੋਂ ਕਿਤੇ ਪਰੇ ਹੈ। ਅੱਜ ਸਾਡੇ ਵਿਹੜੇ ਵਿੱਚ ਇੱਕ ਅਜਿਹੀ ਸ਼ਖ਼ਸੀਅਤ ਨੇ ਦਸਤਕ ਦਿੱਤੀ, ਜਿਸ ਦਾ ਨਾਮ ਹੀ ਅੱਜ ਵਿਸ਼ਵ ਭਰ ਵਿੱਚ ਪੰਜਾਬੀਅਤ, ਨਿਮਰਤਾ, ਨਿਰਸਵਾਰਥ ਭਾਵਨਾ ਅਤੇ ਨਿਸ਼ਕਾਮ ਸੇਵਾ ਦਾ ਸਿਰਨਾਵਾਂ ਬਣ ਚੁੱਕਾ ਹੈ ਸ੍ਰੀ ਸੁੱਖੀ ਬਾਠ (ਸੰਸਥਾਪਕ, ਪੰਜਾਬ ਭਵਨ ਸਰੀ, ਕੈਨੇਡਾ)। ਮੈਂ ਅਕਸਰ ਸੋਚਦਾ ਸੀ ਕਿ ਅੱਜ ਦੇ ਇਸ ਪਦਾਰਥਵਾਦੀ ਅਤੇ ਸਵਾਰਥੀ ਯੁੱਗ ਵਿੱਚ, ਜਿੱਥੇ ਹਰ ਇਨਸਾਨ 'ਮੈਂ' ਦੀ ਕੈਦ ਵਿੱਚ ਗੁਆਚਿਆ ਹੋਇਆ ਹੈ, ਜਿੱਥੇ ਹਰ ਪਾਸੇ 'ਆਪੋ-ਧਾਪੀ' ਪਈ ਹੋਈ ਹੈ, ਕੀ ਅਜੇ ਵੀ ਕੋਈ ਅਜਿਹਾ 'ਸੱਚਾ ਇਨਸਾਨ' ਮੌਜੂਦ ਹੈ ਜੋ ਦੂਜਿਆਂ ਦੇ ਹੰਝੂ ਪੂੰਝਣ ਲਈ ਆਪਣੀ ਹਸਤੀ ਨੂੰ ਲੇਖੇ ਲਾ ਸਕੇ? ਅੱਜ ਸੁੱਖੀ ਬਾਠ ਜੀ ਨਾਲ ਬੈਠ ਕੇ ਮੇਰੇ ਇਸ ਸਵਾਲ ਦਾ ਜਵਾਬ ਨਾ ਸਿਰਫ ਮਿਲ ਗਿਆ, ਸਗੋਂ ਮੇਰੀਆਂ ਅੱਖਾਂ ਨੇ ਉਸ ਇਨਸਾਨੀਅਤ ਦਾ ਪ੍ਰਤੱਖ ਅਤੇ ਜੀਵੰਤ ਰੂਪ ਵੀ ਦੇਖ ਲਿਆ। ਉਨ੍ਹਾਂ ਨਾਲ ਗੁਜ਼ਾਰੇ ਕੁਝ ਪਲ ਮੇਰੇ ਲਈ ਕਿਸੇ ਰੂਹਾਨੀ ਤੀਰਥ ਯਾਤਰਾ ਤੋਂ ਘੱਟ ਨਹੀਂ ਸਨ। ਉਨ੍ਹਾਂ ਦੀ ਸ਼ਖ਼ਸੀਅਤ ਵਿੱਚ ਉਹ ਖਿੱਚ ਹੈ, ਜੋ ਸਿਰਫ਼ ਉਨ੍ਹਾਂ ਰੂਹਾਂ ਦੇ ਹਿੱਸੇ ਆਉਂਦੀ ਹੈ ਜਿਨ੍ਹਾਂ ਨੇ ਆਪਣਾ ਜੀਵਨ 'ਸਰਬੱਤ ਦੇ ਭਲੇ' ਦੇ ਲੇਖੇ ਲਾਇਆ ਹੋਵੇ।

ਸਾਂਝਾਂ ਦੀ ਗੂੜ੍ਹੀ ਤੰਦ; ਸ. ਹਰਪ੍ਰੀਤ ਸਿੰਘ ਦਰਦੀ ਦਾ ਵਿਸ਼ੇਸ਼ ਧੰਨਵਾਦ ਅਤੇ ਸਤਿਕਾਰ : ਅੱਜ ਦੀ ਇਹ ਮੁਲਾਕਾਤ ਉਦੋਂ ਹੋਰ ਵੀ ਅਹਿਮ, ਪ੍ਰਭਾਵਸ਼ਾਲੀ ਅਤੇ ਇਤਿਹਾਸਕ ਹੋ ਗਈ ਜਦੋਂ ਚੜ੍ਹਦੀਕਲਾ ਟਾਈਮ ਟੀਵੀ ਦੇ ਡਾਇਰੈਕਟਰ ਸ. ਹਰਪ੍ਰੀਤ ਸਿੰਘ ਦਰਦੀ ਇਸ ਮਿਲਣੀ ਦਾ ਮੁੱਖ ਧੁਰਾ ਬਣੇ। ਮੈਂ ਨਿੱਜੀ ਤੌਰ 'ਤੇ ਹਰਪ੍ਰੀਤ ਸਿੰਘ ਦਰਦੀ ਦਾ ਦਿਲੋਂ ਧੰਨਵਾਦ ਅਤੇ ਸਤਿਕਾਰ ਕਰਦਾ ਹਾਂ, ਜੋ ਅਕਸਰ ਮੈਨੂੰ ਸੁੱਖੀ ਬਾਠ ਵਰਗੀਆਂ ਮਹਾਨ, ਦੂਰਅੰਦੇਸ਼ ਅਤੇ ਪ੍ਰੇਰਨਾਦਾਇਕ ਹਸਤੀਆਂ ਨਾਲ ਮਿਲਵਾਉਂਦੇ ਰਹਿੰਦੇ ਹਨ। ਦਰਦੀ ਜੀ ਦੀ ਪਾਰਖੂ ਨਜ਼ਰ ਅਤੇ ਉੱਚੀ ਸੋਚ ਸਦਕਾ ਹੀ ਅਜਿਹੇ ਬੌਧਿਕ ਅਤੇ ਰੂਹਾਨੀ ਮਿਲਾਪ ਸੰਭਵ ਹੁੰਦੇ ਹਨ, ਜੋ ਕਿਸੇ ਲੇਖਕ ਲਈ ਸ਼ਬਦਾਂ ਦਾ ਅਨਮੋਲ ਖ਼ਜ਼ਾਨਾ ਬਣ ਜਾਂਦੇ ਹਨ। ਦਰਦੀ ਜੀ ਅਤੇ ਬਾਠ ਜੀ ਵਿਚਕਾਰ ਹੋਈ ਇਸ ਵਿਚਾਰ-ਚਰਚਾ ਵਿੱਚੋਂ ਮਾਨਵਤਾ ਦੇ ਭਲੇ ਅਤੇ ਪੰਜਾਬੀ ਮਾਂ-ਬੋਲੀ ਦੀ ਚੜ੍ਹਦੀਕਲਾ ਲਈ ਇੱਕ ਸਾਂਝਾ ਵਿਜ਼ਨ ਉੱਭਰ ਕੇ ਸਾਹਮਣੇ ਆਇਆ। ਦਰਦੀ ਜੀ ਦੀ ਅਗਵਾਈ ਹੇਠ ਸੁੱਖੀ ਬਾਠ ਜੀ ਅਤੇ ਉਨ੍ਹਾਂ ਦੀ ਟੀਮ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਸੁੱਖੀ ਬਾਠ ਜੀ ਨੇ ਬਹੁਤ ਹੀ ਭਾਵੁਕ ਲਹਿਜੇ ਵਿੱਚ ਆਪਣੀਆਂ ਪੁਰਾਣੀਆਂ ਯਾਦਾਂ ਸਾਂਝੀਆਂ ਕਰਦਿਆਂ ਦੱਸਿਆ ਕਿ 'ਚੜ੍ਹਦੀਕਲਾ' ਅਦਾਰੇ ਨਾਲ ਉਨ੍ਹਾਂ ਦੀ ਸਾਂਝ ਕੋਈ ਅੱਜ ਦੀ ਨਹੀਂ, ਸਗੋਂ ਦਹਾਕਿਆਂ ਪੁਰਾਣੀ ਹੈ। ਇਹ ਸਾਂਝ 'ਸੱਚ ਅਤੇ ਸੇਵਾ' ਦੇ ਉਸ ਬੁਨਿਆਦੀ ਸਿਧਾਂਤ 'ਤੇ ਟਿਕੀ ਹੋਈ ਹੈ, ਜੋ ਦੋਵਾਂ ਸ਼ਖ਼ਸੀਅਤਾਂ ਦੇ ਜੀਵਨ ਦਾ ਮੂਲ ਆਧਾਰ ਹੈ।

ਮੁਲਾਕਾਤ ਦਾ ਭਾਵੁਕ ਉਦੇਸ਼; ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ ਜੀ ਦੀ ਸਿਹਤਯਾਬੀ ਲਈ ਅਰਦਾਸ : ਅੱਜ ਸੁੱਖੀ ਬਾਠ ਦੇ 'ਚੜ੍ਹਦੀਕਲਾ' ਪਹੁੰਚਣ ਦਾ ਸਭ ਤੋਂ ਅਹਿਮ, ਸੰਵੇਦਨਸ਼ੀਲ ਅਤੇ ਭਾਵੁਕ ਉਦੇਸ਼ ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ ਜੀ (ਚੇਅਰਮੈਨ, ਚੜ੍ਹਦੀਕਲਾ ਗਰੁੱਪ) ਦਾ ਹਾਲ-ਚਾਲ ਜਾਣਨਾ ਸੀ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਇੱਕ ਸਮਾਗਮ ਦੌਰਾਨ ਡਾ. ਦਰਦੀ ਸਾਹਿਬ ਨੂੰ ਅਚਾਨਕ ਸੱਟ ਲੱਗ ਗਈ ਸੀ, ਜਿਸ ਕਾਰਨ ਡਾਕਟਰਾਂ ਨੇ ਉਨ੍ਹਾਂ ਨੂੰ ਮੁਕੰਮਲ ਸਿਹਤਯਾਬ ਹੋਣ ਤੱਕ ਆਰਾਮ (Rest) ਦੀ ਸਲਾਹ ਦਿੱਤੀ ਹੈ।

ਸੁੱਖੀ ਬਾਠ ਦੀ ਇਹ ਫੇਰੀ ਉਨ੍ਹਾਂ ਦੇ ਦਰਦੀ ਸਾਹਿਬ ਪ੍ਰਤੀ ਡੂੰਘੇ ਪਿਆਰ, ਸਨੇਹ ਅਤੇ ਅਥਾਹ ਸਤਿਕਾਰ ਦਾ ਪ੍ਰਗਟਾਵਾ ਸੀ। ਸੱਚ ਤਾਂ ਇਹ ਹੈ ਕਿ ਡਾ. ਜਗਜੀਤ ਸਿੰਘ ਦਰਦੀ ਸਾਹਿਬ 'ਚੜ੍ਹਦੀਕਲਾ' ਅਦਾਰੇ ਦੀ ਰੌਣਕ, ਮਾਣ, ਤਾਣ ਅਤੇ ਰੂਹ ਹਨ। ਉਨ੍ਹਾਂ ਦੀ ਗੈਰ-ਮੌਜੂਦਗੀ ਵਿੱਚ ਦਫ਼ਤਰ ਅਤੇ ਚੜ੍ਹਦੀਕਲਾ ਸਮੁੱਚਾ ਵਿਹੜਾ ਖਾਲੀ-ਖਾਲੀ ਮਹਿਸੂਸ ਹੁੰਦਾ ਹੈ। ਚੜ੍ਹਦੀਕਲਾ ਪਰਿਵਾਰ ਦਾ ਹਰ ਇੱਕ ਮੈਂਬਰ ਰੋਜ਼ ਉਸ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕਰਦਾ ਹੈ ਕਿ ਦਰਦੀ ਸਾਹਿਬ ਜਲਦੀ ਸਿਹਤਯਾਬ ਹੋ ਕੇ ਮੁੜ ਆਪਣੇ ਵਿਹੜੇ ਦੀ ਰੌਣਕ ਵਧਾਉਣ। ਉਨ੍ਹਾਂ ਦੀ ਰਹਿਨੁਮਾਈ ਸਾਡੇ ਸਭ ਲਈ ਇੱਕ ਅਜਿਹਾ ਛਾਇਆਦਾਰ ਰੁੱਖ ਹੈ, ਜਿਸ ਦੀ ਓਟ ਹੇਠ ਅਸੀਂ ਸੁਰੱਖਿਅਤ ਅਤੇ ਉਤਸ਼ਾਹਿਤ ਮਹਿਸੂਸ ਕਰਦੇ ਹਾਂ। ਸੁੱਖੀ ਬਾਠ ਨੇ ਵੀ ਉਨ੍ਹਾਂ ਦੀ ਸਿਹਤ ਲਈ ਦਿਲੀ ਦੁਆਵਾਂ ਕੀਤੀਆਂ ਅਤੇ ਇਸ ਗੂੜ੍ਹੇ ਰਿਸ਼ਤੇ ਨੂੰ ਹੋਰ ਮਜ਼ਬੂਤ ਕੀਤਾ।

'ਨਵੀਆਂ ਕਲਮਾਂ ਨਵੀਂ ਉਡਾਣ'; ਬਾਲ ਸਾਹਿਤ ਦੇ ਖੇਤਰ ਵਿੱਚ ਇੱਕ ਇਤਿਹਾਸਕ ਇਨਕਲਾਬ : ਸੁੱਖੀ ਬਾਠ ਜੀ ਸਿਰਫ਼ ਗੱਲਾਂ ਦੇ ਸ਼ਾਹ ਅਸਵਾਰ ਨਹੀਂ ਹਨ, ਉਨ੍ਹਾਂ ਦੇ 'ਕਾਰਜ' ਪੂਰੀ ਦੁਨੀਆ ਵਿੱਚ ਬੋਲਦੇ ਹਨ। ਉਨ੍ਹਾਂ ਵੱਲੋਂ ਸ਼ੁਰੂ ਕੀਤਾ ਗਿਆ ਮਹਾਨ ਪ੍ਰੋਜੈਕਟ 'ਨਵੀਆਂ ਕਲਮਾਂ ਨਵੀਂ ਉਡਾਣ' ਅੱਜ ਇੱਕ ਅੰਤਰਰਾਸ਼ਟਰੀ ਲਹਿਰ ਦਾ ਰੂਪ ਧਾਰਨ ਕਰ ਚੁੱਕਾ ਹੈ। ਸਤੰਬਰ 2023 ਵਿੱਚ ਪਟਿਆਲੇ ਦੀ ਪਵਿੱਤਰ ਧਰਤੀ ਤੋਂ ਸ਼ੁਰੂ ਹੋਏ ਇਸ ਸਫ਼ਰ ਨੇ ਪੰਜਾਬੀ ਸਾਹਿਤ ਦੇ ਇਤਿਹਾਸ ਵਿੱਚ ਨਵੇਂ ਅਤੇ ਅਣਕਿਆਸੇ ਕੀਰਤੀਮਾਨ ਸਥਾਪਿਤ ਕੀਤੇ ਹਨ। ਇਸ ਪ੍ਰੋਜੈਕਟ ਦੇ ਵੇਰਵੇ ਰੂਹ ਨੂੰ ਗਦ-ਗਦ ਕਰ ਦੇਣ ਵਾਲੇ ਹਨ:

ਵਿਸ਼ਾਲ ਨੈੱਟਵਰਕ: ਇਸ ਵੇਲੇ ਲਗਭਗ 16,000 ਬਾਲ ਲੇਖਕ ਅਤੇ 500 ਗਾਈਡ ਅਧਿਆਪਕ ਇਸ ਮਿਸ਼ਨ ਨਾਲ ਜੁੜੇ ਹੋਏ ਹਨ, ਜੋ ਮਾਂ-ਬੋਲੀ ਦੀ ਸੇਵਾ ਵਿੱਚ ਦਿਨ-ਰਾਤ ਜੁਟੇ ਹੋਏ ਹਨ।

ਕਿਤਾਬਾਂ ਦਾ ਪ੍ਰਕਾਸ਼ਨ: ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਵਿੱਚ 10 ਤੋਂ 18 ਸਾਲ ਤੱਕ ਦੇ ਬੱਚਿਆਂ ਦੀਆਂ ਖੁਦ ਲਿਖੀਆਂ ਰਚਨਾਵਾਂ ਨੂੰ ਇਕੱਤਰ ਕਰਕੇ ਉਨ੍ਹਾਂ ਨੂੰ ਕਿਤਾਬੀ ਰੂਪ ਦਿੱਤਾ ਗਿਆ ਹੈ। ਹੁਣ ਤੱਕ 70 ਦੇ ਕਰੀਬ ਕਿਤਾਬਾਂ ਲੋਕ-ਅਰਪਣ ਹੋ ਚੁੱਕੀਆਂ ਹਨ ਅਤੇ 20 ਹੋਰ ਪ੍ਰਕਾਸ਼ਨ ਅਧੀਨ ਹਨ।

ਸਰਹੱਦਾਂ ਪਾਰ ਪ੍ਰਚਾਰ: ਇਹ ਪ੍ਰੋਜੈਕਟ ਸਰਹੱਦਾਂ ਦੀਆਂ ਵਲਗਣਾਂ ਪਾਰ ਕਰਕੇ ਪਾਕਿਸਤਾਨ ਦੇ 17 ਜ਼ਿਲ੍ਹਿਆਂ ਤੱਕ ਪਹੁੰਚ ਚੁੱਕਾ ਹੈ, ਜਿੱਥੇ ਪੰਜ ਜ਼ਿਲ੍ਹਿਆਂ ਵਿੱਚ 'ਸ਼ਾਹਮੁਖੀ' ਲਿਪੀ ਵਿੱਚ ਕਿਤਾਬਾਂ ਛਾਪੀਆਂ ਗਈਆਂ ਹਨ। ਇਸ ਤੋਂ ਇਲਾਵਾ ਇੰਗਲੈਂਡ, ਫਰਾਂਸ, ਕੈਨੇਡਾ, ਆਸਟਰੇਲੀਆ, ਅਮਰੀਕਾ, ਇਟਲੀ ਅਤੇ ਯੂਗਾਂਡਾ ਵਿੱਚ ਵੀ ਪੰਜਾਬੀ ਬੱਚਿਆਂ ਦੀਆਂ ਲਿਖਤਾਂ ਨੂੰ ਸੰਭਾਲਿਆ ਜਾ ਰਿਹਾ ਹੈ।

ਕੌਮਾਂਤਰੀ ਸੰਮੇਲਨ: ਮਸਤੂਆਣਾ ਸਾਹਿਬ, ਸ੍ਰੀ ਗੰਗਾਨਗਰ (ਰਾਜਸਥਾਨ), ਹਨੂੰਮਾਨਗੜ੍ਹ ਅਤੇ ਮੁੰਬਈ ਵਰਗੇ ਮਹਾਨਗਰਾਂ ਵਿੱਚ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸਾਂ ਕਰਵਾਈਆਂ ਗਈਆਂ। ਇਨ੍ਹਾਂ ਸਮਾਗਮਾਂ ਵਿੱਚ ਸ਼ਾਮਲ ਹੋਣ ਵਾਲੇ ਹਜ਼ਾਰਾਂ ਬੱਚਿਆਂ ਅਤੇ ਅਧਿਆਪਕਾਂ ਦੇ ਰਹਿਣ, ਖਾਣ-ਪੀਣ ਅਤੇ ਆਉਣ-ਜਾਣ ਦਾ ਸਮੁੱਚਾ ਖਰਚਾ ਪੰਜਾਬ ਭਵਨ ਸਰੀ ਵੱਲੋਂ ਚੁੱਕਿਆ ਗਿਆ, ਜੋ ਸੁੱਖੀ ਬਾਠ ਜੀ ਦੀ ਦਰਿਆ-ਦਿਲੀ ਦੀ ਵੱਡੀ ਮਿਸਾਲ ਹੈ।

ਅਦਾਰਾ ਚੜ੍ਹਦੀਕਲਾ ਵਿਖੇ ਪਹੁੰਚੀਆਂ ਅਹਿਮ ਸ਼ਖ਼ਸੀਅਤਾਂ ਅਤੇ ਸਨਮਾਨ : ਅੱਜ ਦੀ ਇਸ ਵਿਸ਼ੇਸ਼ ਮਿਲਣੀ ਵਿੱਚ ਸੁੱਖੀ ਬਾਠ ਜੀ ਦੇ ਨਾਲ ਉਨ੍ਹਾਂ ਦੀ ਟੀਮ ਦੇ ਮਜ਼ਬੂਤ ਥੰਮ੍ਹ ਅਤੇ ਸਮਰਪਿਤ ਮੈਂਬਰ ਵੀ ਮੌਜੂਦ ਸਨ, ਜਿਨ੍ਹਾਂ ਨੇ ਇਸ ਪ੍ਰੋਜੈਕਟ ਨੂੰ ਕਾਮਯਾਬ ਕਰਨ ਵਿੱਚ ਦਿਨ-ਰਾਤ ਇੱਕ ਕੀਤਾ ਹੈ। ਇਸ ਟੀਮ ਵਿੱਚ ਓਂਕਾਰ ਸਿੰਘ ਤੇਜੇ (ਪ੍ਰੋਜੈਕਟ ਇੰਚਾਰਜ), ਮੈਡਮ ਸ਼ਸ਼ੀ ਬਾਲਾ (ਸਲਾਹਕਾਰ) ਅਤੇ ਪ੍ਰਸਿੱਧ ਲੇਖਿਕਾ ਬਲਜੀਤ ਸ਼ਰਮਾ ਖ਼ਜ਼ਾਨਚੀ ਸ਼ਾਮਲ ਸਨ। ਚੜ੍ਹਦੀਕਲਾ ਟਾਈਮ ਟੀਵੀ ਦੇ ਡਾਇਰੈਕਟਰ ਸ. ਹਰਪ੍ਰੀਤ ਸਿੰਘ ਦਰਦੀ ਅਤੇ ਮੈਂਬਰਾਂ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਮਹਿਮਾਨਾਂ ਨੂੰ 'ਚੜ੍ਹਦੀਕਲਾ' ਅਦਾਰੇ ਵੱਲੋਂ ਵਿਸ਼ੇਸ਼ ਸਨਮਾਨ ਚਿੰਨ੍ਹ ਭੇਟ ਕੀਤੇ ਗਏ, ਜੋ ਕਿ ਸਿਰਫ਼ ਇੱਕ ਰਸਮ ਨਹੀਂ ਸਗੋਂ ਦੋਵਾਂ ਅਦਾਰਿਆਂ ਵਿਚਕਾਰ ਗੂੜ੍ਹੇ ਪਿਆਰ ਦਾ ਪ੍ਰਤੀਕ ਸੀ।

ਸੁੱਖੀ ਬਾਠ; ਕਿਸੇ ਪਛਾਣ ਦੇ ਮੁਹਤਾਜ਼ ਨਹੀਂ, ਸਗੋਂ ਖੁਦ ਇੱਕ ਸੰਸਥਾ : ਸੁੱਖੀ ਬਾਠ ਜੀ ਦੀ ਸ਼ਖ਼ਸੀਅਤ ਇੱਕ ਅਜਿਹਾ ਦਰਪਣ ਹੈ, ਜਿਸ ਵਿੱਚ ਸੇਵਾ, ਨਿਮਰਤਾ, ਦੂਰਦਰਸ਼ਤਾ ਅਤੇ ਨੇਤ੍ਰਿਤਵ ਦੇ ਸਾਰੇ ਗੁਣ ਇੱਕਜੁੱਟ ਨਜ਼ਰ ਆਉਂਦੇ ਹਨ। ਉਨ੍ਹਾਂ ਦਾ ਜੀਵਨ ਸਿਖਾਉਂਦਾ ਹੈ ਕਿ ਅਸਲ ਅਮੀਰੀ ਬੈਂਕ ਖਾਤਿਆਂ ਵਿੱਚ ਨਹੀਂ, ਸਗੋਂ ਲੋਕਾਂ ਦੀਆਂ ਦੁਆਵਾਂ ਵਿੱਚ ਹੁੰਦੀ ਹੈ। ਉਨ੍ਹਾਂ ਨੇ ਸਾਬਤ ਕਰ ਦਿੱਤਾ ਕਿ ਜੇਕਰ ਨੀਅਤ ਸਾਫ਼ ਹੋਵੇ, ਤਾਂ ਇਕੱਲਾ ਬੰਦਾ ਵੀ ਉਹ ਕਾਰਜ ਕਰ ਸਕਦਾ ਹੈ ਜੋ ਵੱਡੀਆਂ-ਵੱਡੀਆਂ ਸਰਕਾਰਾਂ ਵੀ ਨਹੀਂ ਕਰ ਸਕਦੀਆਂ। ਵਿਦੇਸ਼ ਵਿੱਚ ਰਹਿੰਦਿਆਂ ਹੋਇਆਂ ਵੀ ਉਨ੍ਹਾਂ ਨੇ ਆਪਣੀ ਭਾਸ਼ਾ ਅਤੇ ਰਿਵਾਜ਼ਾਂ ਨਾਲ ਆਪਣਾ ਨਾਤਾ ਕਦੇ ਨਹੀਂ ਤੋੜਿਆ।

ਉਹ ਅਕਸਰ ਕਹਿੰਦੇ ਹਨ: ਸੱਭਿਆਚਾਰ ਸਾਡੀ ਪਛਾਣ ਹੈ ਅਤੇ ਇਸਨੂੰ ਬਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਮਾਨਵਤਾ ਦੀ ਜਿਉਂਦੀ-ਜਾਗਦੀ ਮਿਸਾਲ ਅਤੇ ਭਵਿੱਖ ਦੀ ਆਸ : ਅੰਤ ਵਿੱਚ, ਮੈਂ ਇਹੀ ਕਹਾਂਗਾ ਕਿ ਸੁੱਖੀ ਬਾਠ ਜੀ ਵਰਗੇ 'ਸੱਚੇ ਅਤੇ ਸੁੱਚੇ' ਇਨਸਾਨ ਕਿਸੇ ਖਾਸ ਖੇਤਰ ਜਾਂ ਕੌਮ ਦੀ ਨਿੱਜੀ ਜਾਇਦਾਦ ਨਹੀਂ ਹੁੰਦੇ, ਉਹ ਪੂਰੀ ਮਨੁੱਖਤਾ ਦਾ ਸਾਂਝਾ ਸਰਮਾਇਆ ਹੁੰਦੇ ਹਨ। ਅੱਜ ਚੜ੍ਹਦੀਕਲਾ ਦੇ ਵਿਹੜੇ ਵਿੱਚ ਹੋਈ ਇਹ ਮੁਲਾਕਾਤ, ਜਿਸ ਵਿੱਚ ਸ. ਹਰਪ੍ਰੀਤ ਸਿੰਘ ਦਰਦੀ ਜੀ ਦਾ ਪਿਆਰ ਅਤੇ ਡਾ. ਜਗਜੀਤ ਸਿੰਘ ਦਰਦੀ ਸਾਹਿਬ ਦੀ ਸਿਹਤ ਪ੍ਰਤੀ ਗਹਿਰੀ ਚਿੰਤਾ ਅਤੇ ਸਤਿਕਾਰ ਸ਼ਾਮਲ ਸੀ, ਮੇਰੇ ਲੇਖਣੀ ਦੇ ਸਫ਼ਰ ਦਾ ਇੱਕ ਸੁਨਹਿਰੀ ਪੰਨਾ ਬਣ ਗਈ ਹੈ। ਅਸੀਂ ਸਭ ਅਕਾਲ ਪੁਰਖ ਅੱਗੇ ਅਰਦਾਸ ਕਰਦੇ ਹਾਂ ਕਿ ਪਦਮ ਸ੍ਰੀ ਡਾ. ਜਗਜੀਤ ਸਿੰਘ ਦਰਦੀ ਸਾਹਿਬ ਜਲਦੀ ਸਿਹਤਯਾਬ ਹੋ ਕੇ ਮੁੜ ਸਾਡੀ ਰੌਣਕ ਬਣਨ ਅਤੇ ਸੁੱਖੀ ਬਾਠ ਜੀ ਇਸੇ ਤਰ੍ਹਾਂ ਪੰਜਾਬੀਅਤ ਦੇ ਇਸ ਬਗੀਚੇ ਨੂੰ ਆਪਣੀ ਮਿਹਨਤ ਅਤੇ ਨਿਰਸਵਾਰਥ ਪਿਆਰ ਨਾਲ ਸਿੰਜਦੇ ਰਹਿਣ। ਇਹ ਧਰਤੀ ਅਜਿਹੇ ਇਨਸਾਨਾਂ ਸਦਕਾ ਹੀ ਵੱਸ ਰਹੀ ਹੈ, ਜੋ ਆਪਣਾ ਸੁੱਖ ਤਿਆਗ ਕੇ ਲੋਕਾਈ ਦੀ ਸੇਵਾ ਲਈ ਹਰ ਵਕਤ ਖੜ੍ਹੇ ਰਹਿੰਦੇ ਹਨ। ਬਹੁਤ ਘੱਟ ਹੁੰਦੇ ਨੇ ਉਹ ਲੋਕ ਜੋ ਦੂਜਿਆਂ ਲਈ ਜਿਉਂਦੇ ਨੇ, ਸੁੱਖੀ ਬਾਠ ਜੀ ਉਨ੍ਹਾਂ 'ਚੋਂ ਇੱਕ ਹਨ ਜੋ ਸੱਚਮੁੱਚ ਇਨਸਾਨੀਅਤ ਦੀ ਸ਼ਾਨ ਵਧਾਉਂਦੇ ਨੇ।

ਪੁਰਾਣੀ ਅਨਾਜ ਮੰਡੀ ਵਿਖੇ ਸ਼ਰਧਾ ਭਾਵਨਾ ਨਾਲ ਕਰਵਾਏ ਗਏ ਸ੍ਰੀ ਰਾਮਾਇਣ ਜੀ ਦੇ ਪਾਠ

ਸੁਨਾਮ ਊਧਮ ਸਿੰਘ ਵਾਲਾ, 26 ਅਪ੍ਰੈਲ (ਮੋਹਣ ਸ਼ਰਮਾ / ਰਾਊਵਰਿੰਦਰ ਮਠਾੜੂ): ਸੁਨਾਮ ਦੀ ਪੁਰਾਣੀ ਅਨਾਜ਼ ਮੰਡੀ ਵਿਖੇ ਸ੍ਰੀ ਰਾਮਾਇਣ ਜੀ ਦੇ ਪਾਠ ਸ਼ਰਧਾ ਭਾਵਨਾ ਨਾਲ ਸੰਪੰਨ ਹੋਏ ਇਸ ਮੌਕੇ ’ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ’ਤੇ ਸੰਗਤਾਂ ਵੱਲੋਂ ਧਾਰਮਿਕ ਭਗਵਾਨ ਸ਼੍ਰੀ ਰਾਮ ਜੀ ਦੇ ਭਜਨ ਗਾ ਕੇ ਕੀਰਤਨ ਅਤੇ ਸਤਿਸੰਗ ਵੀ ਕੀਤੇ ਗਏ, ਭੋਗ ਤੋਂ ਪਹਿਲਾਂ ਕਾਂਸਲ ਪਰਿਵਾਰ ਅਤੇ ਸੰਗਤਾਂ ਵੱਲੋਂ ਸ੍ਰੀ ਰਾਮਾਇਣ ਜੀ ਦੀ ਆਰਤੀ ਕੀਤੀ ਗਈ, ਅਤੇ ਜੈ ਸ਼੍ਰੀ ਰਾਮ ਲਲਾ ਦੇ ਜੈਕਾਰੇ ਲਗਾਏ ਗਏ। ਇਸ ਮੌਕੇ ’ਤੇ ਵੱਡੀ ਗਿਣਤੀ ਵਿੱਚ ਰਾਜਨੀਤਿਕ ਆਗੂਆਂ, ਜਿਨ੍ਹਾਂ ਵਿੱਚ ਭਾਜਪਾ ਜ਼ਿਲ੍ਹਾ ਪ੍ਰਧਾਨ ਦਮਨ ਬਾਜਵਾ ਅਤੇ ਹਰਮਨ ਬਾਜਵਾ, ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਸ੍ਰੀ ਵਿਨਰਜੀਤ ਸਿੰਘ ਗੋਲਡੀ, ਕਾਂਗਰਸੀ ਆਗੂ ਰਜਿੰਦਰ ਦੀਪਾ, ਰਜਿੰਦਰ ਸਿੰਘ ਰਾਜਾ, ਅਮਨਵੀਰ ਚੈਰੀ, ਬ੍ਰਾਹਮਣ ਸਭਾ ਦੇ ਸ੍ਰੀ ਪ੍ਰਦੀਪ ਮੈਨਨ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀਆਂ ਨੇ ਇਸ ਪਵਿੱਤਰ ਸਮੇ ਪਹੁੰਚ ਕੇ ਭਗਵਾਨ ਸ਼੍ਰੀ ਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਪ੍ਰਬੰਧਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਮਾਜ ਵਿੱਚ ਏਕਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ। ਇਸ ਮੌਕੇ ਮੁੱਖ ਜਜਮਾਨ ਅਤੇ ਸਾਬਕਾ ਰੋਟਰੀ ਗਵਰਨਰ, ਸ਼੍ਰੀ ਘਨਸ਼ਿਆਮ ਕਾਂਸਲ ਅਤੇ ਉਨ੍ਹਾਂ ਦੇ ਪਰਿਵਾਰ ਨੇ ਪੂਰੀਆਂ ਰਸਮਾਂ ਨਾਲ ਪੂਜਾ ਕੀਤੀ, ਅਤੇ ਮਹਿਲਾ ਕੀਰਤਨ ਅਤੇ ਸੰਕੀਰਤਨ ਮੰਡਲੀ ਨੇ ਆਪਣੇ ਭਜਨਾਂ ਨਾਲ ਸ਼ਰਧਾਲੂਆਂ ਨੂੰ ਨਿਹਾਲ ਕੀਤਾ।ਸ਼੍ਰੀ ਰਾਮਾਇਣ ਦੀ ਆਰਤੀ ਤੋਂ ਬਾਅਦ, ਪ੍ਰਬੰਧਕਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਆਲੇ ਦੁਆਲੇ ਦੇ ਇਲਾਕੇ ਦੇ ਨਿਵਾਸੀਆਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰਬੰਧਕਾਂ ਨੇ ਕਿਹਾ ਕਿ ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰ ਅਤੇ ਪਰੰਪਰਾਵਾਂ ਨਾਲ ਜੋੜਨ ਲਈ ਸਮੇਂ-ਸਮੇਂ ਤੇ ਅਜਿਹੇ ਧਾਰਮਿਕ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ। ਇਸ ਮੌਕੇ ਅਗਰਵਾਲ ਸਭਾ ਦੇ ਪ੍ਰਧਾਨ ਵਿਕਰਮ ਗਰਗ, ਵਿੱਕੀ ਗੁਜਰਾਂਵਾਲੇ, ਸੰਤੋਸ਼ ਕੁਮਾਰ, ਰੋਹਿਤ ਬੱਬੂ ਲੌਂਗੋਵਾਲੀਆ, ਰਿਸ਼ੀਪਾਲ ਖਹਿਰਾ, ਮਨੀਸ਼ ਬਾਂਸਲ, ਟਿੰਮੀ ਬਾਂਸਲ, ਗੋਲੂ ਕਨਕਵਾਲੀਆ, ਭੋਲੂ ਕਨਕਵਾਲੀਆ, ਅਭਿਸ਼ੇਕ ਮਿੱਤਲ, ਈਸ਼ਵਰ ਗਰਗ, ਸੰਜੇ ਗੋਇਲ, ਰਮਣੀਕ ਗਰਗ, ਦੀਪਿਕਾ ਗਰਗ, ਦੀਪਿਕਾ ਗਰਗ, ਦੀਪਇੰਦਰ ਕੁਮਾਰ ਆਦਿ ਹਾਜ਼ਰ ਸਨ। ਦੀਪੂ, ਸੰਚਿਤ ਬਾਂਸਲ, ਰਾਜਨ ਸਿੰਗਲਾ, ਅਨਿਲ ਜੁਨੇਜਾ, ਧੀਰਜ ਗੋਇਲ, ਸ਼ੰਕਰ ਬਾਂਸਲ, ਸਾਹਿਲ ਗਰਗ, ਬਬਲੂ, ਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਿਰਕਤ ਕੀਤੀ।

ਭਾਰਤ ਸਰਕਾਰ ਵੱਲੋਂ ਕੇਂਦਰੀ ਸਤਿਕਾਰ ਕਾਨੂੰਨ ਬਣਾਉਣ ਲਈ ਕੇਂਦਰੀ ਮੰਤਰੀ ਮਨੋਹਰ ਲਾਲ ਨਾਲ ਜਥੇਦਾਰ ਦਾਦੂਵਾਲ ਨੇ ਕੀਤੀ ਮੁਲਾਕਾਤ

ਤਲਵੰਡੀ ਸਾਬੋ, 26 ਅਪ੍ਰੈਲ (ਰਾਮ ਕੁਮਾਰ ਜਿੰਦਲ): ਭਾਰਤ ਸਰਕਾਰ ਦੇ ਪਾਵਰ ਅਤੇ ਅਰਬਨ ਡਿਵੈਲਪਮੈਂਟ ਸ੍ਰੀ ਮਨੋਹਰ ਲਾਲ ਖੱਟੜ ਸਾਬਕਾ ਮੁੱਖ ਮੰਤਰੀ ਹਰਿਆਣਾ ਨਾਲ ਉਨ੍ਹਾਂ ਦੇ ਦਿੱਲੀ ਸਥਿਤ ਨਿਵਾਸ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਮੁਲਾਕਾਤ ਕੀਤੀ ਅਤੇ ਮੰਗ ਪੱਤਰ ਸੌਂਪਿਆ। ਜਥੇਦਾਰ ਦਾਦੂਵਾਲ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮੁਲਾਕਾਤ ਦੌਰਾਨ ਕੇਂਦਰੀ ਮੰਤਰੀ ਸ੍ਰੀ ਮਨੋਹਰ ਲਾਲ ਖੱਟੜ ਅਤੇ ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਸਤਿਕਾਰ ਵਿੱਚ ਬੇਅਦਬੀ ਕਰਨ ਵਾਲੇ ਦੋਸ਼ੀਆ ਖਿਲਾਫ਼ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਜਾਗਤ ਜੋਤਿ ਸਤਿਕਾਰ ਕਾਨੂੰਨ ਬਾਰੇ ਵਿਚਾਰ ਚਰਚਾ ਹੋਈ ਅਤੇ ਜਥੇਦਾਰ ਦਾਦੂਵਾਲ ਨੇ ਕੇਂਦਰੀ ਮੰਤਰੀ ਨੂੰ ਮੰਗ ਪੱਤਰ ਸੌਂਪਦਿਆਂ ਕਿਹਾ ਕਿ ਸਖ਼ਤ ਕਾਨੂੰਨ ਭਾਰਤ ਸਰਕਾਰ ਵੱਲੋਂ ਬਣਨਾ ਚਾਹੀਦਾ, ਜੋ ਪੂਰੇ ਦੇਸ਼ ਵਿੱਚ ਲਾਗੂ ਹੋ ਸਕੇ। ਜਥੇਦਾਰ ਦਾਦੂਵਾਲ ਨੇ ਮੰਗ ਪੱਤਰ ਵਿੱਚ ਲਿਖਿਆ ਕੇ ਮਾਣਯੋਗ ਮੰਤਰੀ ਸਾਹਿਬ ਆਪ ਜੀ ਨੂੰ ਪਤਾ ਹੀ ਹੈ ਕਿ ਚਹੁੰ ਵਰਨਾਂ ਨੂੰ ਸਾਂਝਾ ਉਪਦੇਸ਼ ਕਰਨ ਵਾਲੇ ਸਾਰੀ ਮਨੁੱਖਤਾ ਦੇ ਸਾਂਝੇ ਰਹਿਬਰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਸਤਿਕਾਰ ਵਿੱਚ ਪੰਜਾਬ ਸਰਕਾਰ ਵੱਲੋਂ 13 ਅਪ੍ਰੈਲ 2026 ਨੂੰ ਵਿਧਾਨ ਸਭਾ ਵਿੱਚ ਬਿੱਲ ਪਾਸ ਕੀਤਾ ਗਿਆ ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਬੇਅਦਬੀ ਅਤੇ ਸਾਜ਼ਿਸ਼ ਕਰਨ ਵਾਲੇ ਨੂੰ ਸਖ਼ਤ ਸਜ਼ਾ ਤੇ ਜੁਰਮਾਨਾ ਕਰਨ ਦਾ ਕਾਨੂੰਨ ਪਾਸ ਕੀਤਾ ਗਿਆ ਹੈ। ਮਾਨਯੋਗ ਗਵਰਨਰ ਪੰਜਾਬ ਨੇ ਆਪਣੇ ਦਸਤਖ਼ਤ ਕਰਕੇ ਇਹ ਕਨੂੰਨ ਪਾਸ ਕਰ ਦਿੱਤਾ ਹੈ, ਮੈਂ ਇਸ ਦੀ ਸ਼ਲਾਘਾ ਕਰਦਾਂ ਹਾਂ, ਜਿਸ ਨਾਲ ਉਮੀਦ ਕੀਤੀ ਜਾ ਸਕਦੀ ਹੈ, ਕਿ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜ਼ਾਮ ਦੇਣ ਵਾਲੇ ਦੋਸ਼ੀ ਲੋਕਾਂ ਦੇ ਹੌਂਸਲੇ ਪਸਤ ਹੋਣਗੇ ਅਤੇ ਬੇਅਦਬੀ ਦੀਆਂ ਘਟਨਾਵਾਂ ਨੂੰ ਠੱਲ੍ਹ ਪਵੇਗੀ। ਮੈਂ ਸਮੁੱਚੇ ਸਿੱਖ ਪੰਥ ਅਤੇ ਸ਼ਰਧਾਲੂ ਸੰਗਤਾਂ ਵੱਲੋਂ ਆਪ ਜੀ ਨੂੰ ਸਨਿਮਰ ਬੇਨਤੀ ਕਰਨੀ ਚਾਹੁੰਦਾ ਹਾਂ ਕਿ ਇਹ ਕਾਨੂੰਨ ਸਿਰਫ਼ ਪੰਜਾਬ ਸਟੇਟ ਵਿੱਚ ਹੀ ਲਾਗੂ ਹੋਵੇਗਾ। ਪਰ ਅਜਿਹੇ ਕਨੂੰਨ ਦੀ ਪੂਰੇ ਦੇਸ਼ ਵਿੱਚ ਜ਼ਰੂਰਤ ਹੈ। ਪਿਛਲੇ ਸਮੇਂ ਵਿੱਚ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਿੱਖ ਪੰਥ ਨਾਲ ਸਬੰਧਿਤ ਬਹੁਤ ਸਾਰੇ ਚੰਗੇ ਕਾਰਜ਼ ਕੀਤੇ ਹਨ, ਜਿਵੇਂ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲਣਾ, ਸਾਹਿਬਜ਼ਾਦਿਆਂ ਦਾ ਦਿਨ ਵੱਡੀ ਪੱਧਰ ’ਤੇ ਮਨਾਉਣਾ, ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੀ ਸ਼ਤਾਬਦੀ 400 ਸਾਲਾ ਪ੍ਰਕਾਸ਼ ਦਿਹਾੜਾ ਅਤੇ 350 ਸਾਲਾ ਸ਼ਹੀਦੀ ਦਿਹਾੜਾ ਲਾਲ ਕਿਲੇ ’ਤੇ ਮਨਾਉਣਾ, ਅਜਿਹੇ ਚੰਗੇ ਕਾਰਜ ਹਨ, ਜਿਸਦੀ ਸ਼ਲਾਘਾ ਪੂਰੇ ਸੰਸਾਰ ਵਿੱਚ ਹੋਈ ਹੈ। ਆਪ ਜੀ ਦੇਸ਼ ’ਤੇ ਰਾਜ ਕਰ ਰਹੀ ਭਾਰਤੀ ਜਨਤਾ ਪਾਰਟੀ ਦਾ ਅਹਿਮ ਹਿੱਸਾ ਅਤੇ ਭਾਰਤ ਸਰਕਾਰ ਵਿੱਚ ਮੰਤਰੀ ਹੋ ਅਤੇ ਹਰਿਆਣਾ ਦੇ ਮੁੱਖ ਮੰਤਰੀ ਹੁੰਦਿਆਂ ਵੀ ਆਪ ਜੀ ਨੇ ਸਿੱਖ ਗੁਰੂਆਂ ਦੀਆਂ ਸ਼ਤਾਬਦੀਆਂ ਵੱਡੇ ਪੱਧਰ ’ਤੇ ਮਨਾਈਆਂ ਸਨ। ਇਸ ਲਈ ਮੈਂ ਆਪ ਜੀ ਨੂੰ ਸਤਿਕਾਰ ਸਹਿਤ ਬੇਨਤੀ ਕਰਦਾ ਹਾਂ ਕਿ ਭਾਰਤ ਸਰਕਾਰ ਨਾਲ ਸਲਾਹ ਮਸ਼ਵਰਾ ਕਰਕੇ ਇੱਕ ਅਜਿਹਾ ਸਖ਼ਤ ਕਾਨੂੰਨ ਕੇਂਦਰ ਸਰਕਾਰ ਵੱਲੋਂ ਪਾਸ ਕਰਵਾਇਆ ਜਾਵੇ ਜੋ ਪੂਰੇ ਦੇਸ਼ ਵਿੱਚ ਲਾਗੂ ਹੋਵੇ, ਜਿਸ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਬੇਅਦਬੀ ਕਰਨ ਅਤੇ ਕਰਾਉਣ ਵਾਲੇ ਨੂੰ ਸਖ਼ਤ ਜ਼ੁਰਮਾਨਾ ਅਤੇ ਸਜਾ ਦਿੱਤੀ ਜਾ ਸਕੇ। ਇਹ ਵੀ ਬੇਨਤੀ ਹੈ ਕਿ ਹਰੇਕ ਧਰਮ ਦੇ ਗ੍ਰੰਥ ਸਤਿਕਾਰਯੋਗ ਹਨ, ਉਨ੍ਹਾਂ ਦੇ ਸਤਿਕਾਰ ਲਈ ਵੀ ਕੇਂਦਰ ਸਰਕਾਰ ਇੱਕ ਵੱਖਰਾ ਕਾਨੂੰਨ ਪਾਸ ਕਰੇ ਤਾਂ ਕਿ ਕੋਈ ਵੀ ਵਿਅਕਤੀ ਅਜਿਹੀ ਘਟਨਾ ਨੂੰ ਅੰਜਾਮ ਨਾ ਦੇ ਸਕੇ ਅਜਿਹਾ ਸਖ਼ਤ ਕਨੂੰਨ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਸਹਾਈ ਹੋਵੇਗਾ। ਮੈਨੂੰ ਪੂਰੀ ਆਸ ਹੈ ਕੇ ਆਪ ਜੀ ਮੇਰੀ ਬੇਨਤੀ ਨੂੰ ਸਵੀਕਾਰ ਕਰਦੇ ਹੋਏ ਅਜਿਹਾ ਯਤਨ ਜ਼ਰੂਰ ਕਰੋਗੇ ਆਪ ਜੀ ਦਾ ਧੰਨਵਾਦੀ ਹੋਵਾਂਗਾ।

ਦਲਬਦਲੂ ਸੰਸਦ ਮੈਂਬਰਾਂ ਵਿਰੁੱਧ ਗੁੱਸਾ ਫੁੱਟਿਆ, ਟੀਮ ਅਮਨ ਅਰੋੜਾ ਵੱਲੋਂ ਰੋਸ ਪ੍ਰਦਰਸ਼ਨ

ਸੁਨਾਮ ਊਧਮ ਸਿੰਘ ਵਾਲਾ, 26 ਅਪ੍ਰੈਲ (ਮੋਹਣ ਸ਼ਰਮਾ ਰਾਊਵਰਿੰਦਰ ਮਠਾੜੂ) : ਰਾਜ ਸਭਾ ਮੈਂਬਰਾਂ ਰਾਘਵ ਚੱਢਾ, ਸੰਦੀਪ ਪਾਠਕ, ਵਿਕਰਮ ਸਾਹਨੀ, ਹਰਭਜਨ ਸਿੰਘ, ਅਸ਼ੋਕ ਮਿੱਤਲ ਅਤੇ ਰਾਜਿੰਦਰ ਗੁਪਤਾ ਦੇ ਭਾਰਤੀ ਜਨਤਾ ਪਾਰਟੀ ਨਾਲ ਮਿਲ ਜਾਣ ’ਤੇ ਦਲਬਦਲੂ ਸੰਸਦ ਮੈਂਬਰਾਂ ਵਿਰੁੱਧ ਸੁਨਾਮ ਵਿਖੇ ਗੁੱਸਾ ਫੁੱਟਿਆ ਹੈ ਅਤੇ ਇਸ ਦੌਰਾਨ ਟੀਮ ਅਮਨ ਅਰੋੜਾ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਪਾਰਟੀ ਵਰਕਰਾਂ ਨੇ ਪੰਜਾਬ ਦੇ ਗੱਦਾਰ ਮੁਰਦਾਬਾਦ ਦੇ ਨਾਅਰੇ ਲਗਾਏ। ਆਪ ਸੂਬਾ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ ਵਾਲੀ ਟੀਮ ਮੈਂਬਰਾਂ ਨੇ ਸੁਨਾਮ ਦੇ ਹਲਕਾ ਸੰਗਠਨ ਇੰਚਾਰਜ ਅਵਤਾਰ ਸਿੰਘ ਈਲਵਾਲ, ਬਲਾਕ ਪ੍ਰਧਾਨ ਸਾਹਿਬ ਸਿੰਘ ਤੇ ਸੰਦੀਪ ਜਿੰਦਲ ਦੀ ਅਗਵਾਈ ’ਚ ਆਪ ਵਰਕਰਾਂ ਨੇ ਸ਼ਹਿਰ ਵਿੱਚ ਮੁਜ਼ਾਹਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਪੰਜਾਬ ਦੇ ਗੱਦਾਰ ਨਾਅਰੇ ਲਾਉਂਦਿਆਂ ਕਿਹਾ ਕਿ ਅਵਤਾਰ ਸਿੰਘ ਈਲਵਾਲ, ਬਲਾਕ ਪ੍ਰਧਾਨ ਸਾਹਿਬ ਸਿੰਘ ਤੇ ਸੰਦੀਪ ਜਿੰਦਲ ਨੇ ਕਿਹਾ ਕਿ ਪੰਜਾਬ ਵਿੱਚ 2027 ਵਿੱਚ ‘ਆਪ’ ਦੀ ਸਰਕਾਰ ਮੁੜ ਸੱਤਾ ਵਿੱਚ ਆਵੇਗੀ ਅਤੇ ਭਾਜਪਾ ਦੀਆਂ ਹਤਾਸ਼ ਚਾਲਾਂ ਕਾਮਯਾਬ ਨਹੀਂ ਹੋਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਸ ਵਿਸ਼ਵਾਸਘਾਤ ਨੂੰ ਕਦੇ ਵੀ ਮੁਆਫ਼ ਨਹੀਂ ਕਰਨਗੇ।ਅਮਨ ਅਰੋੜਾ ਮੀਡੀਆ ਇੰਚਾਰਜ ਜਤਿੰਦਰ ਜੈਨ ਨੇ ਕਿਹਾ ਕਿ ਨਿਰਾਸ਼ਾ ਵਿੱਚ ਆ ਕੇ ਭਾਜਪਾ ਨੇ ਆਪ ਦੇ ਰਾਜ ਸਭਾ ਮੈਂਬਰਾਂ ਨੂੰ ਆਪਣੇ ਪਾਸੇ ਕਰਨ ਦਾ ਸਹਾਰਾ ਲਿਆ ਹੈ। ਜੈਨ ਨੇ ਕਿਹਾ ਕਿ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਨੇ ਆਪ ਵਿਰੁੱਧ ਇੱਕ ਨਾਪਾਕ ਗੱਠਜੋੜ ਬਣਾ ਲਿਆ ਹੈ, ਜਿਸ ਕਾਰਨ ਉਨ੍ਹਾਂ ਦੇ ਆਗੂ ਆਪ ਵਿਧਾਇਕਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਬਾਰੇ ਇੱਕੋ ਜਿਹੇ ਬਿਆਨ ਦੇ ਰਹੇ ਹਨ।ਇਸ ਮੌਕੇ ਸਾਹਿਲ ਗਿੱਲ, ਮਨੀ ਸਰਾਓ, ਭਾਨੂ ਪ੍ਰਤਾਪ, ਯਾਦਵਿੰਦਰ ਨਿਰਮਾਣ, ਸੰਨੀ ਖੱਟਕ, ਹਰਵਿੰਦਰ ਨਾਮਧਾਰੀ, ਸੋਨੂੰ ਵਰਮਾ, ਨਿਰਮਲਾ ਦੇਵੀ, ਗੁਰਚਰਨ ਸਿੰਘ, ਬਲਾਕ ਪ੍ਰਧਾਨ ਜਗਵੀਰ ਅਕਬਰਪੁਰ, ਵਿਸ਼ਾਲ ਕੌਸ਼ਲ, ਐਮ ਸੀ ਹਰਪਾਲ ਹਾਂਡਾ ਚਮਕੌਰ ਹਾਂਡਾ, ਦੀਪਾ ਭਰੂਰ, ਦਲਵੀਰ ਸਿੰਘ ਅਤੇ ਰਵੀ ਕਮਲ ਗੋਇਲ ਸਮੇਤ ਕਈ ਹੋਰ ਵੀ ਸੀਨੀਅਰ ਆਗੂ ਮੌਜੂਦ ਸਨ।

ਭਾਰਤੀ ਜਨਤਾ ਪਾਰਟੀ ਬੁਢਲਾਡਾ ਵੱਲੋਂ ਨਗਰ ਕੌਂਸਲ ਦੀਆਂ ਚੋਣਾਂ ਦੇ ਸਬੰਧ ਵਿੱਚ ਕੀਤੀ ਮੀਟਿੰਗ

ਬੁਢਲਾਡਾ, 26 ਅਪ੍ਰੈਲ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ):ਭਾਰਤੀ ਜਨਤਾ ਪਾਰਟੀ ਬੁਢਲਾਡਾ ਵੱਲੋਂ ਆਉਣ ਵਾਲੀਆਂ ਨਗਰ ਕੌਂਸਲ ਦੀਆਂ ਚੋਣਾਂ ਦੇ ਸਬੰਧ ਵਿੱਚ ਮੰਡਲ ਪ੍ਰਧਾਨ ਕੁਸ਼ ਸ਼ਰਮਾ ਦੀ ਅਗਵਾਈ ਵਿਚ ਇੱਕ ਮੀਟਿੰਗ ਕੀਤੀ ਗਈ।ਜਿਸ ਵਿੱਚ ਭਾਰਤੀ ਜਨਤਾ ਪਾਰਟੀ ਬੁਢਲਾਡਾ ਵੱਲੋਂ ਆਪਣੀ ਤਿਆਰੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪਾਰਟੀ ਜੇਤੂ ਉਮੀਦਵਾਰਾਂ ਨੂੰ ਮੈਦਾਨ ਵਿਚ ਉਤਾਰਨ ਲਈ ਪੂਰੀ ਤਰ੍ਹਾਂ ਨਾਲ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਬੀਜੇਪੀ ਦੀ ਪੂਰੀ ਟੀਮ ਵੱਲੋਂ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਜਾਂਦਾ ਹੈ ਕਿ ਜਿਸ ਤਰ੍ਹਾਂ ਉਹ ਦੂਜੇ ਰਾਜਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਹੋਣ ਨਾਲ ਉਥੇ ਪੂਰਾ ਵਿਕਾਸ ਹੋ ਰਿਹਾ ਹੈ। ਉਸੇ ਹਿਸਾਬ ਨਾਲ ਅਸੀਂ ਆਪਣੇ ਪੰਜਾਬ ‘ਚ ਬੁਢਲਾਡਾ ਨਗਰ ਕੌਂਸਲ ਦੇ ਵਿੱਚ ਆਪਦੇ ਕੈਂਡੀਡੇਟ ਦੇ ਕੇ ਅਸੀਂ ਆਪਦੀ ਚੋਣ ਪ੍ਰਕਿਰਿਆ ਨੂੰ ਪੂਰੇ ਵਧੀਆ ਤਰੀਕੇ ਨਾਲ ਲੜ ਕੇ ਸਰਕਾਰ ਬਣਾ ਕੇ ਸ਼ਹਿਰ ਦਾ ਵਿਕਾਸ ਕਰਾਂਗੇ। ਉਨ੍ਹਾਂ ਕਿਹਾ ਕਿ ਜੋ ਪਿਛਲੀ ਸਰਕਾਰਾਂ ਦੇ ਵਿੱਚ ਇਹਨਾਂ ਨੇ ਨਹੀਂ ਕੁਝ ਕੀਤਾ, ਅਸੀਂ ਉਹੀ ਮੁੱਖ ਏਜੰਡਿਆਂ ਨੂੰ ਪੂਰਾ ਕਰਾਂਗੇ। ਉਨ੍ਹਾਂ ਕਿਹਾ ਕਿ ਜੇਕਰ ਭਾਰਤੀ ਜਨਤਾ ਪਾਰਟੀ ਪੰਜਾਬ ‘ਚ ਸਰਕਾਰ ਬਣਾਉਂਦੀ ਹੈ ਤਾਂ ਸਭ ਤੋਂ ਪਹਿਲਾਂ ਅਸੀਂ ਇਥੇ ਨੌਜਵਾਨੀ ਨੂੰ ਨਸ਼ੇ ਤੋਂ ਬਾਹਰ ਕੱਢ ਕੇ ਉਹਨਾਂ ਨੂੰ ਰੁਜ਼ਗਾਰ ਦੇਵਾਂਗੇ।ਉਨ੍ਹਾਂ ਕਿਹਾ ਕਿ ਦੂਜਾ ਸ਼ਹਿਰ ਦੀ ਸਫਾਈ ਜਿਵੇਂ ਸਵੱਛ ਭਾਰਤ ਮੁਹਿੰਮ ਦੇ ਤਹਿਤ ਕਾਫੀ ਪੈਸਾ ਆਇਆ ਸੀ, ਪਰ ਉਹ ਸਹੀ ਨਹੀਂ ਵਰਤਿਆ ਗਿਆ ਅਤੇ ਨਾ ਹੀ ਸਰਕਾਰ ਨੇ ਲਾਉਣ ਦਿੱਤਾ। ਉਹਨੂੰ ਅਸੀਂ ਸਹੀ ਤਰੀਕੇ ਨਾਲ ਲਾ ਕੇ ਸ਼ਹਿਰ ਨੂੰ ਸਾਫ਼ ਤੇ ਸੁੰਦਰ ਬਣਾਵਾਂਗੇ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਵਿਚ ਨਗਰ ਕੌਂਸਲ ਵਿਚ ਖਿੱਚੋਤਾਨ ਸਬੰਧੀ ਦਿੱਕਤਾਂ ਬਾਰੇ ਜਵਾਬ ਦਿੰਦਿਆਂ ਦੱਸਿਆ ਕਿ ਪਹਿਲਾਂ ਫੰਡ ਤਾਂ ਸੈਂਟਰ ਵੱਲੋਂ ਆਏ ਹਨ, ਇਹ ਤਾਂ ਉਹ ਮੰਨਦੇ ਹਨ, ਪਰੰਤੂ ਇਸ ਗੱਲ ਨੂੰ ਵੀ ਭਾਰਤੀ ਜਨਤਾ ਪਾਰਟੀ ਸੈਂਟਰ ਸਰਕਾਰ ਹਨ।ਹਰ ਰਾਜ ਦੇ ਵਿੱਚ, ਹਰ ਨਗਰ ਕੌਂਸਲ ਦੇ ਵਿੱਚ ਚਾਹੇ ਉਹ ਪ੍ਰਧਾਨ ਮੰਤਰੀ ਆਵਾਸ ਯੋਜਨਾ ਹੋਵੇ,ਪ੍ਰਧਾਨ ਮੰਤਰੀ ਸਿਹਤ ਬੀਮਾ ਯੋਜਨਾ ਹੋਵੇ, ਚਾਹੇ ਸਵੱਛ ਭਾਰਤ ਮੁਹਿੰਮ ਦੇ ਤਹਿਤ ਹੋਵੇ ਫੰਡ ਦਿੱਤਾ ਹੈ, ਜਿਸਦਾ ਪੰਜਾਬ ਸਰਕਾਰ ਨੇ ਸਹੀ ਇਸਤੇਮਾਲ ਨਹੀਂ ਕੀਤਾ।ਜਿਸ ਉੱਤੇ ਉਹ ਕੰਮ ਕਰਨਗੇ। ਉਨ੍ਹਾਂ ਕਿਹਾ ਜੋ ਫੰਡ ਆਏ ਹਨ, ਉਹਨਾਂ ਦੀ ਸਹੀ ਵਰਤੋਂ ਕਰਕੇ ਸ਼ਹਿਰ ਨੂੰ ਸਾਫ ਸੁਥਰਾ, ਕਾਰੋਬਾਰ ਲਈ ਵਪਾਰੀ ਵਰਗ ਲਈ ਜੋ ਵੀ ਪਾਰਟੀ ਦੇ ਮੁੱਖ ਏਜੰਡੇ ਹੋਣਗੇ। ਅਸੀਂ ਉਹਨਾਂ ਦੇ ਕੰਮ ਕਰਾਵਾਂਗੇ। ਉਨ੍ਹਾਂ ਵਾਰਡਬੰਦੀ ਸਬੰਧੀ ਦੱਸਿਆ ਕਿ ਸਿਰਫ ਦੋ-ਚਾਰ ਬੰਦਿਆਂ ਨੇ ਆਪਦੇ ਨਿੱਜੀ ਸਵਾਰਥ ਲਈ ਇਹ ਗਲਤ ਕਰਿਆ ਹੈ। ਜੇ ਉਹ ਨਗਰ ਕੌਂਸਲ ਦੇ ਵਿੱਚ ਇਹ ਮਤਾ ਰੱਖਦੇ ਹਰ ਕੌਂਸਲਰ ਨੂੰ ਪਤਾ ਹੁੰਦਾ ਤਾਂ ਅੱਜ ਉਹ ਜਵਾਬਦੇਹ ਵੀ ਹੁੰਦਾ।

ਪੁਲਿਸ ਲਾਈਨ ਨੇੜਿਓਂ ਨੌਜਵਾਨ ਲੜਕਾ ,ਲੜਕੀ ਅਗਵਾ, ਇਲਾਕੇ ’ਚ ਸਹਿਮ ਦਾ ਮਾਹੌਲ

ਬਠਿੰਡਾ, 26 ਅਪ੍ਰੈਲ (ਦੀਪਕ ਸ਼ਰਮਾ): ਸ਼ਹਿਰ ਦੇ ਅਤਿ-ਸੁਰੱਖਿਅਤ ਮੰਨੇ ਜਾਣ ਵਾਲੇ ਇਲਾਕੇ ਵਿੱਚ ਸਥਿਤ ਕਾਲੀ ਮਾਤਾ ਮੰਦਰ ਦੇ ਕੋਲੋਂ ਲੰਘੇ ਸ਼ਨੀਵਾਰ ਦੀ ਸਵੇਰ ਚਾਰ ਨਾ-ਮਲੂਮ ਕਾਰ ਸਵਾਰ ਵਿਅਕਤੀਆਂ ਵੱਲੋਂ ਇੱਕ ਨੌਜਵਾਨ ਲੜਕੇ ਅਤੇ ਲੜਕੀ ਨੂੰ ਦਿਨ-ਦਿਹਾੜੇ ਅਗਵਾ ਕਰ ਲੈਣ ਦਾ ਸਨਸਨੀਖੇਜ ਮਾਮਲਾ ਸਾਹਮਣੇ ਆਇਆ ਹੈ। ਵਾਰਦਾਤ ਤੋਂ ਪਹਿਲਾਂ ਕਥਿਤ ਦੋਸ਼ੀਆਂ ਵੱਲੋਂ ਪੀੜਤ ਜੋੜੇ ਦੀ ਬੇਰਹਿਮੀ ਨਾਲ ਕੁੱਟਮਾਰ ਵੀ ਕੀਤੀ ਗਈ। ਡੀਐਸਪੀ ਦਫ਼ਤਰ ਅਤੇ ਪੁਲਿਸ ਲਾਈਨ ਦੇ ਬਿਲਕੁੱਲ ਨੱਕ ਹੇਠ ਵਾਪਰੀ ਇਸ ਖੌਫ਼ਨਾਕ ਘਟਨਾ ਨੇ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਤੇ ਵੱਡੇ ਸਵਾਲੀਆ ਚਿੰਨ੍ਹ ਲਗਾ ਦਿੱਤੇ ਹਨ ਅਤੇ ਸਥਾਨਕ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ।ਮਿਲੀ ਜਾਣਕਾਰੀ ਅਨੁਸਾਰ, ਘਟਨਾ ਸ਼ਨੀਵਾਰ ਸਵੇਰੇ ਕਰੀਬ 9 ਤੋਂ 10 ਵਜੇ ਦੇ ਵਿਚਕਾਰ ਦੀ ਹੈ, ਜਦੋਂ ਪੀੜਤ ਲੜਕਾ-ਲੜਕੀ ਮੰਦਰ ਵਿੱਚ ਮੱਥਾ ਟੇਕਣ ਆਏ ਸਨ। ਇਸੇ ਦੌਰਾਨ ਇੱਕ ਕਾਰ ਵਿੱਚ ਸਵਾਰ ਹੋ ਕੇ ਆਏ 3-4 ਅਣਪਛਾਤੇ ਵਿਅਕਤੀਆਂ ਨੇ ਮੱਥਾ ਟੇਕਣ ਆਏ ਲੜਕਾ ਲੜਕੀ ਨੂੰ ਘੇਰ ਲਿਆ ਅਤੇ ਕੁੱਟਮਾਰ ਸ਼ੁਰੂ ਕਰ ਦਿੱਤੀ।ਚਸ਼ਮਦੀਦਾਂ ਅਨੁਸਾਰ, ਅਗਵਾਕਾਰ ਹਥਿਆਰਬੰਦ ਸਨ ਅਤੇ ਉਹਨਾਂ ਨੇ ਲੋਕਾਂ ਦੀ ਭੀੜ ਦੇ ਬਾਵਜੂਦ ਜੋੜੇ ਨੂੰ ਜ਼ਬਰਦਸਤੀ ਕਾਰ ਵਿੱਚ ਸੁੱਟਿਆ ਅਤੇ ਫ਼ਰਾਰ ਹੋ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਸਿਵਲ ਲਾਈਨ ਦੇ ਜਾਂਚ ਅਧਿਕਾਰੀ ਏਐਸਆਈ ਪ੍ਰੀਤਮ ਸਿੰਘ ਨੇ ਦੱਸਿਆ ਕਿ ਪੁਲਿਸ ਕੰਟਰੋਲ ਰੂਮ 112 ਤੇ ਆਈ ਕਾਲ ਤੋਂ ਬਾਅਦ ਤੁਰੰਤ ਕਾਰਵਾਈ ਸ਼ੁਰੂ ਕੀਤੀ ਗਈ ਹੈ। ਉਹਨਾਂ ਦੱਸਿਆ ਕਿ 3-4 ਨਾ-ਮਲੂਮ ਵਿਅਕਤੀਆਂ ਖਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ।ਜਾਂਚ ਅਧਿਕਾਰੀ ਨੇ ਦੱਸਿਆ ਕਿ ਪੁਲਿਸ ਵੱਲੋਂ ਮੰਦਰ ਅਤੇ ਆਸ-ਪਾਸ ਦੇ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਘਾਲੀ ਜਾ ਰਹੀ ਹੈ, ਤਾਂ ਜੋ ਅਗਵਾਕਾਰਾਂ ਅਤੇ ਵਰਤੀ ਗਈ ਕਾਰ ਦੀ ਪਛਾਣ ਕੀਤੀ ਜਾ ਸਕੇ। ਉਹਨਾਂ ਦਾਅਵਾ ਕੀਤਾ ਕਿ ਕਥਿਤ ਦੋਸ਼ੀਆਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰਕੇ ਲੜਕਾ-ਲੜਕੀ ਨੂੰ ਸਹੀ-ਸਲਾਮਤ ਬਰਾਮਦ ਕਰ ਲਿਆ ਜਾਵੇਗਾ।ਇੱਥੇ ਇਹ ਦੱਸਣਾ ਬੇਹੱਦ ਜ਼ਰੂਰੀ ਹੈ ਕਿ ਘਟਨਾ ਸਥਾਨ ਤੋਂ ਮਹਿਜ਼ ਕੁਝ ਮੀਟਰ ਦੀ ਦੂਰੀ ’ਤੇ ਹੀ ਡੀਐਸਪੀ ਸਿਟੀ-1 ਦਾ ਦਫ਼ਤਰ ਅਤੇ ਪੁਲਿਸ ਲਾਈਨ ਸਥਿਤ ਹੈ। ਅਜਿਹੇ ਉੱਚ-ਸੁਰੱਖਿਆ ਵਾਲੇ ਖੇਤਰ ਵਿੱਚ ਦਿਨ-ਦਿਹਾੜੇ ਅਗਵਾ ਵਰਗੀ ਗੰਭੀਰ ਵਾਰਦਾਤ ਨੂੰ ਅੰਜਾਮ ਦੇਣਾ ਅਪਰਾਧੀਆਂ ਦੇ ਬੁਲੰਦ ਹੌਸਲਿਆਂ ਦੀ ਤਸਵੀਰ ਪੇਸ਼ ਕਰਦਾ ਹੈ। ਚਾਹੇ ਇਹ ਮਾਮਲਾ ਆਪਸੀ ਰੰਜਿਸ਼ ਦਾ ਹੋਵੇ ਜਾਂ ਕਿਸੇ ਅਪਰਾਧਿਕ ਗਿਰੋਹ ਦਾ, ਪਰ ਪੁਲਿਸ ਦੀ ਨੱਕ ਹੇਠੋਂ ਜੋੜੇ ਦਾ ਅਗਵਾ ਹੋਣਾ ਪ੍ਰਸ਼ਾਸਨਿਕ ਸੁਰੱਖਿਆ ਛੱਤਰੀ ’ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ, ਜਿਸ ਕਾਰਨ ਸ਼ਹਿਰ ਵਾਸੀਆਂ ਵਿੱਚ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਾ ਪਾਈ ਜਾ ਰਹੀ ਹੈ।

ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਲਾਗੂ ਹੋਣ ’ਤੇ ਲਹਿਰਾ ਹਲਕੇ ’ਚ 35 ਥਾਵਾਂ ਵਿਖੇ ਸ਼ੁਕਰਾਨਾ ਸਮਾਗਮ

ਮੂਨਕ, 26 ਅਪ੍ਰੈਲ (ਸਮਸ਼ੇਰ ਸਿੰਘ ਭੁਟਾਲ): ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਲਾਗੂ ਕੀਤੇ ਜਾਣ ਦੀ ਖੁਸ਼ੀ ‘ਚ ਲਹਿਰਾ ਹਲਕੇ ਅੰਦਰ 35 ਥਾਂਵਾਂ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾ ਕੇ ਸ਼ੁਕਰਾਨਾ ਅਰਦਾਸ ਸਮਾਗਮ ਆਯੋਜਿਤ ਕੀਤੇ ਗਏ। ਇਸ ਮੌਕੇ ਸੰਗਤ ਵੱਲੋਂ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ।ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਖਨੌਰੀ ਦੇ ਦੋਵੇਂ ਗੁਰਦੁਆਰਾ ਸਾਹਿਬਾਨ ਵਿਖੇ ਨਤਮਸਤਕ ਹੋ ਕੇ ਸ਼ੁਕਰਾਨਾ ਅਰਦਾਸ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਗੋਇਲ ਨੇ ਦੱਸਿਆ ਕਿ ਇਸ ਫੈਸਲਾਕੁਨ ਕਦਮ ਤਹਿਤ ਭਗਵੰਤ ਮਾਨ ਸਰਕਾਰ ਨੇ ਬੇਅਦਬੀ ਲਈ ਉਮਰ ਕੈਦ ਦੀ ਸਜ਼ਾ ਦੀ ਵਿਵਸਥਾ ਕੀਤੀ ਹੈ, ਜਿਸ ਨਾਲ ਬੇਅਦਬੀ ਨਾਲ ਨਜਿੱਠਣ ਲਈ ਦੇਸ਼ ਦੇ ਸਭ ਤੋਂ ਸਖ਼ਤ ਕਾਨੂੰਨਾਂ ਵਿੱਚੋਂ ਇਕ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਇਤਿਹਾਸਕ ਫੈਸਲਾ ਕਰਕੇ ਬੇਅਦਬੀ ਲਈ ਉਮਰ ਕੈਦ ਦੀ ਸਜ਼ਾ ਤੇ 25 ਲੱਖ ਰੁਪਏ ਤੱਕ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ, ਜਿਸ ਕਾਰਨ ਹੁਣ ਕੋਈ ਬੇਅਦਬੀ ਦੀ ਹਿੰਮਤ ਨਹੀਂ ਕਰ ਸਕੇਗਾ।ਇਸ ਕਾਨੂੰਨ ਬਾਰੇ ਜਾਣਕਾਰੀ ਦਿੰਦਿਆਂ ਬਰਿੰਦਰ ਗੋਇਲ ਨੇ ਦੱਸਿਆ ਕਿ ਕਾਨੂੰਨ ਦੀ ਉਲੰਘਣਾ ਲਈ ਪੰਜ ਸਾਲ ਦੀ ਸਜ਼ਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਲਈ ਸੱਤ ਤੋਂ 20 ਸਾਲ, ਧਾਰਮਿਕ ਸਦਭਾਵਨਾ ਨੂੰ ਭੰਗ ਕਰਨ ਲਈ 10 ਸਾਲ ਤੋਂ ਉਮਰ ਕੈਦ ਤੱਕ ਦੀ ਸਜ਼ਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬੇਅਦਬੀ ਦੇ ਮਾਮਲਿਆਂ ਵਿੱਚ ਤੇਜ਼ੀ ਨਾਲ ਜਾਂਚ ਕਰਵਾਉਣ ਸਮੇਤ ਦੋਸ਼ੀਆਂ ਨੂੰ ਕੋਈ ਜ਼ਮਾਨਤ ਨਾ ਦੇਣਾ ਅਤੇ 20 ਲੱਖ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ। ਬਰਿੰਦਰ ਗੋਇਲ ਨੇ ਅੱਗੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਡੇ ਜਾਗਤ ਗੁਰੂ ਹਨ ਅਤੇ ਅਸੀਂ ਇਨ੍ਹਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮ ਅਨੁਸਾਰ ਆਪਣਾ ਗੁਰੂ ਮੰਨਦੇ ਹਾਂ ਅਤੇ ਇਨ੍ਹਾਂ ਦੀ ਬੇਅਦਬੀ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਇਹ ਸਾਹਮਣੇ ਆਇਆ ਸੀ ਕਿ ਜਦੋਂ ਕੋਈ ਬੇਅਦਬੀ ਹੁੰਦੀ ਸੀ ਤਾਂ ਦੋਸ਼ੀਆਂ ਬਾਰੇ ਇਹ ਕਹਿ ਦਿੱਤਾ ਜਾਂਦਾ ਸੀ ਕਿ ਉਹ ਮੰਦਬੁੱਧੀ ਹੈ ਜਾਂ ਮਾਨਸਿਕ ਰੋਗੀ ਹੈ, ਪ੍ਰੰਤੂ ਹੁਣ ਇਸ ਤਰ੍ਹਾਂ ਦੇ ਮਾਮਲੇ ਵਿੱਚ ਉਸ ਵਿਅਕਤੀ ਦੇ ਸਰਪ੍ਰਸਤ ਅਤੇ ਪਰਿਵਾਰ ਨੂੰ ਵੀ ਬਰਾਬਰ ਦੋਸ਼ੀ ਮੰਨਿਆ ਜਾਵੇਗਾ। ਇਸ ਤੋਂ ਇਲਾਵਾ ਬੇਅਦਬੀ ਵਿੱਚ ਮਦਦ ਕਰਨ ਵਾਲਿਆਂ ਨੂੰ ਸੋਧੇ ਕਾਨੂੰਨ ਤਹਿਤ ਮੁੱਖ ਦੋਸ਼ੀ ਦੇ ਬਰਾਬਰ ਸਜ਼ਾ ਅਤੇ ਜੁਰਮਾਨਾ ਹੋਵੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਅਕਾਲੀ-ਭਾਜਪਾ ਅਤੇ ਕਾਂਗਰਸ ਨੇ ਗੁਰੂ ਸਾਹਿਬ ਦੇ ਨਾਮ ‘ਤੇ ਵੋਟਾਂ ਮੰਗੀਆਂ, ਪਰ ‘ਆਪ’ ਸਰਕਾਰ ਨੇ ਪਾਲਕੀ ਸਾਹਿਬ ਲੈ ਜਾਣ ਵਾਲੇ ਵਾਹਨਾਂ ‘ਤੇ ਵੀ ਟੈਕਸ ਮੁਆਫ਼ ਕੀਤਾ।

ਰੇਤ-ਬੱਜਰੀ ਕਾਰੋਬਾਰੀ ਦੀ ਖ਼ੁਦਕੁਸ਼ੀ ਦਾ ਮਾਮਲਾ: ਤੀਜੇ ਦਿਨ ਵੀ ਨਹੀਂ ਹੋ ਸਕਿਆ ਪੋਸਟਮਾਰਟਮ

ਪਰਿਵਾਰ ਡੀ.ਐਸ.ਪੀ. ਅਤੇ ਰੀਡਰ ਨੂੰ ਨਾਮਜ਼ਦ ਕਰਨ ਦੀ ਜ਼ਿੱਦ ’ਤੇ ਅੜਿਆ

ਬਠਿੰਡਾ, 26 ਅਪ੍ਰੈਲ (ਦੀਪਕ ਸ਼ਰਮਾ):ਬਠਿੰਡਾ ਸ਼ਹਿਰ ਦੇ ਰੇਤ-ਬੱਜਰੀ ਅਤੇ ਸੀਮਿੰਟ ਕਾਰੋਬਾਰੀ ਵੱਲੋਂ ਕੀਤੀ ਗਈ ਖ਼ੁਦਕੁਸ਼ੀ ਦੇ ਮਾਮਲੇ ਵਿੱਚ ਤੀਜੇ ਦਿਨ ਵੀ ਭੜਕੇ ਹੋਏ ਪਰਿਵਾਰਕ ਮੈਂਬਰਾਂ ਦਾ ਰੋਸ ਜਾਰੀ ਰਿਹਾ। ਪਰਿਵਾਰ ਨੇ ਸਾਫ਼ ਕਰ ਦਿੱਤਾ ਹੈ ਕਿ ਜਦੋਂ ਤੱਕ ਸਾਰੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਹੀਂ ਹੁੰਦੀ, ਉਹ ਨਾ ਤਾਂ ਪੋਸਟਮਾਰਟਮ ਕਰਵਾਉਣਗੇ ਅਤੇ ਨਾ ਹੀ ਮ੍ਰਿਤਕ ਦੀ ਦੇਹ ਦਾ ਅੰਤਿਮ ਸੰਸਕਾਰ ਕਰਨਗੇ। ਜ਼ਿਕਰਯੋਗ ਹੈ ਕਿ ਨਵੀਂ ਬਸਤੀ ਦੇ ਰਹਿਣ ਵਾਲੇ 33 ਸਾਲਾ ਸੰਦੀਪ ਕੁਮਾਰ ਉਰਫ਼ ਸੋਨੂ ਬੰਸਲ, ਜੋ ਕਿ ‘ਡੀ.ਐਲ. ਐਂਡ ਕੰਪਨੀ’ ਦੇ ਨਾਂ ਹੇਠ ਕਾਰੋਬਾਰ ਕਰਦਾ ਸੀ, ਨੇ ਤਿੰਨ ਦਿਨ ਪਹਿਲਾਂ ਜ਼ਹਿਰੀਲੀ ਵਸਤੂ ਨਿਗਲ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਸੀ।ਸੋਨੂ ਬੰਸਲ ਨੇ ਮੌਤ ਨੂੰ ਗਲੇ ਲਗਾਉਣ ਤੋਂ ਪਹਿਲਾਂ ਸੋਸ਼ਲ ਮੀਡੀਆ ’ਤੇ ਕਰੀਬ 10 ਮਿੰਟ ਦੀ ਵੀਡੀਓ ਸਾਂਝੀ ਕੀਤੀ ਸੀ ਅਤੇ ਇੱਕ ਖ਼ੁਦਕੁਸ਼ੀ ਨੋਟ ਵੀ ਛੱਡਿਆ ਸੀ। ਇਸ ਵਿੱਚ ਉਸ ਨੇ ਕਈ ਲੋਕਾਂ ’ਤੇ ਮਾਨਸਿਕ ਤੌਰ ’ਤੇ ਪ੍ਰੇਸ਼ਾਨ ਕਰਨ ਅਤੇ ਧੋਖਾਧੜੀ ਦੇ ਗੰਭੀਰ ਦੋਸ਼ ਲਗਾਏ ਸਨ। ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਪੁਲਿਸ ਨੇ ਹੁਣ ਤੱਕ ਇੱਕ ਅਦਾਲਤੀ ਰੀਡਰ, ਉਸਦੇ ਟਾਈਪਿਸਟ ਪਤੀ ਅਤੇ ਇੱਕ ਵਕੀਲ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਫਿਲਹਾਲ ਪੁਲਿਸ ਨੇ ਰੀਡਰ ਅਤੇ ਉਸਦੇ ਪਤੀ ਨੂੰ ਗ੍ਰਿਫ਼ਤਾਰ ਕਰਕੇ ਦੋ ਦਿਨਾਂ ਦੇ ਪੁਲਿਸ ਰਿਮਾਂਡ ’ਤੇ ਲਿਆ ਹੈ, ਜਦਕਿ ਫਰਾਰ ਵਕੀਲ ਦੀ ਭਾਲ ਵਿੱਚ ਛਾਪੇਮਾਰੀ ਜਾਰੀ ਹੈ।ਮ੍ਰਿਤਕ ਦੇ ਭਰਾ ਮਨੀਸ਼ ਕੁਮਾਰ ਅਤੇ ਹੋਰਨਾਂ ਪਰਿਵਾਰਕ ਮੈਂਬਰਾਂ ਨੇ ਪੁਲਿਸ ਦੀ ਕਾਰਵਾਈ ’ਤੇ ਸਵਾਲ ਚੁੱਕਦਿਆਂ ਦੋਸ਼ ਲਗਾਇਆ ਹੈ ਕਿ ਸੋਨੂ ਨੇ ਵੀਡੀਓ ਅਤੇ ਖ਼ੁਦਕੁਸ਼ੀ ਨੋਟ ਵਿੱਚ ਇੱਕ ਡੀ.ਐਸ.ਪੀ. ਦਾ ਨਾਂ ਵੀ ਸਪੱਸ਼ਟ ਲਿਆ ਸੀ, ਪਰ ਪੁਲਿਸ ਨੇ ਉਸ ਦਾ ਨਾਂ ਮਾਮਲੇ ਵਿੱਚ ਸ਼ਾਮਲ ਨਹੀਂ ਕੀਤਾ। ਪਰਿਵਾਰ ਮੁਤਾਬਕ ਪੁਲਿਸ ਨੇ ਉਨ੍ਹਾਂ ਨਾਲ ਧੋਖਾ ਕਰਦਿਆਂ ਕਾਹਲੀ ਵਿੱਚ ਦਸਤਖ਼ਤ ਕਰਵਾ ਲਏ। ਉਹ ਹੁਣ ਡੀ.ਐਸ.ਪੀ. ਅਤੇ ਉਸਦੇ ਰੀਡਰ ’ਤੇ ਕੇਸ ਦਰਜ ਕਰਕੇ ਗ੍ਰਿਫ਼ਤਾਰੀ ਦੀ ਮੰਗ ਕਰ ਰਹੇ ਹਨ।ਮਾਮਲੇ ਦੀ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਸੋਨੂ ਨੇ ਇੱਕ ਪੌਸ਼ ਕਲੋਨੀ ਵਿੱਚ ਬਣ ਰਹੇ ਮਕਾਨ ਲਈ ਉਕਤ ਮੁਲਜ਼ਮ ਜੋੜੇ ਨੂੰ ਨਿਰਮਾਣ ਸਮੱਗਰੀ ਸਪਲਾਈ ਕੀਤੀ ਸੀ। ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਵਿਵਾਦ ਇੰਨਾ ਵੱਧ ਗਿਆ, ਕਿ ਪੀੜਤ ਨੂੰ ਧਮਕਾਇਆ ਜਾਣ ਲੱਗਾ। ਸੋਨੂ ਨੇ ਆਪਣੀ ਆਖਰੀ ਵੀਡੀਓ ਵਿੱਚ ਕਿਹਾ ਸੀ ਕਿ ਬਿਨਾਂ ਪੱਕੀ ਰਸੀਦ ਦੇ ਸਾਮਾਨ ਦੇਣਾ ਉਸਦੀ ਵੱਡੀ ਗਲਤੀ ਰਹੀ, ਜਿਸ ਦਾ ਫ਼ਾਇਦਾ ਉਠਾ ਕੇ ਮੁਲਜ਼ਮ ਪੱਖ ਨੇ ਉਸ ਨੂੰ ਕਾਨੂੰਨੀ ਉਲਝਣਾਂ ਵਿੱਚ ਫਸਾ ਦਿੱਤਾ। ਫਿਲਹਾਲ ਸ਼ਹਿਰ ਵਿੱਚ ਇਹ ਮਾਮਲਾ ਪੂਰੀ ਤਰ੍ਹਾਂ ਭਖਿਆ ਹੋਇਆ ਹੈ ਅਤੇ ਪੁਲਿਸ ਵੱਲੋਂ ਪਰਿਵਾਰ ਨੂੰ ਮਨਾਉਣ ਦੀਆਂ ਕੋਸ਼ਿਸ਼ਾਂ ਜਾਰੀ ਹਨ।

ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਕਰਵਾਏ

ਦਿੜ੍ਹਬਾ ਮੰਡੀ, 26 ਅਪ੍ਰੈਲ (ਹੈਪੀ): ਸੋਸ਼ਲ ਯੂਥ ਸਪੋਰਟਸ ਕਲੱਬ ਦਿੜ੍ਹਬਾ ਵੱਲੋਂ ਕਲੱਬ ਦੀ ਚੜ੍ਹਦੀ ਕਲਾਂ ਅਤੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਕਰਵਾਏ ਗਏ ਅਤੇ ਇਸ ਤੋਂ ਉਪਰੰਤ ਪਾਵਨ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠੀ ਸਿੰਘਾਂ ਵੱਲੋਂ ਭੋਗ ਪਾਏ ਗਏ। ਇਸ ਦੌਰਾਨ ਬਾਬਾ ਗੁਰਜੀਤ ਸਿੰਘ ਹਰੀਗੜ੍ਹ ਵਾਲਿਆਂ ਵੱਲੋਂ ਸੰਗਤਾਂ ਨੂੰ ਕੀਰਤਨ ਕਰਕੇ ਨਿਹਾਲ ਕੀਤਾ ਗਿਆ ਅਤੇ ਬਾਬਾ ਗੁਰਜੀਤ ਸਿੰਘ ਹਰੀਗੜ੍ਹ ਵਾਲਿਆਂ ਨੇ ਪੰਜਾਬ ਸਰਕਾਰ ਵੱਲੋਂ ਧੰਨ-ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ’ਤੇ ਬਣਾਏ ਗਏ ਕਾਨੂੰਨ ਨੂੰ ਲੈਕੇ ਵਿੱਤ ਮੰਤਰੀ ਪੰਜਾਬ ਅਤੇ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ,ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ,ਅਤੇ ਸਾਬਕਾ ਐਸ,ਜੀ,ਪੀ,ਸੀ ਪ੍ਰਧਾਨ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਉਚੇਚੇ ਤੌਰ ਤੇ ਪਹੁੰਚ ਕੇ ਇਸ ਸਮਾਗਮ ਵਿੱਚ ਸ਼ਮੂਲੀਅਤ ਕੀਤੀ ਗਈ।ਅਤੇ ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸੋਸ਼ਲ ਯੂਥ ਸਪੋਰਟਸ ਕਲੱਬ ਵੱਲੋਂ ਨੌਵੀਂ ਪਾਤਸ਼ਾਹੀ ਗੁਰਦੁਆਰਾ ਸਾਹਿਬ ਦਿੜ੍ਹਬਾ ਦੇ ਹੈੱਡ ਗ੍ਰੰਥੀ ਬਾਬਾ ਕੁਲਦੀਪ ਸਿੰਘ ਜੀ ਨੂੰ ਪਲਟੀਨਾ ਮੋਟਰਸਾਈਕਲ ਨਾਲ ਸਨਮਾਨਿਤ ਕਰਨ ਲਈ ਕਰਨ ਘੁਮਾਣ ਕੈਨੇਡਾ ਅਤੇ ਚਮਕੌਰ ਸਿੰਘ ਘੁਮਾਣ ਯੂਕੇ ਦੀ ਇਸ ਨੇਕ ਕਾਰਜ ਲਈ ਸ਼ਲਾਘਾ ਕੀਤੀ ਗਈ ਅਤੇ ਕਰਨ ਘੁਮਾਣ ਕੇਨੈਡਾ ਵੱਲੋਂ ਹੋਰ ਪਾਠੀ ਸਿੰਘਾਂ ਨੂੰ ਬਸਤਰਾਂ ਦੀ ਭੇਟਾ ਦਿੱਤੀ ਗਈ।ਇਸ ਮੌਕੇ ਕਸ਼ਮੀਰ ਸਿੰਘ ਰੌਡੇਵਾਲ ਵੱਲੋਂ ਵਿਸ਼ੇਸ਼ ਤੌਰ ’ਤੇ ਪਹੁੰਚੇ ਸਰਪੰਚ, ਪੰਚ, ਬਲਾਕ ਸੰਮਤੀ ਮੈਂਬਰ,ਐਮ ਸੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਅਤੇ ਪਾਰਟੀ ਦੇ ਵਰਕਰਾਂ ਅਤੇ ਹੋਰ ਪਾਰਟੀਆਂ ਤੋਂ ਆਏ ਨੁਮਾਇੰਦਿਆਂ ਦਾ ਵਿਸ਼ੇਸ ਤੌਰ ’ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਤਜਿੰਦਰ ਸਿੰਘ ਸੋਹੀ ਓ,ਐਸ,ਡੀ ਵਿੱਤ ਮੰਤਰੀ ਪੰਜਾਬ, ਕਰਨ ਘੁਮਾਣ ਕੈਨੇਡਾ, ਜਥੇਦਾਰ ਤੇਜਾ ਸਿੰਘ ਕਮਾਲਪੁਰ, ਹਰਦੇਵ ਸਿੰਘ ਰੋਗਲਾ, ਰਣਧੀਰ ਸਿੰਘ ਸੰਮੂਰਾ,ਟਰੱਕ ਯੂਨੀਅਨ(ਦਿੜ੍ਹਬਾ)ਪ੍ਰਧਾਨ ਅਜੈ ਸਿੰਗਲਾ, ਪ੍ਰਧਾਨ ਮਨਿੰਦਰ ਸਿੰਘ ਘੁਮਾਣ, ਰਣਧੀਰ ਸਿੰਘ ਕਲੇਰ, ਸੁਖਜਿੰਦਰ ਸਿੰਘ ਸਿੱਧੜਾ,ਜੀਵਨ ਗੋਇਲ,ਡੀ ਐਸ ਪੀ ਪੁਸ਼ਪਿੰਦਰ ਸਿੰਘ,ਬਲਕਾਰ ਸਿੰਘ ਘੁਮਾਣ,ਨਿੱਕਾ ਸਿੰਘ ਘੁਮਾਣ, ਸੁਖਵਿੰਦਰ ਸਿੰਘ ਭਿੰਦਾ,ਵਿੱਕੀ ਛਾਜਲੀ,ਐਮ,ਡੀ ਗਰੁੱਪ ਦੇ ਸੁਰਿੰਦਰ ਬਾਂਸਲ,ਪੰਕਜ ਬਾਂਸਲ,ਸੰਜੇ ਬਾਂਸਲ,ਪਰਮਜੀਤ ਸਿੰਘ ਮੱਟੂ, ਕੁਲਭੂਸ਼ਨ ਗੋਇਲ,ਕੇਸਰ ਸਿੰਘ ਪ੍ਰਧਾਨ ਖਨਾਲ ਕਲਾਂ,ਰਾਮ ਮਾਨ,ਹਰਦੇਵ ਗੁੱਜਰਾਂ,ਮਤਵਾਲ ਗੁੱਜਰਾਂ,ਰਿੰਕਾ ਢੰਢੋਲੀ,ਅਵਤਾਰ ਸਿੰਘ ਤਾਰੀ ਬਘਰੌਲ, ਆਦਿ ਹਾਜ਼ਰ ਸਨ

ਲੰਬੀ ਹਲਕੇ ਵਿੱਚ ‘ਆਪ’ ਦਾ ਤਿੱਖਾ ਰੋਸ ਪ੍ਰਦਰਸ਼ਨ, ਰਾਜ ਸਭਾ ਮੈਂਬਰਾਂ ਖ਼ਿਲਾਫ਼ ਨਾਅਰੇਬਾਜ਼ੀ

ਸ੍ਰੀ ਮੁਕਤਸਰ ਸਾਹਿਬ/ ਲੰਬੀ, 26 ਅਪ੍ਰੈਲ (ਐਚ ਐਸ ਕਪੂਰ) :ਬੀਤੇ ਦਿਨੀਂ ਆਮ ਆਦਮੀ ਪਾਰਟੀ ਦੇ ਸੱਤ ਰਾਜ ਸਭਾ ਮੈਂਬਰਾਂ ਵੱਲੋਂ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਪੰਜਾਬ ਭਰ ਵਿੱਚ ਵਿਰੋਧ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ। ਇਸ ਲੜੀ ਤਹਿਤ ਅੱਜ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਲੰਬੀ ਹਲਕੇ ਵਿੱਚ ਇਨ੍ਹਾਂ ਰਾਜ ਸਭਾ ਮੈਂਬਰਾਂ ਖ਼ਿਲਾਫ਼ ਤਿੱਖਾ ਰੋਸ ਪ੍ਰਦਰਸ਼ਨ ਕੀਤਾ ਗਿਆ ਇਸ ਮੌਕੇ ‘ਤੇ ‘ਆਪ’ ਆਗੂਆਂ ਅਤੇ ਵਰਕਰਾਂ ਨੇ ਇਕੱਠੇ ਹੋ ਕੇ ਪੰਜਾਬ ਦੇ ਹਿੱਤਾਂ ਨਾਲ ਗੱਦਾਰੀ ਕਰਨ ਵਾਲੇ ਰਾਘਵ ਚੱਢਾ, ਸੰਦੀਪ ਪਾਠਕ, ਹਰਭਜਨ ਸਿੰਘ, ਅਸ਼ੋਕ ਮਿੱਤਲ, ਰਜਿੰਦਰ ਗੁਪਤਾ ਅਤੇ ਸੰਜੀਵ ਸਾਹਨੀ ਦੇ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ ਉਨ੍ਹਾਂ ਨੂੰ ਕੜੀਆਂ ਲਾਹਨਤਾਂ ਪਾਈਆਂ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਜਿਨ੍ਹਾਂ ਨੂੰ ਪੰਜਾਬ ਦੇ ਲੋਕਾਂ ਨੇ ਭਰੋਸੇ ਨਾਲ ਉੱਚੇ ਅਹੁਦਿਆਂ ‘ਤੇ ਭੇਜਿਆ, ਉਹਨਾਂ ਵੱਲੋਂ ਭਾਜਪਾ ਵਿੱਚ ਸ਼ਾਮਲ ਹੋਣਾ ਪੰਜਾਬ ਦੀ ਜਨਤਾ ਨਾਲ ਵੱਡਾ ਧੋਖਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾਂ ਪੰਜਾਬ ਦੇ ਹੱਕਾਂ ਲਈ ਖੜ੍ਹੀ ਰਹੇਗੀ ਅਤੇ ਇਸ ਤਰ੍ਹਾਂ ਦੀ ਗੱਦਾਰੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ‘ਤੇ ਆਗੂਆਂ ਨੇ ਸਪੱਸ਼ਟ ਕੀਤਾ ਕਿ ਲੋਕਾਂ ਦੇ ਭਰੋਸੇ ਨੂੰ ਵੇਚਣ ਵਾਲਿਆਂ ਦਾ ਹਰ ਪੱਧਰ ‘ਤੇ ਵਿਰੋਧ ਜਾਰੀ ਰਹੇਗਾ।ਇਸ ਮੌਕੇ ਅਮਨਦੀਪ ਅਮਨਦੀਪ ਸਿੰਘ ਅਮਨਾ ਚੰਨੂ, ਸਰਪੰਚ ਭਗਵੰਤ ਸਿੰਘ, ਟੋਜੀ ਲੰਬੀ, ਸੀਰਾ ਧਾਲੀਵਾਲ, ਬਲਰਾਜ ਸਿੰਘ ਸ਼ਮਾ ਮਹਿਣਾ,ਜਸਵਿੰਦਰ ਸਿੰਘ ਸਾਬਕਾ ਸਰਪੰਚ ਭਾਗੂ, ਜਸਵਿੰਦਰ ਸਿੰਘ ਮਾਨਾਂ,ਦਿਲਬਾਗ ਸਿੰਘ ਸਰਪੰਚ, ਸੁਮੀਤ ਮਿਠੜੀ,ਰਮੇਸ਼ ਸਰਪੰਚ ਪੰਜਾਵਾ,ਓ.ਐਸ.ਡੀ.ਗੁਰਬਾਜ ਖੁੱਡੀਆਂ ਵੱਖ ਵੱਖ ਪਿੰਡਾਂ ਦੇ ਪੰਚ ਸਰਪੰਚ ਅਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਹਾਜ਼ਰ ਰਹੇ।

ਖਨੌਰੀ ਵਿਖੇ 14 ਕਰੋੜ ਖਰਚ ਕੇ ਲੱਗੇਗਾ ਪੀਣ ਵਾਲੇ ਸਾਫ਼ ਨਹਿਰੀ ਪਾਣੀ ਦਾ ਪ੍ਰੋਜੈਕਟ :ਬਰਿੰਦਰ ਗੋਇਲ

ਖਨੌਰੀ, 26 ਅਪ੍ਰੈਲ (ਓਮਪ੍ਰਕਾਸ ਮੁਆਲ):ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਖਨੌਰੀ ਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਕਰਦਿਆਂ ਐਲਾਨ ਕੀਤਾ ਹੈ ਕਿ ਖਨੌਰੀ ਲਈ 14 ਕਰੋੜ ਰੁਪਏ ਖਰਚ ਕੇ ਪੀਣ ਲਈ ਸਾਫ਼ ਨਹਿਰੀ ਪਾਣੀ ਦਾ ਪ੍ਰੋਜੈਕਟ ਲਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਖਨੌਰੀ ਨੂੰ ਸਦਾ ਅੱਖੋਂ ਪਰੋਖੇ ਕਰ ਕੇ ਇੱਥੋਂ ਦੇ ਵਸਨੀਕਾਂ ਨੂੰ ਆਪਣੇ ਹਾਲ ‘ਤੇ ਛੱਡ ਰੱਖਿਆ ਸੀ, ਪ੍ਰੰਤੂ ਮਾਨ ਸਰਕਾਰ ਨੇ ਖਨੌਰੀ ਵਾਸੀਆਂ ਦੀ ਸਾਰ ਲਈ ਹੈ।ਅੱਜ ਖਨੌਰੀ ਵਿਖੇ 1.2 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਲੋਕ ਅਰਪਣ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਅੰਮ੍ਰਤ-02 ਸਕੀਮ ਅਧੀਨ ਖਨੌਰੀ ਵਾਸੀਆਂ ਲਈ ਭਾਖੜਾ ਨਹਿਰ ਵਿੱਚੋਂ ਪਾਣੀ ਲੈਕੇ ਉਸਨੂੰ ਸਾਫ ਕਰਕੇ 24 ਘੰਟੇ ਸੱਤੇ ਦਿਨ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰੋਜੈਕਟ ਪਾਸ ਕੀਤਾ ਹੈ ਅਤੇ ਕੁਝ ਦਿਨਾਂ ਅੰਦਰ ਇਸ ਦਾ ਕੰਮ ਸ਼ੁਰੂ ਕੀਤਾ ਜਾਵੇਗਾ।ਬਰਿੰਦਰ ਗੋਇਲ ਨੇ ਗਲੀਆਂ ਨਾਲੀਆਂ ਤੇ ਹੋਰ ਕੰਮਾਂ ਸਮੇਤ ਇਸ ਮੌਕੇ ਗਊਸ਼ਾਲਾ ਸਾਹਮਣੇ ਪਾਰਕ ਵਿੱਚ 31 ਲੱਖ ਰੁਪਏ ਦੀ ਲਾਗਤ ਨਾਲ ਨਵਾਂ ਟਿਊਬਵੈਲ ਲਾਉਣ ਦਾ ਕੰਮ ਵੀ ਸ਼ੁਰੂ ਕਰਵਾਇਆ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਖਨੌਰੀ ਵਾਸੀਆਂ ਦੀ ਬਿਜਲੀ ਸਪਲਾਈ ਦੀ ਸਮੱਸਿਆ ਦੇ ਪੱਕੇ ਹੱਲ ਲਈ ਨਵਾਂ ਬਿਜਲੀ ਗ੍ਰਿਡ ਵੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਾਸ ਕਰ ਦਿੱਤਾ ਗਿਆ ਹੈ ਅਤੇ ਇਸ ਲਈ ਡੇਢ ਕਿੱਲਾ ਜ਼ਮੀਨ ਦੀ ਪਛਾਣ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਇੱਥੇ ਸ਼ੇਰਗੜ ਪਿੰਡ ਦੇ ਬਿਜਲੀ ਘਰ ਤੋਂ ਬਿਜਲੀ ਸਪਲਾਈ ਕੀਤੀ ਜਾਂਦੀ ਸੀ ਜਿਸ ਕਰਕੇ ਫਸਲਾਂ ਦੇ ਸੀਜ਼ਨ ਦੌਰਾਨ ਲੋਕਾਂ ਨੂੰ ਵੱਡੇ ਬਿਜਲੀ ਕੱਟਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰੰਤੂ ਅਫ਼ਸੋਸ ਨਾਲ ਕਹਿਣਾ ਪੈਂਦਾ ਹੈ ਕਿ ਪਿਛਲੀਆਂ ਸਰਕਾਰਾਂ ਨੇ ਖਨੌਰੀ ਦੀਆਂ ਇਨ੍ਹਾਂ ਬੁਨਿਆਦੀ ਸਮੱਸਿਆਵਾਂ ਵੱਲ ਕਦੇ ਧਿਆਨ ਨਹੀਂ ਦਿੱਤਾ।ਬਰਿੰਦਰ ਗੋਇਲ ਨੇ ਹੋਰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਖਨੌਰੀ ਵਾਸੀਆਂ ਲਈ ਬਿਹਤਰੀਨ ਸਿਹਤ ਸਹੂਲਤਾਂ ਦੇਣ ਲਈ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਹੁਣ ਇੱਥੇ ਦੇ ਲੋਕਾਂ ਨੂੰ ਸਪੈਸ਼ਲਿਸਟ ਡਾਕਟਰਾਂ ਦੀਆਂ ਸੇਵਾਵਾਂ ਪ੍ਰਦਾਨ ਕਰਨ ਲਈ ਖਨੌਰੀ ਦੇ ਸਿਵਲ ਹਸਪਤਾਲ ਨੂੰ ਲਹਿਰਾ ਵਿਖੇ ਨਵੇਂ ਸ਼ੁਰੂ ਹੋ ਰਹੇ ਮੈਡੀਕਲ ਕਾਲਜ ਨਾਲ ਜੋੜਿਆ ਗਿਆ ਹੈ, ਜਿਸ ਨਾਲ ਲੋਕਾਂ ਨੂੰ ਬਿਹਤਰ ਇਲਾਜ ਸਹੂਲਤਾਂ ਮਿਲਣਗੀਆਂ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਇੱਥੇ ਲੜਕੀਆਂ ਦੀ ਪੜ੍ਹਾਈ ਲਈ ਸਰਕਾਰੀ ਕਾਲਜ ਖੋਲ੍ਹਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਵੱਡੀ ਗਿਣਤੀ ਇਲਾਕਾ ਵਾਸੀਆਂ ਸਮੇਤ ਕਾਰਜ ਸਾਧਕ ਅਫ਼ਸਰ ਬਰਜਿੰਦਰ ਸਿੰਘ ਤੇ ਹੋਰ ਆਗੂ ਤੇ ਵਰਕਰ ਮੌਜੂਦ ਸਨ।

ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 34 ਮੁਕੱਦਮੇਂ ਦਰਜ

ਸੰਗਰੂਰ, 26 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਐਸ.ਐਸ.ਪੀ. ਸੰਗਰੂਰ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 18.04.2026 ਤੋਂ 24.04.2026 ਤੱਕ ਡਰੱਗ ਦੇ 22 ਮੁਕੱਦਮੇਂ ਦਰਜ ਕਰਕੇ 38 ਦੋਸ਼ੀਆਂ ਨੂੰ ਕਾਬੂ ਕਰਕੇ 103 ਗ੍ਰਾਮ ਹੈਰੋਇਨ ਅਤੇ 923 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 12 ਮੁਕੱਦਮੇਂ ਦਰਜ ਕਰਕੇ 14 ਦੋਸ਼ੀਆਂ ਨੂੰ ਕਾਬੂ ਕਰਕੇ 432.750 ਲੀਟਰ ਸ਼ਰਾਬ ਠੇਕਾ ਦੇਸੀ, 45 ਲੀਟਰ ਸਰਾਬ ਨਜਾਇਜ, 124.500 ਲੀਟਰ ਸਰਾਬ ਅੰਗਰੇਜੀ ਅਤੇ 230 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਅਰਸੇ ਦੌਰਾਨ 02 ਪੀ.ਓਜ ਨੂੰ ਗ੍ਰਿਫਤਾਰ ਕੀਤਾ ਗਿਆ।

ਸਟੇਟ ਬੈਂਕ ਆਫ ਇੰਡੀਆ

ਹੋਮ ਲੋਨ ਸੈਂਟਰ, ਨਿਊ ਗ੍ਰੇਨ ਮਾਰਕੀਟ ਮੁਕਤਸਰ

ਮੰਗ ਸੂਚਨਾ

ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (ਇੱਥੇ ਬਾਅਦ ਵਿੱਚ ‘‘ਕਾਨੂੰਨ’’ ਵਜੋਂ ਸੱਦਿਆ ਗਿਆ) ਦੀ ਧਾਰਾ 13 (2) ਦੇ ਅਧੀਨ ਸੂਚਨਾ

ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨਲਿਖਤ ਕਰਜ਼ਦਾਰਾਂ (ਕਰਜ਼ਦਾਰ) (ਸਹਿ ਕਰਜ਼ਦਾਰ) ਨੇ ਬੈਂਕ ਤੋਂ ਉਨ੍ਹਾਂ ਨੂੰ ਪ੍ਰਾਪਤ ਕਰਜ਼ ਸਹੂਲਤ ਦੇ ਮੂਲ ਅਤੇ ਵਿਆਜ ਦੇ ਪੁਨਰ ਭੁਗਤਾਨ ਵਿਚ ਕੁਤਾਹੀ ਕੀਤੀ ਹੈ ਅਤੇ ਕਰਜ਼ੇ ਨੂੰ ਗੈਰ ਕਾਰਗੁਜ਼ਾਰੀ ਵਾਲੀਆਂ ਸੰਪੱਤੀਆਂ (ਐਨਪੀਏ) ਵਜੋਂ ਵਰਗੀਕ੍ਰਿਤ ਕੀਤਾ ਗਿਆ ਹੈ। ਕਰਜ਼ਦਾਰ(ਾਂ)/ਜ਼ਾਮਨ(ਾਂ) ਨੂੰ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 (2) ਦੇ ਅਧੀਨ ਉਨ੍ਹਾਂ ਦੇ ਆਖ਼ਰੀ ਜਾਣੂੰ ਪਤਿਆਂ ’ਤੇ ਸੂਚਨਾਵਾਂ ਭੇਜੀਆਂ ਗਈਆਂ ਸਨ, ਪਰ ਉਹ ਅਣ-ਤਾਮੀਲੀਆਂ ਪਰਤ ਆਈਆਂ ਅਤੇ ਇਸ ਲਈ ਉਨ੍ਹਾਂ ਨੂੰ ਇਸ ਦੁਆਰਾ ਜਨਤਕ ਸੂਚਨਾ ਦੇ ਮਾਧਿਅਮ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

ਕਰਜ਼ਦਾਰ(ਾਂ)/ਜ਼ਾਮਨ(ਾਂ) ਦੇ ਨਾਮ	ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ	ਐਨਪੀਏ ਦੀ ਮਿਤੀ	ਮੰਗ ਸੂਚਨਾ ਦੀ ਮਿਤੀ	ਬਕਾਇਆ ਦੇਣਦਾਰੀ
ਸ੍ਰੀ ਮੋਹਨ ਸਿੰਘ ਪੁੱਤਰ ਸ੍ਰੀ ਮਹਿੰਦਰ ਸਿੰਘ (ਕਰਜ਼ਦਾਰ), ਵਾਰਡ ਨੰ. 2 ਗੁਰੂ ਤੇਗ ਬਹਾਦਰ ਨਗਰ ਗਿੱਦੜਬਾਹਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ	8 ਮਰਲੇ 8 ਸਰਸਾਹੀ ਦੇ ਪਲਾਟ ’ਤੇ ਬਣਿਆ ਰਿਹਾਇਸ਼ੀ ਮਕਾਨ, ਯਾਨੀ 80/18072 ਹਿੱਸੇ ਦੀ ਜ਼ਮੀਨ ਵਿੱਚੋਂ 100 ਕਨਾਲ 08 ਮਰਲੇ ਮਾਪ ਖੇਵਟ ਨੰਬਰ 287/253 ਵਿੱਚ ਸ਼ਾਮਲ, ਖਟੋਨੀ ਨੰਬਰ 576 ਤੋਂ 586, ਖਸਰਾ ਨੰਬਰ 169 ਕਿਲਾ ਨੰਬਰ 6/2 (1-6) ਖਸਰਾ ਨੰਬਰ 170 ਕਿਲਾ ਨੰਬਰ 2 ਮਿਨ (4-0), 9 ਮਿਨ (4-10), 10 ਮਿਨ (7-7), 4 ਮਿਨ (6-0), 5(8-0), 6 (7-7), 7 ਮਿਨ (5-10), 4 ਮਿਨ (2-0), 7 ਮਿਨ (1-17), ਖਸਰਾ ਨੰਬਰ 169 ਕਿਲਾ ਨੰਬਰ 5/2 (1-11), 4/2/2 (0-4), 6/1 (2-0), ਖਸਰਾ ਨੰਬਰ 170 ਕਿਲਾ ਨੰਬਰ 2 ਮਿੰਟ (4-0), 3 (8-0), 9 ਮਿਨ (3-7), ਖਸਰਾ ਨੰਬਰ 169 ਕਿਲਾ ਨੰਬਰ 5/2/1 (1-10), ਖਸਰਾ ਨੰਬਰ 142 ਕਿਲਾ ਨੰਬਰ 24 (7-16), 25 (8-0) ਖਸਰਾ ਨੰਬਰ 142 ਕਿਲਾ ਨੰਬਰ 23/2 (2-10), ਕੁੱਲ ਕਿੱਤੇ 23 (100-8) ਪਿੰਡ ਹੁਸਨਰ ਦੀ ਮਾਲੀਆ ਜਾਇਦਾਦ ਵਿੱਚ ਸਥਿਤ ਹੈ ਜੋ ਕਿ ਜਮ੍ਹਾਂਬੰਦੀ ਸਾਲ 2013-14 ਦੇ ਅਨੁਸਾਰ ਸ੍ਰੀ ਮੋਹਨ ਸਿੰਘ ਪੁੱਤਰ ਸ੍ਰੀ ਮਹਿੰਦਰ ਸਿੰਘ ਦੇ ਨਾਮ ’ਤੇ ਵਸੀਕਾ ਨੰਬਰ 1346 ਮਿਤੀ 13.08.2007 ਦੁਆਰਾ ਹੈ ਅਤੇ ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ: ਗਲੀ, ਪੱਛਮ: ਗੁਰਜੰਟ ਸਿੰਘ, ਉੱਤਰ: ਪਲਾਟ, ਦੱਖਣ: ਪਲਾਟ	31.03.2026	10.04.2026	Rs. 3,83,826.08 10.04.2026 ਨੂੰ ਭਵਿੱਖੀ ਵਿਆਜ, ਇਤਫਾਕਿਕ ਖਰਚ, ਲਾਗਤਾਂ, ਖਰਚਿਆਂ ਆਦਿ ਸਮੇਤ

ਸੂਚਨਾ ਦੀ ਵਿਕਲਪਿਕ ਤਾਮੀਲ ਲਈ ਕਦਮ ਚੁੱਕੇ ਜਾ ਰਹੇ ਹਨ। ਉਕਤ ਕਰਜ਼ਦਾਰ(ਾਂ) ਨੂੰ ਇਸ ਦੁਆਰਾ ਸੱਦਾ ਦਿੱਤਾ ਜਾਂਦਾ ਹੈ ਕਿ ਇਸ ਸੂਚਨਾ ਦੇ ਪ੍ਰਕਾਸ਼ਨ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਬਕਾਇਆ ਰਕਮ ਦਾ ਭੁਗਤਾਨ ਕਰ ਦੇਣ, ਜਿਸ ਤੋਂ ਅਸਫ਼ਲ ਰਹਿਣ ’ਤੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੀ ਧਾਰਾ 13 ਦੀ ਉਪ ਧਾਰਾ (4) ਦੇ ਅਧੀਨ ਇਸ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਲੰਘਣ ਉਪਰੰਤ ਅਗਲੇਰੇ ਕਦਮ ਚੁੱਕੇ ਜਾਣਗੇ।

ਮਿਤੀ: 27.04.2026 ਸਥਾਨ : ਮੁਕਤਸਰ ਅਧਿਕਾਰਤ ਅਧਿਕਾਰੀ

ਮਲਵਿੰਦਰ ਸਿੰਘ ਕੰਗ ਵੱਲੋਂ ਸਰਹਾਲ ਕਾਜੀਆਂ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ

ਬੰਗਾ/ਨਵਾਂਸ਼ਹਿਰ, 26 ਅਪ੍ਰੈਲ (ਸੁਖਦੇਵ ਸਿੰਘ ਉੜਾਪੜ): ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਮਲਵਿੰਦਰ ਸਿੰਘ ਕੰਗ ਨੇ ਅੱਜ ਗ੍ਰਾਮ ਪੰਚਾਇਤ ਪਿੰਡ ਸਰਹਾਲ ਕਾਜੀਆਂ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨਾਲ ਵਾਈਸ ਚੇਅਰਮੈਨ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਕੁਲਜੀਤ ਸਰਹਾਲ ਵੀ ਹਾਜ਼ਰ ਸਨ। ਇਸ ਦੌਰਾਨ ਮੈਂਬਰ ਪਾਰਲੀਮੈਂਟ ਵੱਲੋਂ ਪਿੰਡ ਵਾਸੀਆਂ ਦੀ ਸਹੂਲਤ ਲਈ ਨਵੇਂ ਬਣੇ ਕਮਿਊਨਿਟੀ ਹਾਲ ਤੇ ਸ਼ਮਸ਼ਾਨਘਾਟ ਦਾ ਉਦਘਾਟਨ ਕਰਕੇ ਇਹ ਲੋਕ ਅਰਪਣ ਕੀਤੇ ਗਏ। ਉਨ੍ਹਾਂ ਦੱਸਿਆ ਕਿ ਪਿੰਡ ਸਰਹਾਲ ਕਾਜ਼ੀਆਂ ਵਿਖੇ ਵੱਖ-ਵੱਖ ਵਿਕਾਸ ਕਾਰਜਾਂ 'ਤੇ 9 ਲੱਖ ਰੁਪਏ ਖਰਚ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪਿੰਡਾਂ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਮਿਊਨਿਟੀ ਹਾਲ ਦੇ ਬਣਨ ਨਾਲ ਪਿੰਡ ਵਾਸੀਆਂ ਨੂੰ ਸਮਾਜਿਕ ਤੇ ਸੱਭਿਆਚਾਰਕ ਸਮਾਗਮਾਂ ਲਈ ਢੁੱਕਵੀਂ ਥਾਂ ਮਿਲੀ ਹੈ, ਜਦਕਿ ਸ਼ਮਸ਼ਾਨਘਾਟ ਦਾ ਸ਼ੈਡ ਬਣਨ ਤੇ ਹੋਰ ਕੰਮ ਨਾਲ ਲੋਕਾਂ ਦੀ ਚਿਰੋਕਣੀ ਮੰਗ ਪੂਰੀ ਹੋਈ ਹੈ। ਉਨ੍ਹਾਂ ਦੱਸਿਆ ਕਿ ਬੰਗਾ ਹਲਕੇ ਦੇ ਸਾਰੇ ਪਿੰਡਾਂ ਵਿੱਚ ਲੋੜ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਗ੍ਰਾਮ ਪੰਚਾਇਤ ਨੂੰ ਸਰਕਾਰੀ ਗ੍ਰਾਂਟਾਂ ਦੀ ਸਹੀ ਵਰਤੋਂ ਕਰਨ ਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਬਰਕਰਾਰ ਰੱਖਣ ਲਈ ਵੀ ਕਿਹਾ। ਉਨ੍ਹਾਂ ਨੇ ਕਿਹਾ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਨਿਰਧਾਰਿਤ ਸਮੇਂ ਅੰਦਰ ਮਿਆਰੀ ਕੰਮ ਯਕੀਨੀ ਬਣਾਇਆ ਜਾ ਰਿਹਾ ਹੈ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਬੰਗਾ ਬਲਬੀਰ ਕਰਨਾਣਾ, ਸਰਪੰਚ, ਪੰਚਾਇਤ ਮੈਂਬਰ, ਬੀਡੀਪੀਓ, ਹੋਰ ਵਿਭਾਗਾਂ ਦੇ ਅਧਿਕਾਰੀ ਤੇ ਪਿੰਡ ਵਾਸੀ ਹਾਜ਼ਰ ਸਨ।

ਵਿਧਾਇਕ ਰੰਧਾਵਾ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਕੀਤੀਆਂ ਹੱਲ

ਡੇਰਾ ਬਾਬਾ ਨਾਨਕ, 26 ਅਪ੍ਰੈਲ (ਹੈਪੀ ਕੋਟਲੀ): ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦਾ ਚਹੁੰਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ ਤੇ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਹਲਕਾ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ। ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖਾਂ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲਿਆ ਹੈ ਤੇ ਲੋਕ ਇਸ ਸਕੀਮ ਦਾ ਲਾਭ ਲੈ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਨੇ ਔਰਤਾਂ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਦਿੱਤੀਆਂ ਗਾਰੰਟੀਆਂ ਵਿੱਚੋਂ ਇੱਕ ਸਿਹਤ ਗਾਰੰਟੀ ਸੀ ਕਿ ਪੰਜਾਬ ਦੇ ਹਰ ਵਿਅਕਤੀ ਤੇ ਹਰ ਨਾਗਰਿਕ ਲਈ ਮੁਫ਼ਤ ਤੇ ਮਿਆਰੀ ਸਿਹਤ ਸੰਭਾਲ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਵੱਲੋਂ ਲੋਕਹਿੱਤ ਵਿੱਚ ਰਿਕਾਰਡ ਵਿਕਾਸ ਕਾਰਜ ਕਰਵਾਏ ਗਏ ਹਨ।

ਲੋਕ ਬਿਜਲੀ ਦੇ ਵੱਡੇ-ਵੱਡੇ ਕੱਟਾਂ ਤੋਂ ਦੁੱਖੀ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 26 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਜਨਰਲ ਸਕੱਤਰ ਅਮਰੀਕ ਸਿੰਘ ਮੀਕੇ ਤੇ ਸਰਵਣ ਸਿੰਘ ਜ਼ਿਲ੍ਹਾ ਪ੍ਰਚਾਰ ਸਕੱਤਰ ਤਲਵੰਡੀ ਭਿੰਡਰ ਤੇ ਹੋਰ ਕਿਸਾਨ ਆਗੂਆਂ ਦੀ ਮੀਟਿੰਗ ਘੁਮਾਣ ਵਿਖੇ ਹੋਈ। ਜਿਸ ਵਿੱਚ ਬਿਜਲੀ ਦੇ ਕੱਟ ਲੱਗਣ ਬਾਰੇ ਵਿਚਾਰ ਵਟਾਂਦਰਾ ਹੋਇਆ, ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਜਨਤਾ ਇਸ ਸਮੇਂ ਬਿਜਲੀ ਦੇ ਲਗਾਤਾਰ ਵੱਡੇ-ਵੱਡੇ ਕੱਟਾਂ ਤੋਂ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੀ ਹੈ, ਗਰਮੀ ਦੇ ਮੌਸਮ ਵਿੱਚ ਜਿੱਥੇ ਬਿਜਲੀ ਦੀ ਲੋੜ ਵੱਧ ਜਾਂਦੀ ਹੈ ਉਥੇ ਹੀ ਬਿਜਲੀ ਦੀ ਅਣਉਪਲਬਧਤਾ ਨੇ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ। ਕਿਸਾਨ ਵਰਗ ਇਸ ਸਮੱਸਿਆ ਨਾਲ ਬਹੁਤ ਹੀ ਪ੍ਰਭਾਵਿਤ ਹੋ ਰਿਹਾ ਹੈ। ਕਿਉਂਕਿ ਬਿਜਲੀ ਦੇ ਕੱਟਾਂ ਕਾਰਨ ਖੇਤੀਬਾੜੀ ਦੇ ਕੰਮ ਠੱਪ ਹੋ ਰਹੇ ਹਨ। ਇਸ ਤੋਂ ਇਲਾਵਾ ਉਦਯੋਗਿਕ ਇਕਾਈਆਂ ਤੇ ਛੋਟੇ ਵਪਾਰੀ ਵੀ ਨੁਕਸਾਨ ਝੱਲ ਰਹੇ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਇਸ ਗੰਭੀਰ ਮਸਲੇ ਵੱਲ ਤੁਰੰਤ ਧਿਆਨ ਦੇ ਕੇ ਪੱਕੇ ਹਾਲ ਕੱਢੇ ਜਾਣ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ। ਇਸ ਮੀਟਿੰਗ ਵਿੱਚ ਸਤਨਾਮ ਸਿੰਘ ਬਲਾਕ ਪ੍ਰਧਾਨ, ਤਰਲੋਕ ਸਿੰਘ ਮੀਤ ਪ੍ਰਧਾਨ, ਗੁਰਦੇਵ ਸਿੰਘ ਇਕਾਈ ਪ੍ਰਧਾਨ ਕੌੜੇ, ਦਰਸ਼ਨ ਸਿੰਘ ਮੀਕੇ, ਬੂਟਾ ਸਿੰਘ, ਸੁਲੱਖਣ ਸਿੰਘ ਮੀਕੇ, ਰਣਧੀਰ ਸਿੰਘ ਬਲਾਕ ਪ੍ਰਧਾਨ ਕਾਹਨੂੰਵਾਨ, ਮੇਜਰ ਸਿੰਘ ਤਲਵੰਡੀ, ਕੁਲਵਿੰਦਰ ਪੰਨੂੰ, ਗੁਰਮੁੱਖ ਸਿੰਘ ਸੂਚ ਸਮੇਤ ਹੋਰ ਕਿਸਾਨ ਆਗੂ ਹਾਜ਼ਰ ਸਨ।

53250 ਐਮ.ਐਲ. ਨਾਜਾਇਜ਼ ਸ਼ਰਾਬ ਸਮੇਤ 2 ਗ੍ਰਿਫ਼ਤਾਰ

ਕਾਹਨੂੰਵਾਨ, 26 ਅਪ੍ਰੈਲ (ਕੁਲਜੀਤ ਸਿੰਘ ਖੋਖਰ): ਮੁੱਖ ਮੰਤਰੀ ਪੰਜਾਬ ਵੱਲੋਂ ਐਲਾਨੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡਾਇਰੈਕਟਰ ਜਨਰਲ ਪੁਲਿਸ, ਪੰਜਾਬ ਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਬਾਰਡਰ ਰੇਂਜ, ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਥਾਣਾ ਤਿੱਬੜ ਵਿਖੇ 39000 ਐਮ.ਐਲ. ਨਾਜਾਇਜ਼ ਸ਼ਰਾਬ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਵਿਰੁੱਧ ਮੁਕੱਦਮਾ ਬਾ-ਜੁਰਮ 61-1-14 ਆਬਕਾਰੀ ਐਕਟ ਥਾਣਾ ਤਿੱਬੜ ਵਿਖੇ ਦਰਜ ਕੀਤਾ ਗਿਆ। ਥਾਣਾ ਬਹਿਰਾਮਪੁਰ ਵਿਖੇ ਸੰਦੀਪ ਕੁਮਾਰ ਨੂੰ ਕਾਬੂ ਕਰਕੇ ਉਸ ਕੋਲੋਂ 6750 ਐਮ.ਐਲ. ਨਾਜਾਇਜ਼ ਸ਼ਰਾਬ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਵਿਰੁੱਧ ਮੁਕੱਦਮਾ ਬਾ-ਜੁਰਮ 61-1-14 ਆਬਕਾਰੀ ਐਕਟ ਥਾਣਾ ਬਹਿਰਾਮਪੁਰ ਵਿਖੇ ਦਰਜ ਕੀਤਾ ਗਿਆ। ਥਾਣਾ ਕਾਹਨੂੰਵਾਨ ਵਿਖੇ ਮੋਹਿੰਦਰ ਸਿੰਘ ਨੂੰ ਕਾਬੂ ਕਰਕੇ ਉਸ ਕੋਲੋਂ 7500 ਐਮ.ਐਲ. ਨਾਜਾਇਜ਼ ਸ਼ਰਾਬ ਬ੍ਰਾਮਦ ਕੀਤੀ ਗਈ, ਜਿਸ 'ਤੇ ਦੋਸ਼ੀ ਦੇ ਵਿਰੁੱਧ ਮੁਕੱਦਮਾ ਬਾ-ਜੁਰਮ 61-1-14 ਆਬਕਾਰੀ ਐਕਟ ਥਾਣਾ ਕਾਹਨੂੰਵਾਨ ਵਿਖੇ ਦਰਜ ਕੀਤਾ ਗਿਆ। ਆਦਿੱਤਯ ਆਈ.ਪੀ.ਐਸ. ਸੀਨੀਅਰ ਕਪਤਾਨ ਪੁਲਿਸ, ਗੁਰਦਾਸਪੁਰ ਨੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਿਸ ਨੂੰ ਦਿੱਤੀ ਜਾਵੇ।

ਵਿਧਾਇਕ ਸ਼ੈਰੀ ਕਲਸੀ ਵੱਲੋਂ ਵਾਰਡ ਨੰਬਰ 30 'ਚ ਮਲਾਵੇ ਦੀ ਕੋਠੀ ਵਿਖੇ ਗਲੀਆਂ ਬਣਾਉਣ ਦੀ ਸ਼ੁਰੂਆਤ

☛ਸ਼ਹਿਰ ਨੂੰ ਵਿਕਾਸ ਪੱਖੋਂ ਸੂਬੇ ਦਾ ਨਮੂਨੇ ਦਾ ਸ਼ਹਿਰ ਬਣਾਇਆ ਜਾ ਰਿਹੈ

ਬਟਾਲਾ, 26 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕੰਮਾਂ ਤਹਿਤ ਉਨ੍ਹਾਂ ਵੱਲੋਂ ਵਾਰਡ ਨੰਬਰ 30 ਵਿੱਚ ਮਲਾਵੇ ਦੀ ਕੋਠੀ ਵਿਖੇ ਗਲੀਆਂ ਬਣਾਉਣ ਦੀ ਸ਼ੁਰੂਆਤ ਕਰਵਾਉਣ ਉਪਰੰਤ ਕਿਹਾ ਕਿ ਬਟਾਲਾ ਸ਼ਹਿਰ ਨੂੰ ਖੂਬਸੂਰਤ ਤੇ ਵਿਕਾਸ ਪੱਖੋਂ ਸੂਬੇ ਦਾ ਨਮੂਨੇ ਦਾ ਸ਼ਹਿਰ ਬਣਾਇਆ ਜਾ ਰਿਹਾ ਹੈ। ਇਸ ਮੌਕੇ ਵਾਰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਅੱਜ ਵਾਰਡ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਵਿਕਾਸ ਕਾਰਜ ਦੀ ਸ਼ੁਰੂਆਤ ਕਰਵਾਈ ਗਈ ਹੈ, ਜਿਸ ਨਾਲ ਵਾਰਡ ਵਾਸੀਆਂ ਨੂੰ ਆਵਾਜਾਈ ਦੀ ਸੁਖਾਲੀ ਹੋਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਉਹ ਬਟਾਲਾ ਵਾਸੀਆਂ ਦੀ ਸਹੂਲਤ ਲਈ ਦਿਨ-ਰਾਤ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਪਿਛਲੇ ਚਾਰ ਸਾਲਾਂ ਅੰਦਰ ਬਟਾਲੇ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਨ ਉਪਰੰਤ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ ਤੇ ਰੋਜ਼ਾਨਾ ਲੋਕ ਵੱਖ-ਵੱਖ ਸੇਵਾਵਾਂ ਦਾ ਲਾਭ ਲੈ ਰਹੇ ਹਨ। ਇਸੇ ਤਰ੍ਹਾਂ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ 'ਤੇ ਲਾਈਟਾਂ ਲਗਾਈਆਂ ਗਈਆਂ ਹਨ। ਸ਼ਹਿਰ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾ ਰਹੇ ਹਨ। ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਨਵੀਂ ਇਮਾਰਤ ਲੋਕਾਂ ਨੂੰ ਸਮਰਪਿਤ ਕੀਤਾ ਜਾ ਚੁੱਕੀ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ। ਲੋਕਾਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਸ਼ੁਰੂ ਕੀਤਾ ਗਿਆ ਹੈ।

ਵਿਧਾਇਕ ਰਾਜਾ ਵੱਲੋਂ ਲੱਖਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ

ਟਾਂਡਾ ਉੜਮੁੜ, 26 ਅਪ੍ਰੈਲ (ਅਰਜੁਨ ਜੈਨ): ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਟਾਂਡਾ ਸ਼ਹਿਰ ਦੇ ਵਾਰਡ ਨੰਬਰ 14 ਵਿੱਚ ਲੱਖਾਂ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਗਲੀ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਕਰੀਬ 24 ਲੱਖ 43 ਹਜ਼ਾਰ ਰੁਪਏ ਨਾਲ ਬਣਨ ਜਾ ਰਹੀ ਇਸ ਗਲੀ ਦਾ ਕੰਮ ਬਹੁਤ ਜਲਦ ਮੁਕੰਮਲ ਹੋ ਜਾਵੇਗਾ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਟਾਂਡਾ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਟਾਂਡਾ ਸ਼ਹਿਰ ਵਿੱਚ ਹੋਣ ਵਾਲੇ ਲੱਖਾਂ ਰੁਪਏ ਦੇ ਵਿਕਾਸ ਕਾਰਜਾਂ ਲਈ ਗ੍ਰਾਂਟ ਰਾਸ਼ੀ ਮੁੱਖ ਮੰਤਰੀ ਕੋਟੇ ਵਿੱਚੋਂ ਲਿਆਂਦੀ ਗਈ ਹੈ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਹਲਕੇ ਦਾ ਹਰ ਪਿੰਡ ਤੇ ਸ਼ਹਿਰੀ ਖੇਤਰਾਂ ਵਿਕਾਸ ਕਾਰਜ ਲਗਾਤਾਰ ਧੜੱਲੇ ਨਾਲ ਬਿਨਾਂ ਕਿਸੇ ਭੇਦਭਾਵ ਨਾਲ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੇ ਚਾਰ

ਸਾਲ ਦੇ ਕਾਰਜਕਾਲ ਵਿੱਚ ਪੰਜਾਬ ਵਿੱਚ ਕੀਤੇ ਵਿਕਾਸ ਤੇ ਲੋਕ ਹਿਤੈਸ਼ੀ ਸਕੀਮਾਂ ਲਾਗੂ ਕਰਨ 'ਤੇ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਸਿੱਖਿਆ, ਹੈਲਥ ਸਹੂਲਤਾਂ ਤੇ ਮਹਿਲਾਵਾਂ ਲਈ ਸ਼ੁਰੂ ਕੀਤੀ ਮਾਵਾਂ-ਭੈਣਾਂ ਸਤਿਕਾਰ ਯੋਜਨਾ ਲਾਗੂ ਕਰਕੇ ਪੰਜਾਬ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ। ਵਿਧਾਇਕ ਰਾਜਾ ਗਿੱਲ ਨੇ ਮਹਿਲਾਵਾਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਮਾਵਾਂ-ਭੈਣਾਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਹੋ ਚੁੱਕੀ ਹੈ ਤੇ ਉਨ੍ਹਾਂ ਮਾਵਾਂ-ਭੈਣਾਂ ਤੇ ਧੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਆਪਣੇ ਏਰੀਏ ਵਿੱਚ ਹੋ ਰਹੀ ਰਜਿਸਟ੍ਰੇਸ਼ਨ ਵਿੱਚ ਆਪਣਾ ਫਾਰਮ ਭਰਵਾ ਲੈਣ ਤਾਂ ਜੋ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ੁਰੂ ਕੀਤੀ ਇਸ ਯੋਜਨਾ ਦਾ ਫਾਇਦਾ ਉਠਾਇਆ ਜਾ ਸਕੇ। ਇਸ ਮੌਕੇ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਆਪ ਆਗੂ ਸੋਨੂ ਖੰਨਾ, ਸ਼ਹਿਰੀ ਪ੍ਰਧਾਨ ਟਾਂਡਾ ਜਸਪ੍ਰੀਤ ਜੱਸੀ, ਅਨਿਲ ਗੈਂਰਾ, ਰਾਜਨ ਸੋਂਧੀ, ਅਮਨ ਗੁਮਨ, ਨੈਨੋ ਜਸਰਾ ਆਦਿ ਹਾਜ਼ਰ ਸਨ।

'ਆਪ' ਦੀ ਅਸਲੀ ਤਾਕਤ ਉਸ ਦੇ ਵਰਕਰ ਨੇ: ਮੁਖਦੇਵ ਸਿੰਘ ਆਲੋਵਾਲ

ਗੁਰਦਾਸਪੁਰ, 26 ਅਪ੍ਰੈਲ (ਜਸਵਿੰਦਰ ਸਿੰਘ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮੁਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ ਗੁਰਦਾਸਪੁਰ ਨੇ ਵਿਸ਼ੇਸ਼ ਤੌਰ 'ਤੇ ਮੀਡੀਆ ਦੇ ਰੂਬਰੂ ਹੁੰਦੇ ਕਿਹਾ ਕਿ ਆਮ ਆਦਮੀ ਪਾਰਟੀ ਅੱਜ ਵੀ ਪੂਰੀ ਤਰ੍ਹਾਂ ਮਜ਼ਬੂਤ ਹੈ ਤੇ ਉਸ ਦੀ ਅਸਲੀ ਤਾਕਤ ਉਸ ਦੇ ਵਰਕਰ ਹਨ, ਜੋ ਜ਼ਮੀਨੀ ਪੱਧਰ 'ਤੇ ਪਾਰਟੀ ਲਈ ਕੰਮ ਕਰਦੇ ਹਨ ਤੇ ਪਾਰਟੀ ਦਾ ਸੁਨੇਹਾ ਘਰ-ਘਰ ਪਹੁੰਚਾਉਂਦੇ ਹਨ। ਉਨ੍ਹਾਂ ਕਿਹਾ ਕਿ ਕੁਝ ਲੀਡਰਾਂ ਦੇ ਪਾਰਟੀ ਛੱਡਣ ਨਾਲ ਆਮ ਆਦਮੀ ਪਾਰਟੀ ਨੂੰ ਕੋਈ ਫਰਕ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਉਹ ਲੀਡਰ ਹਨ, ਜਿਨ੍ਹਾਂ ਨੂੰ ਆਮ ਆਦਮੀ ਪਾਰਟੀ ਨੇ ਬਣਾਇਆ ਸੀ, ਇਹ ਸਾਰੇ ਹੀ ਲੀਡਰ ਭਾਜਪਾ ਦੇ ਦਬਾਅ ਤੇ ਲਾਲਚ ਵਿੱਚ ਆ ਕੇ ਆਮ ਆਦਮੀ ਪਾਰਟੀ ਨੂੰ ਦਗਾ ਦੇ ਗਏ ਹਨ, ਲੇਕਿਨ ਪਾਰਟੀ ਦਾ ਵਰਕਰ ਅੱਜ ਵੀ ਆਮ ਆਦਮੀ ਪਾਰਟੀ ਨਾਲ ਚੱਟਾਨ ਵਾਂਗ ਖੜ੍ਹਾ ਹੈ ਤੇ ਸਾਡੀ ਤਾਕਤ ਸਾਡੇ ਵਰਕਰ ਹਨ।ਉਨ੍ਹਾਂ ਕਿਹਾ ਕਿ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਅੱਜ ਵੀ ਪਾਰਟੀ ਦਾ ਆਮ ਵਰਕਰ ਚੱਟਾਨ ਵਾਂਗ ਖੜ੍ਹਾ ਹੈ ਕਿਉਂਕਿ ਆਮ ਆਦਮੀ ਪਾਰਟੀ ਦੇਸ਼ ਦੀ ਰਾਜਨੀਤੀ ਬਦਲਣ ਲਈ ਆਈ ਹੈ, ਜੋ ਭਾਜਪਾ ਸਮੇਤ ਹੋਰ ਵਿਰੋਧੀ ਪਾਰਟੀਆਂ ਨੂੰ ਬਰਦਾਸ਼ਤ ਨਹੀਂ ਹੋ ਰਿਹਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਭਾਜਪਾ ਜਿੰਨੀ ਮਰਜ਼ੀ ਤਾਕਤ ਦਾ ਇਸਤੇਮਾਲ ਕਰ ਲਵੇ ਲੇਕਿਨ ਆਮ ਆਦਮੀ ਪਾਰਟੀ ਨਾ ਕਦੀ ਡਰੀ ਹੈ ਤੇ ਨਾ ਹੀ ਕਦੀ ਝੁਕੇਗੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਨਾਲ ਖੜ੍ਹੇ ਹਨ ਤੇ ਜਿਹੜੇ ਲੋਕ ਪਾਰਟੀ ਨਾਲ ਗਿਰਦਾਰੀ ਕਰਕੇ ਭਾਜਪਾ ਵਿੱਚ ਗਏ ਹਨ, ਉਨ੍ਹਾਂ ਨੂੰ ਪੰਜਾਬ ਦੇ ਲੋਕ ਕਦੀ ਵੀ ਬਰਦਾਸ਼ਤ ਨਹੀਂ ਕਰਨਗੇ। ਅਜਿਹੇ ਲੀਡਰਾਂ ਦੀ ਕਿਸੇ ਵੀ ਥਾਂ 'ਤੇ ਕੋਈ ਮੁਕਤੀ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਇਨ੍ਹਾਂ ਨੂੰ ਆਮ ਆਦਮੀ ਪਾਰਟੀ ਨੇ ਬਹੁਤ ਮਾਣ-ਸਨਮਾਨ ਦਿੱਤਾ ਲੇਕਿਨ ਇਨ੍ਹਾਂ ਲੋਕਾਂ ਨੂੰ ਇਹ ਮਾਣ-ਸਨਮਾਨ ਹਜ਼ਮ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਇਹ ਲੋਕ ਜਲਦੀ ਪੰਜਾਬ ਦੀ ਰਾਜਨੀਤੀ ਤੋਂ ਪੂਰੀ ਤਰ੍ਹਾਂ ਖਤਮ ਹੋ ਜਾਣਗੇ।

ਖ਼ਾਲਸਾ ਕਾਲਜ ਵਿਖੇ ਡਿਗਰੀ ਵੰਡ ਸਮਾਗਮ ਕਰਵਾਇਆ



ਗੜ੍ਹਦੀਵਾਲਾ, 26 ਅਪ੍ਰੈਲ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਡਿਗਰੀ ਵੰਡ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਐਡ. ਹਰਜਿੰਦਰ ਸਿੰਘ ਧਾਮੀ (ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਜਥੇ. ਤਾਰਾ ਸਿੰਘ ਸੱਲ੍ਹਾਂ (ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ), ਰਵਿੰਦਰ ਸਿੰਘ ਚੱਕ, ਸੰਦੀਪ ਸਿੰਘ ਸੀਕਰੀ ਤੇ ਚੇਤਨ ਸਿੰਘ (ਮੈਂਬਰ, ਓਲਡ ਸਟੂਡੈਂਟ ਐਸੋਸੀਏਸ਼ਨ) ਵੀ ਇਸ ਸਮਾਗਮ ਵਿੱਚ ਸ਼ਾਮਲ ਹੋਏ।ਪ੍ਰਿੰਸੀਪਲ ਡਾ. ਜਸਪਾਲ ਸਿੰਘ ਵੱਲੋਂ ਕਨਵੋਕੇਸ਼ਨ ਰਿਪੋਰਟ ਪੇਸ਼ ਕੀਤੀ ਗਈ। ਇਸ ਉਪਰੰਤ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅੱਜ ਦਾ ਦਿਨ ਉਨ੍ਹਾਂ ਦੀ ਜ਼ਿੰਦਗੀ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਚਾਈ, ਇਮਾਨਦਾਰੀ ਤੇ ਮਿਹਨਤ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਤੇ ਸਮਾਜ ਦੀ ਸੇਵਾ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖਿਆ ਸਿਰਫ਼ ਨੌਕਰੀ ਪ੍ਰਾਪਤ ਕਰਨ ਦਾ ਸਾਧਨ ਨਹੀਂ, ਬਲਕਿ ਇੱਕ ਚੰਗਾ ਇਨਸਾਨ ਬਣਨ ਦਾ ਮਾਧਿਅਮ ਵੀ ਹੈ। ਡਿਗਰੀ ਵੰਡ ਸਮਾਗਮ ਦੌਰਾਨ ਵੱਖ-ਵੱਖ ਕੋਰਸਾਂ ਦੇ ਵਿਦਿਆਰਥੀਆਂ ਨੂੰ ਡਿਗਰੀਆਂ ਤੇ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਇਸ ਡਿਗਰੀ ਵੰਡ ਸਮਾਗਮ ਵਿੱਚ 421 ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ ਗਈਆਂ।ਸਿੱਖਿਆ ਤੋਂ ਇਲਾਵਾ ਸੱਭਿਆਚਾਰਕ ਤੇ ਧਾਰਮਿਕ ਗਤੀਵਿਧੀਆਂ, ਖੇਡਾਂ ਤੇ ਹੋਰ ਮੁਕਾਬਲਿਆਂ ਵਿੱਚ ਮੁਕਾਮ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮ ਵੀ ਦਿੱਤੇ ਗਏ।ਇਸ ਮੌਕੇ ਪ੍ਰਧਾਨ ਐਡ.ਹਰਜਿੰਦਰ ਸਿੰਘ ਧਾਮੀ ਵੱਲੋਂ ਕਾਲਜ ਵਿੱਚ ਨਵੀਂ ਤਿਆਰ ਕੀਤੀ ਗਈ ਕਾਮਰਸ ਲੈਬ ਤੇ ਆਈ.ਸੀ.ਟੀ. ਲੈਬ ਦਾ ਉਦਘਾਟਨ ਵੀ ਕੀਤਾ ਗਿਆ।

ਜ਼ਿਲ੍ਹਾ ਚੇਅਰਮੈਨ ਨਿਸ਼ਾਨ ਸਿੰਘ ਵੱਲੋਂ ਲਖਵਿੰਦਰ ਸਿੰਘ ਪ੍ਰਧਾਨ ਤੇ ਹਰਪ੍ਰੀਤ ਵਾਈਸ ਪ੍ਰਧਾਨ ਨਿਯੁਕਤ

ਧਾਰੀਵਾਲ, 26 ਅਪ੍ਰੈਲ (ਅਸ਼ੋਕ ਕੁਮਾਰ): ਅੱਜ ਦਲਿਤ ਸੁਰੱਖਿਆ ਸੈਨਾ ਵੱਲੋਂ ਜ਼ਿਲ੍ਹਾ ਪੱਧਰ 'ਤੇ ਇੱਕ ਮਹੱਤਵਪੂਰਨ ਮੀਟਿੰਗ ਬਟਾਲਾ ਹਲਕੇ ਦੇ ਪਿੰਡ ਅਵਾਣ ਵਿੱਚ ਕਰਵਾਈ ਗਈ। ਇਸ ਮੀਟਿੰਗ ਦੀ ਅਗਵਾਈ ਜ਼ਿਲ੍ਹਾ ਚੇਅਰਮੈਨ ਨਿਸ਼ਾਨ ਸਿੰਘ ਗਿੱਲ ਵੱਲੋਂ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਕਈ ਸਰਗਰਮ ਮੈਂਬਰਾਂ ਤੇ ਸਥਾਨਕ ਆਗੂਆਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਸੰਸਥਾ ਦੀ ਮਜ਼ਬੂਤੀ ਤੇ ਪਿੰਡ ਪੱਧਰ 'ਤੇ ਇਸਦੀ ਪਹੁੰਚ ਨੂੰ ਵਧਾਉਣ 'ਤੇ ਖਾਸ ਚਰਚਾ ਕੀਤੀ ਗਈ। ਇਸ ਮੌਕੇ 'ਤੇ ਲਖਵਿੰਦਰ ਸਿੰਘ ਨੂੰ ਬਟਾਲਾ ਦਿਹਾਤੀ ਹਲਕੇ ਤੋਂ ਪ੍ਰਧਾਨ ਨਿਯੁਕਤ ਕੀਤਾ ਗਿਆ। ਉਨ੍ਹਾਂ ਦੀ ਨਿਯੁਕਤੀ ਨੂੰ ਲੈ ਕੇ ਹਾਜ਼ਰ ਮੈਂਬਰਾਂ ਨੇ ਖੁਸ਼ੀ ਜ਼ਾਹਿਰ ਕੀਤੀ ਤੇ ਉਮੀਦ ਜਤਾਈ ਕਿ ਉਹ ਸੰਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਇਮਾਨਦਾਰੀ ਨਾਲ ਕੰਮ ਕਰਨਗੇ। ਲਖਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਦਲਿਤ ਭਾਈਚਾਰੇ ਦੇ ਹੱਕਾਂ ਲਈ ਹਮੇਸ਼ਾ ਖੜ੍ਹੇ ਰਹਿਣਗੇ ਤੇ ਸੰਸਥਾ ਦੇ ਮਕਸਦਾਂ ਨੂੰ ਅੱਗੇ ਵਧਾਉਣ ਲਈ ਹਰ ਸੰਭਵ ਯਤਨ ਕਰਨਗੇ। ਇਸੇ ਲੜੀ ਨੂੰ ਅੱਗੇ ਤੋਰਦੇ ਹੋਏ ਪਿੰਡ ਨੰਗਲ ਬੁੱਟਰ ਦੀ ਮੈਡਮ ਹਰਪ੍ਰੀਤ (ਸੌਮਿਆ ਮਹੰਤ) ਨੂੰ ਬਟਾਲਾ ਦਿਹਾਤੀ ਹਲਕੇ ਤੋਂ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ। ਉਨ੍ਹਾਂ ਦੀ ਨਿਯੁਕਤੀ ਨਾਲ ਮਹਿਲਾ ਵਰਗ ਵਿੱਚ ਵੀ ਉਤਸ਼ਾਹ ਦੇਖਣ ਨੂੰ ਮਿਲਿਆ। ਹਰਪ੍ਰੀਤ ਨੇ ਵੀ ਸੰਸਥਾ ਦੇ ਪ੍ਰਤੀ ਆਪਣੀ ਵਚਨਬੱਧਤਾ ਦਰਸਾਈ ਤੇ ਕਿਹਾ ਕਿ ਉਹ ਸਮਾਜਿਕ ਨਿਆਂ ਲਈ ਸੰਘਰਸ਼ ਕਰਦੀਆਂ ਰਹਿਣਗੀਆਂ। ਮੀਟਿੰਗ ਦੇ ਅੰਤ ਵਿੱਚ ਸਭ ਮੈਂਬਰਾਂ ਨੇ ਇਕਜੁੱਟ ਹੋ ਕੇ ਸੰਸਥਾ ਦੇ ਉਦੇਸ਼ਾਂ ਨੂੰ ਪੂਰਾ ਕਰਨ ਦਾ ਸੰਕਲਪ ਲਿਆ।

ਬੀ.ਵੀ.ਐਨ. ਕਾਲਜ ਦੀਆਂ ਵਿਦਿਆਰਥਣਾਂ ਨੇ ਹਾਸਲ ਕੀਤੀਆਂ ਸ਼ਾਨਦਾਰ ਪ੍ਰਾਪਤੀਆਂ

ਫਤਹਿਗੜ੍ਹ ਚੂੜੀਆਂ, 26 ਅਪ੍ਰੈਲ (ਰਾਜਨ ਸ਼ਰਮਾ): ਬੀ.ਵੀ.ਐਨ. ਕਾਲਜ ਫਤਹਿਗੜ੍ਹ ਚੂੜੀਆਂ ਦੀਆਂ ਵਿਦਿਆਰਥਣਾਂ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮੈਰਿਟ ਪੁਜੀਸ਼ਨਾਂ ਹਾਸਲ ਕਰਕੇ ਕਾਲਜ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਗਿਆ ਹੈ। ਇਸ ਕਾਮਯਾਬੀ ਪਿੱਛੇ ਵਿਦਿਆਰਥਣਾਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਤੇ ਪ੍ਰਿੰਸੀਪਲ ਦੀ ਯੋਗ ਰਹਿਨੁਮਾਈ ਦੀ ਮਹੱਤਵਪੂਰਨ ਭੂਮਿਕਾ ਰਹੀ ਹੈ। ਇਸ ਸ਼ਾਨਦਾਰ ਉਪਲਬਧੀ ਨੂੰ ਹੋਰ ਉਚਾਈਆਂ 'ਤੇ ਲੈ ਜਾਣ ਲਈ ਬੀ.ਵੀ.ਐਨ. ਕਾਲਜ ਫਤਹਿਗੜ੍ਹ ਚੂੜੀਆਂ ਵੱਲੋਂ ਹੁਣ ਗੂਗਲ ਤੇ ਆਸਟ੍ਰੇਲੀਆ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਨਾਲ ਟਾਈਅਪ ਕੀਤਾ ਗਿਆ ਹੈ। ਇਸ ਸਾਂਝ ਦੇ ਤਹਿਤ ਵਿਦਿਆਰਥਣਾਂ ਨੂੰ ਅੰਤਰਰਾਸ਼ਟਰੀ ਮਿਆਰ ਦੇ ਸਰਟੀਫਿਕੇਟ ਕੋਰਸ ਕਰਵਾਏ ਜਾਣਗੇ, ਜਿਸ ਨਾਲ ਉਨ੍ਹਾਂ ਨੂੰ ਗਲੋਬਲ ਪੱਧਰ 'ਤੇ ਨਵੀਂ ਪਛਾਣ ਮਿਲੇਗੀ। ਇਸ ਦੇ ਨਾਲ-ਨਾਲ ਕਾਲਜ ਵੱਲੋਂ ਅੰਤਰਰਾਸ਼ਟਰੀ ਆਈ.ਟੀ. ਕੰਪਨੀਆਂ ਨਾਲ ਵੀ ਸਹਿਯੋਗ ਕੀਤਾ ਜਾ ਰਿਹਾ ਹੈ ਤਾਂ ਜੋ ਵਿਦਿਆਰਥਣਾਂ ਨੂੰ ਉਚ ਪੱਧਰੀ ਨੌਕਰੀਆਂ ਲਈ ਪਲੇਸਮੈਂਟ ਮੁਹੱਈਆ ਕਰਵਾਈ ਜਾ ਸਕੇ। ਇਹ ਉਪਰਾਲੇ ਵਿਦਿਆਰਥਣਾਂ ਲਈ ਵਿਦੇਸ਼ਾਂ ਵਿੱਚ ਰੋਜ਼ਗਾਰ ਦੇ ਰਸਤੇ ਖੋਲ੍ਹਣ ਦੇ ਨਾਲ ਉਨ੍ਹਾਂ ਦੇ ਭਵਿੱਖ ਨੂੰ ਨਵੀਆਂ ਉਚਾਈਆਂ ਤੱਕ ਲੈ ਜਾਣ ਵਿੱਚ ਮਦਦਗਾਰ ਸਾਬਤ ਹੋਣਗੇ। ਕਾਲਜ ਪ੍ਰਬੰਧਕਾਂ ਨੇ ਦੱਸਿਆ ਕਿ ਉਨ੍ਹਾਂ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਸਿਰਫ਼ ਅਕਾਦਮਿਕ ਤੱਕ ਸੀਮਿਤ ਨਾ ਰੱਖ ਕੇ ਉਨ੍ਹਾਂ ਨੂੰ ਗਲੋਬਲ ਮੁਕਾਬਲੇ ਲਈ ਤਿਆਰ ਕਰਨਾ ਹੈ ਤਾਂ ਜੋ ਉਹ ਆਤਮਵਿਸ਼ਵਾਸ ਨਾਲ ਦੁਨੀਆਂ ਭਰ ਵਿੱਚ ਆਪਣੀ ਪਛਾਣ ਬਣਾਉਣ।



ਸ਼ਿਵ ਸੈਨਾ ਸਮਾਜਵਾਦੀ ਪਾਰਟੀ ਦੀ ਰੈਲੀ 'ਚ ਨਸ਼ੇ ਤੇ ਕਰੈਸ਼ਰ ਮਾਫ਼ੀਆ ਖ਼ਿਲਾਫ਼ ਆਵਾਜ਼ ਬੁਲੰਦ

ਤਲਵਾੜਾ, 26 ਅਪ੍ਰੈਲ (ਜਗਮੋਹਨ ਸ਼ਰਮਾ): ਸ਼ਿਵਸੈਨਾ ਸਮਾਜਵਾਦੀ ਪਾਰਟੀ ਵੱਲੋਂ ਤਲਵਾੜਾ ਵਿੱਚ ਨਸ਼ੇ, ਆਤੰਕਵਾਦ ਤੇ ਕਰੈਸ਼ਰ ਮਾਫੀਆ ਖ਼ਿਲਾਫ਼ ਇੱਕ ਵਿਸ਼ਾਲ ਰੈਲੀ ਕੱਢੀ ਗਈ। ਇਹ ਰੈਲੀ ਪੰਜਾਬ ਯੂਥ ਪ੍ਰਭਾਰੀ ਹਰਜਿੰਦਰ ਪਾਲ 'ਹੈਪੀ' ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ, ਜਿਸ ਵਿੱਚ ਪਾਰਟੀ ਦੇ ਕਈ ਰਾਸ਼ਟਰੀ ਤੇ ਸੂਬਾ ਪੱਧਰ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਰੈਲੀ ਵਿੱਚ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਕਮਲੇਸ਼ ਭਾਰਦਵਾਜ, ਰਾਸ਼ਟਰੀ ਚੇਅਰਮੈਨ ਹਨੀ ਭਾਰਦਵਾਜ, ਰਾਸ਼ਟਰੀ ਸਕੱਤਰ ਅਜੈ ਮਿਸ਼ਰਾ ਤੇ ਰਾਸ਼ਟਰੀ ਯੂਥ ਪ੍ਰਭਾਰੀ ਬੰਟੀ ਜੋਗੀ ਖਾਸ ਤੌਰ 'ਤੇ ਮੌਜੂਦ ਰਹੇ। ਇਸ ਦੌਰਾਨ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਿਵਸੈਨਿਕਾਂ ਨੇ ਹਿੱਸਾ ਲੈ ਕੇ ਪਾਰਟੀ ਦੇ ਅਭਿਆਨ ਨੂੰ ਸਮਰਥਨ ਦਿੱਤਾ। ਰੈਲੀ ਦੀ ਸ਼ੁਰੂਆਤ ਸੈਕਟਰ-3 ਤੋਂ ਹੋਈ, ਜੋ ਸੈਕਟਰ-2, ਸੈਕਟਰ-1, ਥਾਣਾ ਤਲਵਾੜਾ, ਮੁੱਖ ਬਜ਼ਾਰ ਤੇ ਦੌਲਤਪੁਰ ਚੌਕ ਤੋਂ ਹੁੰਦੀ ਹੋਈ ਮੁੜ ਸੈਕਟਰ-3 ਵਿੱਚ ਸਮਾਪਤ ਹੋਈ।ਰੈਲੀ ਦੌਰਾਨ ਕਰਮਚਾਰੀਆਂ ਵੱਲੋਂ ਨਸ਼ੇ ਤੇ ਗੈਰਕਾਨੂੰਨੀ ਗਤੀਵਿਧੀਆਂ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਲੋਕਾਂ ਨੂੰ ਜਾਗਰੂਕ ਕੀਤਾ ਗਿਆ।ਇਸ ਮੌਕੇ ਰਾਸ਼ਟਰੀ ਪ੍ਰਧਾਨ ਕਮਲੇਸ਼ ਭਾਰਦਵਾਜ ਨੇ ਕਿਹਾ ਕਿ ਸ਼ਿਵਸੈਨਾ ਸਮਾਜਵਾਦੀ ਪਾਰਟੀ ਪੰਜਾਬ ਨੂੰ ਨਸ਼ਾਮੁਕਤ ਬਣਾਉਣ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਤਲਵਾੜਾ ਖੇਤਰ ਵਿੱਚ ਸਰਗਰਮ ਕਰੈਸ਼ਰ ਮਾਫੀਆ ਖ਼ਿਲਾਫ਼ ਜਲਦ ਹੀ ਇੱਕ ਵੱਡੀ ਮੀਟਿੰਗ ਕੀਤੀ ਜਾਵੇਗੀ ਤੇ ਇਸ ਮਾਮਲੇ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮਿਲ ਕੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਜਾਵੇਗੀ।ਇਸ ਮੌਕੇ ਭਿੰਡਰ ਦਸੂਹਾ, ਪੰਜਾਬ ਸਕੱਤਰ ਜਤਿੰਦਰ 'ਸੋਨੂ', ਰਾਸ਼ਟਰੀ ਸਲਾਹਕਾਰ ਰਾਜਨ ਰਾਣਾ, ਮੁਨੀਸ਼ ਗੁਪਤਾ, ਪੰਜਾਬ ਵਾਈਸ ਪ੍ਰਧਾਨ ਸੌਰਭ ਵਰਮਾ, ਪੰਜਾਬ ਸਲਾਹਕਾਰ ਰਾਜਿੰਦਰ ਭਾਟੀਆ, ਰੋਹਨ, ਰੋਹਿਤ ਸ਼ਰਮਾ, ਹਿਤੇਸ਼, ਨਰਿੰਦਰ ਠਾਪਰ (ਜਲੰਧਰ), ਜ਼ਿਲ੍ਹਾ ਪ੍ਰਧਾਨ ਰਾਕੇਸ਼ ਕੁਮਾਰ ਭਗਤ, ਜ਼ਿਲ੍ਹਾ ਯੂਥ ਪ੍ਰਧਾਨ ਨਰੇਸ਼ ਕੁਮਾਰ 'ਨਿਕਾ' ਤੇ ਜ਼ਿਲ੍ਹਾ ਯੂਥ ਵਾਈਸ ਪ੍ਰਧਾਨ ਅਨਿਲ ਕੁਮਾਰ 'ਮੋਨੂ' ਸਮੇਤ ਹੋਰ ਅਹੁਦੇਦਾਰ ਤੇ ਵਰਕਰ ਮੌਜੂਦ ਰਹੇ।

ਐਕਸਿਸ ਬੈਂਕ ਕਾਦੀਆਂ ਨੇੜੇ ਨੌਜਵਾਨ ਦੀ ਲਾਸ਼ ਮਿਲਣ ਨਾਲ ਸਨਸਨੀ ਫੈਲੀ, ਇਲਾਕੇ 'ਚ ਡਰ ਦਾ ਮਾਹੌਲ

ਕਾਦੀਆਂ, 26 ਅਪ੍ਰੈਲ (ਤਾਰੀ/ਸੰਧੂ): ਕਾਦੀਆਂ ਸ਼ਹਿਰ ਵਿੱਚ ਉਸ ਵੇਲੇ ਸਨਸਨੀ ਫੈਲ ਗਈ, ਜਦੋਂ ਸਥਾਨਕ ਐਕਸਿਸ ਬੈਂਕ ਦੇ ਨੇੜੇ ਇੱਕ ਨੌਜਵਾਨ ਦੀ ਸੰਦੇਹਜਨਕ ਹਾਲਾਤਾਂ ਵਿੱਚ ਲਾਸ਼ ਮਿਲੀ। ਇਸ ਘਟਨਾ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਤੇ ਲੋਕਾਂ ਵਿੱਚ ਚਰਚਾ ਦਾ ਵਿਸ਼ਾ ਬਣ ਗਿਆ। ਮਿਲੀ ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਦੀ ਪਹਿਚਾਣ ਗੁਰਦੀਪ ਸਿੰਘ ਵਾਸੀ ਪਿੰਡ ਮਾਲੀਆ ਵਜੋਂ ਹੋਈ ਹੈ। ਸਵੇਰੇ ਦੇ ਸਮੇਂ ਜਦੋਂ ਲੋਕ ਆਪਣੇ ਰੋਜ਼ਾਨਾ ਕੰਮਾਂ ਲਈ ਘਰਾਂ ਤੋਂ ਬਾਹਰ ਨਿਕਲੇ ਤਾਂ ਉਨ੍ਹਾਂ ਨੇ ਐਕਸਿਸ ਬੈਂਕ ਦੇ ਨੇੜੇ ਨੌਜਵਾਨ ਦੀ ਲਾਸ਼ ਪਈ ਦੇਖੀ। ਇਸ ਬਾਰੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਗਿਆ। ਸੂਚਨਾ ਮਿਲਣ ਉਪਰੰਤ ਪੁਲਿਸ ਤੁਰੰਤ ਮੌਕੇ 'ਤੇ ਪਹੁੰਚੀ ਤੇ ਇਲਾਕੇ ਨੂੰ ਘੇਰ ਕੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਵੱਲੋਂ ਮੌਕੇ ਦੀ ਜਾਂਚ ਕਰਦੇ ਹੋਏ ਸਬੂਤ ਇਕੱਠੇ ਕੀਤੇ ਗਏ ਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਮੁੱਢਲੀ ਕਾਰਵਾਈ ਕੀਤੀ ਗਈ। ਬਾਅਦ ਵਿੱਚ ਕਾਨੂੰਨੀ ਕਾਰਵਾਈ ਪੂਰੀ ਕਰਨ ਤੋਂ ਬਾਅਦ ਲਾਸ਼ ਨੂੰ ਵਾਰਸਾਂ ਦੇ ਹਵਾਲੇ ਕਰ ਦਿੱਤਾ ਗਿਆ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਮੌਤ ਦੇ ਅਸਲ ਕਾਰਨਾਂ ਦਾ ਅਜੇ ਤੱਕ ਕੋਈ ਸਪੱਸ਼ਟ ਪਤਾ ਨਹੀਂ ਲੱਗ ਸਕਿਆ।ਇਸ ਮਾਮਲੇ ਨੂੰ ਧਿਆਨ ਵਿੱਚ ਰੱਖਦੇ ਹੋਏ ਵੱਖ-ਵੱਖ ਪੱਖਾਂ ਤੋਂ ਜਾਂਚ ਕੀਤੀ ਜਾ ਰਹੀ ਹੈ। ਲੋੜ ਪੈਣ 'ਤੇ ਪੋਸਟਮਾਰਟਮ ਰਿਪੋਰਟ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ। ਇਸ ਘਟਨਾ ਨਾਲ ਇਲਾਕੇ ਦੇ ਵਸਨੀਕਾਂ ਵਿੱਚ ਡਰ ਤੇ ਚਿੰਤਾ ਦਾ ਮਾਹੌਲ ਬਣ ਗਿਆ ਹੈ। ਸਥਾਨਕ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਘਟਨਾ ਦੀ ਗਹਿਰਾਈ ਨਾਲ ਜਾਂਚ ਕਰਕੇ ਸੱਚਾਈ ਸਾਹਮਣੇ ਲਿਆਂਦੀ ਜਾਵੇ ਤੇ ਇਲਾਕੇ ਵਿੱਚ ਸੁਰੱਖਿਆ ਦੇ ਪ੍ਰਬੰਧ ਹੋਰ ਮਜ਼ਬੂਤ ਕੀਤੇ ਜਾਣ। ਫਿਲਹਾਲ ਪੁਲਿਸ ਮਾਮਲੇ ਦੀ ਜਾਂਚ ਵਿੱਚ ਜੁਟੀ ਹੋਈ ਹੈ ਤੇ ਜਲਦ ਹੀ ਸੱਚਾਈ ਸਾਹਮਣੇ ਆਉਣ ਦੀ ਉਮੀਦ ਜਤਾਈ ਜਾ ਰਹੀ ਹੈ।

ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਕਿਸ਼ਨਕੋਟ ਵਿਦਿਆਰਥੀਆਂ ਲਈ ਬਣਿਆ ਵਰਦਾਨ

ਬਟਾਲਾ/ਘੁਮਾਣ, 26 ਅਪ੍ਰੈਲ (ਜਗੀਰ ਸਿੰਘ ਮੰਡ/ਡਾ. ਨਰਿੰਦਰ ਸਿੰਘ/ਧੰਨਪਾਲ ਸਿੰਘ ਕਲਸੀ): ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਕਿਸ਼ਨਕੋਟ (ਘੁਮਾਣ) ਪਿੰਡ ਤੇ ਆਸ-ਪਾਸ ਦੇ ਇਲਾਕਿਆਂ ਦੇ ਵਿਦਿਆਰਥੀਆਂ ਲਈ ਵਰਦਾਨ ਸਾਬਤ ਹੋ ਰਿਹਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਵੱਲੋਂ ਕਾਲਜ ਵਿੱਚ ਨਵੇਂ ਕੋਰਸਾਂ ਦੀ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਵੱਡਾ ਲਾਭ ਮਿਲੇਗਾ। ਕਾਲਜ ਦੇ ਪ੍ਰਿੰਸੀਪਲ ਡਾ. ਵੀ.ਕੇ. ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸੰਸਥਾ ਪਿੰਡਾਂ ਦੇ ਵਿਦਿਆਰਥੀਆਂ ਨੂੰ ਉਚ ਸਿੱਖਿਆ ਪ੍ਰਦਾਨ ਕਰਨ ਲਈ ਸਮਰਪਿਤ ਹੈ। ਉਨ੍ਹਾਂ ਦੱਸਿਆ ਕਿ 2016 ਵਿੱਚ ਸਥਾਪਤ ਇਹ ਕਾਲਜ ਐਨ.ਆਰ.ਆਈ. ਸਹਿਯੋਗ ਨਾਲ ਚੱਲ ਰਿਹਾ ਹੈ ਤੇ ਸਿੱਖਿਆ ਦੇ ਖੇਤਰ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕਾਲਜ ਦੇ ਨਤੀਜੇ ਹਮੇਸ਼ਾ ਸ਼ਾਨਦਾਰ ਰਹੇ ਹਨ। ਮਾਰਚ 2025 ਦੇ ਨਤੀਜਿਆਂ ਵਿੱਚ ਵੀ ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਕਰਦਿਆਂ ਮੈਰਿਟ ਸੂਚੀਆਂ ਵਿੱਚ ਸਥਾਨ ਹਾਸਲ ਕੀਤਾ। ਕਾਲਜ ਵਿੱਚ ਆਧੁਨਿਕ ਲਾਇਬ੍ਰੇਰੀ, ਕੰਪਿਊਟਰ ਲੈਬ ਤੇ ਤਜਰਬੇਕਾਰ ਅਧਿਆਪਕਾਂ ਦੀ ਟੀਮ ਵਿਦਿਆਰਥੀਆਂ ਨੂੰ ਉਚ ਦਰਜੇ ਦੀ ਸਿੱਖਿਆ ਦੇ ਰਹੀ ਹੈ। ਇਸ ਵੇਲੇ ਕਾਲਜ ਵਿੱਚ ਬੀ.ਏ., ਬੀ.ਕਾਮ., ਬੀ.ਐਸਸੀ (ਮੈਡੀਕਲ, ਨਾਨ ਮੈਡੀਕਲ, ਕੰਪਿਊਟਰ ਸਾਇੰਸ, ਫੂਡ ਟੈਕਨਾਲੋਜੀ), ਬੀ.ਸੀ.ਏ., ਬੀ.ਬੀ.ਏ., ਐਮ.ਏ. ਸਮੇਤ ਕਈ ਕੋਰਸ ਚੱਲ ਰਹੇ ਹਨ। ਇਸ ਸਾਲ ਲਗਭਗ 630 ਵਿਦਿਆਰਥੀਆਂ ਨੇ ਦਾਖ਼ਲਾ ਲਿਆ ਹੈ। ਕਾਲਜ ਵਿੱਚ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਸਕਿੱਲ ਡਿਵੈਲਪਮੈਂਟ ਪ੍ਰੋਗਰਾਮ, ਸੈਮੀਨਾਰ ਤੇ ਵਰਕਸ਼ਾਪ ਵੀ ਕਰਵਾਏ ਜਾਂਦੇ ਹਨ। ਵਿਦਿਆਰਥੀ NSS ਤੇ NCC ਗਤੀਵਿਧੀਆਂ ਵਿੱਚ ਭਾਗ ਲੈ ਕੇ ਸਮਾਜਿਕ ਸੇਵਾਵਾਂ ਵਿੱਚ ਅੱਗੇ ਰਹਿੰਦੇ ਹਨ। ਇਸ ਤੋਂ ਇਲਾਵਾ ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾਂਦੀ ਹੈ। ਕਾਲਜ ਪ੍ਰਬੰਧਕਾਂ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਪਿੰਡਾਂ ਦੇ ਵਿਦਿਆਰਥੀਆਂ ਨੂੰ ਉਚ ਸਿੱਖਿਆ ਦੇ ਨਾਲ-ਨਾਲ ਚੰਗੇ ਸਸਕਾਰ ਪ੍ਰਦਾਨ ਕਰਨਾ ਹੈ ਤਾਂ ਜੋ ਉਹ ਭਵਿੱਖ ਵਿੱਚ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਸਕਣ।

ਸਿਵਲ ਸਰਜਨ ਡਾ. ਪ੍ਰਭਾਕਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਸ਼ਵ ਮਲੇਰੀਆ ਦਿਵਸ ਮਨਾਇਆ

ਫਤਹਿਗੜ੍ਹ ਚੂੜੀਆਂ, 26 ਅਪ੍ਰੈਲ (ਰਾਜਨ ਸ਼ਰਮਾ): ਸਿਵਲ ਸਰਜਨ ਗੁਰਦਾਸਪੁਰ ਡਾ. ਮਹੇਸ਼ ਕੁਮਾਰ ਪ੍ਰਭਾਕਰ ਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਕੁਲਵਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਾ. ਲਖਵਿੰਦਰ ਸਿੰਘ ਐਸਐਮਓ ਦੀ ਅਗਵਾਈ ਹੇਠ ਸੀਐਚਸੀ ਫਤਹਿਗੜ੍ਹ ਚੂੜੀਆਂ ਵਿੱਚ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਡਾ. ਕੁਲਵਿੰਦਰ ਕੌਰ ਨੇ ਦੱਸਿਆ ਕਿ ਹਰ ਸਾਲ 25 ਅਪ੍ਰੈਲ ਨੂੰ ਵਿਸ਼ਵ ਮਲੇਰੀਆ ਦਿਵਸ ਮਨਾਇਆ ਜਾਂਦਾ ਹੈ। ਇਸ ਸਾਲ ਦਾ ਥੀਮ Driven to End Malaria Now We Can, Now We Must" ਦਾ ਅਰਥ ਹੈ ਕਿ ਹੁਣ ਸਾਡੇ ਕੋਲ ਮਲੇਰੀਆ ਖਤਮ ਕਰਨ ਲਈ ਸਾਰੇ ਸਾਧਨ ਤੇ ਗਿਆਨ ਮੌਜੂਦ ਹਨ, ਇਸ ਲਈ ਹੁਣ ਦੇਰ ਨਹੀਂ ਕਰਨੀ ਚਾਹੀਦੀ। ਇਹ ਥੀਮ ਸਰਕਾਰਾਂ, ਸਿਹਤ ਸੰਸਥਾਵਾਂ ਤੇ ਆਮ ਲੋਕਾਂ ਨੂੰ ਇਕਜੁੱਟ ਹੋ ਕੇ ਤੁਰੰਤ ਕਾਰਵਾਈ ਕਰਨ ਲਈ ਪ੍ਰੇਰਿਤ ਕਰਦੀ ਹੈ। ਮਲੇਰੀਆ ਇੱਕ ਸੰਕਰਮਿਕ ਬਿਮਾਰੀ ਹੈ ਜੋ ਐਨੋਫਲੀਜ ਮੱਛਰ ਦੇ ਕੱਟਣ ਨਾਲ ਫੈਲਦੀ ਹੈ। ਇਹ ਬਿਮਾਰੀ ਜ਼ਿਆਦਾਤਰ ਗਰਮ ਤੇ ਨਮੀ ਵਾਲੇ ਇਲਾਕਿਆਂ ਵਿੱਚ ਵੱਧ ਫੈਲਦੀ ਹੈ। ਇਸ ਦੇ ਮੁੱਖ ਲੱਛਣ ਤੇਜ਼ ਬੁਖਾਰ, ਕੰਬਣੀ ਛਿੜਨਾ, ਪਸੀਨਾ ਆਉਣ, ਸਿਰ ਦਰਦ, ਥਕਾਵਟ, ਉਲਟੀਆਂ ਆਉਣਾ ਆਦਿ ਹੁੰਦੇ ਹਨ। ਇਸ ਤੋਂ ਬਚਾਅ ਲਈ ਪਾਣੀ ਖੜ੍ਹਾ ਨਾ ਹੋਣ ਦਿਓ, ਮੱਛਰਦਾਨੀ ਦੀ ਵਰਤੋਂ ਕਰੋ, ਘਰਾਂ ਦੇ ਆਲੇ-ਦੁਆਲੇ ਸਫਾਈ ਰੱਖੋ, ਪੂਰੀ ਬਾਂਹ ਵਾਲੇ ਕੱਪੜੇ ਪਹਿਨ ਕੇ ਰੱਖੋ। ਬੁਖਾਰ ਹੋਣ ਦੀ ਸੂਰਤ ਵਿੱਚ ਡਾਕਟਰ ਦੀ ਸਲਾਹ ਅਨੁਸਾਰ ਦਵਾਈ ਲਵੋ। ਇਸ ਮੌਕੇ 'ਤੇ ਡਾ. ਤਨਵੀਰ ਕੌਰ, ਬੀਈਈ, ਹਰਵਿੰਦਰ ਸਿੰਘ, ਦਵਿੰਦਰ ਸਿੰਘ, ਜਗਮੀਤ ਸਿੰਘ, ਗੁਰਤਿੰਦਰਜੀਤ ਸਿੰਘ ਹੈਲਥ ਸੁਪਰਵਾਈਜ਼ਰ, ਮਨਪਵਿੱਤਰਪਾਲ ਸਿੰਘ, ਕੁਲਦੀਪ ਸਿੰਘ, ਸੁਖਜਿੰਦਰ ਸਿੰਘ, ਰਛਪਾਲ ਸਿੰਘ, ਹਰਜੀਤ ਸਿੰਘ, ਰਜਿੰਦਰ ਸਿੰਘ, ਕਮਲਜੀਤ ਸਿੰਘ, ਕਮਲਦੀਪ, ਗੁਰਸਰਨ ਸਿੰਘ, ਗਗਨਜੀਤ ਸਿੰਘ, ਗੁਰਵਿੰਦਰ ਸਿੰਘ ਹੈਲਥ ਵਰਕਰ ਆਦਿ ਹਾਜ਼ਰ ਸਨ।

ਕਾਰ ਤੇ ਐਕਟਿਵਾ ਵਿੱਚਕਾਰ ਸੜਕ ਹਾਦਸੇ 'ਚ ਐਕਟਿਵਾ ਚਾਲਕ ਸਮੇਤ ਤਿੰਨ ਦੀ ਮੌਤ

ਚੌਕ ਮਹਿਤਾ, 26 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਅੰਮ੍ਰਿਤਸਰ ਮਹਿਤਾ ਰੋਡ 'ਤੇ ਪਿੰਡ ਘਨਸ਼ਾਮਪੁਰ ਤੇ ਤਨੇਲ ਵਿੱਚਕਾਰ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਘਟਨਾ ਵਾਲੀ ਥਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਮਹਿਤਾ ਦੀ ਤਰਫੋਂ ਆ ਰਹੀ ਇੱਕ ਕਾਲੇ ਰੰਗ ਦੀ ਹੰਡਈ ਕਰੇਟਾ ਕਾਰ ਪੀ.ਬੀ. 10 ਜੇ.ਸੀ. 2009 ਤੇ ਐਕਟਿਵਾ ਸਕੂਟਰੀ ਵਿੱਚ ਭਿਆਨਕ ਸੜਕ ਹਾਦਸੇ ਵਿੱਚ ਐਕਟਿਵਾ ਚਾਲਕ ਦੀ ਮੌਕੇ 'ਤੇ ਮੌਤ ਹੋ ਗਈ, ਜਿਸ ਦੀ ਪਹਿਚਾਣ ਰੇਸ਼ਮ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਪਿੰਡ ਬਲੜ੍ਹਵਾਲ, ਜ਼ਿਲ੍ਹਾ ਗੁਰਦਾਸਪੁਰ ਵਜੋਂ ਹੋਈ ਹੈ। ਸ਼ਾਮ ਕਰੀਬ 5.30 'ਤੇ ਇਹ ਟੱਕਰ ਇੰਨੀ ਭਿਆਨਕ ਸੀ ਕਿ ਐਕਟਿਵਾ ਪਿੱਛੇ ਬੈਠੀਆਂ ਦੋ ਔਰਤਾਂ ਵਿੱਚ ਇੱਕ ਦੀ ਬਾਂਹ ਸਰੀਰ ਤੋਂ ਅਲੱਗ ਹੋ ਗਈ ਤੇ ਮੌਕੇ 'ਤੇ ਪਹੁੰਚੀ ਸੜਕ ਸੁਰੱਖਿਆ ਫੋਰਸ ਦੇ ਕਰਮਚਾਰੀਆਂ ਤੇ ਥਾਣਾ ਮਹਿਤਾ ਦੀ ਪੁਲਿਸ ਵੱਲੋਂ ਜ਼ਖ਼ਮੀ ਔਰਤਾਂ ਨੂੰ ਬਟਾਲਾ ਸਿਵਲ ਹਸਪਤਾਲ ਭੇਜ ਦਿੱਤਾ ਸੀ, ਜਿਥੇ ਇਲਾਜ ਦੌਰਾਨ ਉਨ੍ਹਾਂ ਦੋਵਾਂ ਔਰਤਾਂ ਨੇ ਵੀ ਦਮ ਤੋੜਿਆ। ਪੁਲਿਸ ਵੱਲੋਂ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰਜ਼ ਐਸੋਸੀਏਸ਼ਨ ਵੱਲੋਂ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ

ਮੁਕੇਰੀਆਂ/ਮੋਹਾਲੀ, 26 ਅਪ੍ਰੈਲ (ਧਰਮਚੰਦ): ਪਸ਼ੂ ਪਾਲਣ ਵਿਭਾਗ ਦੇ ਵੈਟਰਨਰੀ ਇੰਸਪੈਕਟਰ ਕੇਡਰ ਵੱਲੋਂ ਆਪਣੀਆਂ ਮੰਗਾਂ ਤੇ ਮਸਲਿਆਂ ਦਾ ਨਿਪਟਾਰਾ ਨਾ ਹੋਣ ਦੇ ਰੋਸ ਵਜੋਂ ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰਜ਼ ਐਸੋਸੀਏਸ਼ਨ ਦੀ ਅਗਵਾਈ ਅਧੀਨ ਗੁਰਦੁਆਰਾ ਅੰਬ ਸਾਹਿਬ ਕੋਲ ਸੂਬਾ ਪੱਧਰੀ ਭਰਵੀਂ ਰੋਸ ਰੈਲੀ ਕਰਦਿਆਂ ਮੁੱਖ ਮੰਤਰੀ ਪੰਜਾਬ ਦੇ ਘਰ ਵੱਲ ਸੰਕੇਤਕ ਰੋਸ ਮਾਰਚ ਕੀਤਾ। ਇਸ ਧਰਨੇ ਦੀ ਅਗਵਾਈ ਕਰਦਿਆਂ ਸੂਬਾ ਪ੍ਰਧਾਨ ਗੁਰਦੀਪ ਬਾਸੀ ਤੇ ਸੂਬਾ ਜਨਰਲ ਸਕੱਤਰ ਵਿਪਨ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਦੇ ਕੈਬਨਿਟ ਵਜ਼ੀਰ ਗੁਰਮੀਤ ਸਿੰਘ ਖੁੱਡੀਆਂ ਤੇ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਵੈਟਰਨਰੀ ਇੰਸਪੈਕਟਰ ਕੇਡਰ ਦੀਆਂ ਮੰਗਾਂ ਮਸਲਿਆਂ ਨੂੰ ਅਣਦੇਖਿਆ ਕਰ ਰਹੀ ਹੈ। ਪਿਛਲੇ ਚਾਰ ਸਾਲ ਤੋਂ ਪੰਜਾਬ ਸਰਕਾਰ ਨਾਲ ਹੋਈਆਂ ਅਨੇਕਾਂ ਵਿਭਾਗੀ ਮੀਟਿੰਗਾਂ ਦੇ ਬਾਵਜੂਦ ਵੈਟਰਨਰੀ ਇੰਸਪੈਕਟਰ ਕੇਡਰ ਨੂੰ ਢੁੱਕਵਾਂ ਪਰਮੋਸ਼ਨ ਚੈਨਲ ਬਣਾਉਣ, ਵੈਟਰਨਰੀ ਇੰਸਪੈਕਟਰ ਕੌਂਸਲ ਬਣਾਉਣ, ਪੇਅ ਸਕੇਲਾਂ ਦੀਆਂ ਤਰੁੱਟੀਆਂ ਦੂਰ ਕਰਨ, ਨਵੀਂ ਭਰਤੀ ਵਾਲੇ ਵੈਟਰਨਰੀ ਇੰਸਪੈਕਟਰਾਂ ਨੂੰ ਢੁੱਕਵਾਂ ਪੇਅ ਸਕੇਲ ਦੇਣ, ਮਿਤੀ 17-7-20 ਦਾ ਪੱਤਰ ਰੱਦ ਕਰਵਾਉਣ ਵਰਗੀਆਂ ਮੰਗਾਂ ਦਾ ਕੋਈ ਨਿਪਟਾਰਾ ਨਹੀ ਕੀਤਾ ਗਿਆ ਹੈ।ਪੰਜਾਬ ਸਰਕਾਰ ਦੇ ਵਿੱਤ ਤੇ ਪਰਸੋਨਲ ਵਿਭਾਗ ਵੱਲੋਂ ਮੁੱਖ ਮੰਤਰੀ ਪੰਜਾਬ ਦੇ ਇਸ਼ਾਰੇ 'ਤੇ ਪਿੱਤਰੀ ਵਿਭਾਗ ਵੱਲੋਂ ਭੇਜੀਆਂ ਫਾਈਲਾਂ 'ਤੇ ਬੇਲੋੜੇ ਇਤਰਾਜ਼ ਲਗਾਉਂਦਿਆਂ ਮਸਲੇ ਲਟਕਾਉਣ ਦਾ ਰਾਹ ਫੜਿਆ ਹੋਇਆ ਹੈ, ਜੋ ਕਿ ਨਿਰਾਸ਼ਾਜਨਕ ਵਿਹਾਰ ਹੈ, ਜਿਸ ਕਰਕੇ ਵੈਟਰਨਰੀ ਇੰਸਪੈਕਟਰ ਕੇਡਰ ਅੰਦਰ ਤਿੱਖਾ ਰੋਸ ਹੈ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਗੁਰਦੀਪ ਸਿੰਘ ਛੰਨਾਂ, ਰਾਜੀਵ ਮਲਹੋਤਰਾ, ਦਲਜੀਤ ਚਾਹਲ, ਪਰਮਜੀਤ ਸੋਹੀ, ਗੁਰਮੀਤ ਮਹਿਤਾ, ਗੁਰਪ੍ਰੀਤ ਸੰਗਰੂਰ, ਗੁਰਜੀਤ ਸਿੰਘ ਡੀਵੀਆਈ, ਗੁਰਪ੍ਰੀਤ ਸਿੰਘ ਨਾਭਾ ਸਮੇਤ ਸਮੂਹ ਆਗੂਆਂ ਵੱਲੋਂ ਵਿਭਾਗ ਦੀਆਂ ਕੇਡਰ ਮਾਰੂ ਨੀਤੀਆਂ ਦੀ ਪੋਲ ਖੋਲ੍ਹੀ ਗਈ। ਵੈਟਰਨਰੀ ਇੰਸਪੈਕਟਰ ਦੀਆਂ ਜਬਰੀ ਬਦਲੀਆਂ ਦੀ ਥਾਂ ਬਦਲੀ ਨੀਤੀ ਲਿਆਉਣ ਤੇ ਖਾਲੀ ਸਟੇਸ਼ਨਾਂ 'ਤੇ ਹੀ ਬਦਲੀ ਵਿਚਾਰਨ ਦੀ ਮੰਗ ਕੀਤੀ। ਮੋਹਾਲੀ ਦੇ ਜ਼ਿਲ੍ਹਾ ਪ੍ਰਸ਼ਾਸ਼ਨ ਤੇ ਪੁਲਿਸ ਅਧਿਕਾਰੀਆਂ ਨੇ ਵੈਟਰਨਰੀ ਇੰਸਪੈਕਟਰਜ਼ ਐਸੋਸੀਏਸ਼ਨ ਨੂੰ ਮੁੱਖ ਮੰਤਰੀ ਪੰਜਾਬ ਦੇ ਪ੍ਰਿੰਸੀਪਲ ਸਕੱਤਰ ਨਾਲ ਪੈਨਲ ਮੀਟਿੰਗ ਕਰਵਾਉਣ ਦਾ ਲਿਖਤੀ ਪੱਤਰ ਸੌਂਪਿਆ। ਇਸ ਮੌਕੇ ਸੂਬਾਈ ਟੀਮ ਸਮੇਤ ਭਰਾਤਰੀ ਜਥੇਬੰਦੀਆਂ ਦੇ ਆਗੂ ਤੇ ਸੈਂਕੜਿਆਂ ਦੀ ਗਿਣਤੀ 'ਚ ਵੈਟਰਨਰੀ ਇੰਸਪੈਕਟਰ ਮੌਜੂਦ ਸਨ।

ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੀ ਚੋਣ 'ਚ ਚਰਨਜੀਤ ਸਿੰਘ ਧਾਲੀਵਾਲ ਪ੍ਰਧਾਨ, ਓਂਕਾਰ ਸਿੰਘ ਸੀਨੀਅਰ ਉਪ-ਪ੍ਰਧਾਨ ਬਣੇ

☛ਜਗਦੀਪ ਸਿੰਘ ਕਾਹਲੋਂ ਨੇ ਆਨਰੇਰੀ ਜਨਰਲ ਸਕੱਤਰ ਦਾ ਅਹੁਦਾ ਸੰਭਾਲਿਆ

ਸ੍ਰੀ ਫਤਹਿਗੜ੍ਹ ਸਾਹਿਬ, 26 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ ਦੀ ਸਾਲਾਨਾ ਜਨਰਲ ਮੀਟਿੰਗ ਇੱਥੇ ਇਤਿਹਾਸਕ ਸਥਾਨ ਆਮ ਖਾਸ ਬਾਗ ਵਿੱਚ ਹੋਈ, ਜਿਸ ਵਿੱਚ ਪਾਰਦਰਸ਼ੀ ਤੇ ਲੋਕਤੰਤਰਿਕ ਢੰਗ ਨਾਲ ਚੋਣਾਂ ਕਰਵਾਈਆਂ ਗਈਆਂ। ਚਰਨਜੀਤ ਸਿੰਘ ਧਾਲੀਵਾਲ ਪ੍ਰਧਾਨ ਚੁਣੇ ਗਏ, ਜਦਕਿ ਓਂਕਾਰ ਸਿੰਘ ਸੀਨੀਅਰ ਉਪ-ਪ੍ਰਧਾਨ ਬਣੇ। ਬਾਵਾ ਸਿੰਘ, ਜਸਬੀਰ ਸਿੰਘ, ਐਸ.ਪੀ. ਸਿੰਘ ਤੇ ਐਡ. ਮਨਿੰਦਰਪਾਲ ਸਿੰਘ ਉਪ-ਪ੍ਰਧਾਨ ਚੁਣੇ ਗਏ। ਜਗਦੀਪ ਸਿੰਘ ਕਾਹਲੋਂ ਨੇ ਆਨਰੇਰੀ ਜਨਰਲ ਸਕੱਤਰ ਦਾ ਅਹੁਦਾ ਸੰਭਾਲਿਆ। ਬਰਿੰਦਰਪਾਲ ਸਿੰਘ, ਸੀਰਤ ਸੋਹਲ, ਸੁਖਜਿੰਦਰ ਸਿੰਘ ਤੇ ਸਤਵਿੰਦਰ ਸਿੰਘ ਸੰਯੁਕਤ ਸਕੱਤਰ ਚੁਣੇ ਗਏ, ਜਦਕਿ ਬੀ.ਐਸ. ਸੁਡਾਨ ਮਾਨਦ ਖਜ਼ਾਨਚੀ ਬਣੇ। ਐਗਜ਼ਿਕਿਊਟਿਵ ਕਮੇਟੀ ਵਿੱਚ ਹਰਮਨਪ੍ਰੀਤ ਸਿੰਘ, ਸਿਮਰਨ ਸਿੰਘ, ਰਾਜੇਸ਼ ਕੁਮਾਰ, ਲਵਦੀਪ ਸਿੰਘ, ਪ੍ਰਗਟ ਸਿੰਘ, ਕੁਲਦੀਪ ਸਿੰਘ ਤੇ ਓਪਿੰਦਰ ਦਿਓਲ ਸ਼ਾਮਲ ਹਨ। ਧਰਤੀ ਤੋਂ ਅਸਮਾਨ ਥੀਮ ਦੇ ਆਧਾਰ 'ਤੇ ਮੀਟਿੰਗ ਵਿੱਚ ਵਿੱਚ ਗ੍ਰਾਸਰੂਟ ਪੱਧਰ ਦੇ ਟੈਲੈਂਟ ਨੂੰ ਨਿਖਾਰਨ ਤੇ ਪੰਜਾਬ ਦੇ ਸਾਈਕਲਿਸਟਾਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਲੈ ਜਾਣ 'ਤੇ ਜ਼ੋਰ ਦਿੱਤਾ ਗਿਆ। ਇਹ ਥੀਮ ਸਾਈਕਲਿੰਗ ਐਸੋਸੀਏਸ਼ਨ ਆਫ ਪੰਜਾਬ CAP ਦੀ ਇਸ ਵਚਨਬੱਧਤਾ ਨੂੰ ਦਰਸਾਉਂਦੀ ਹੈ ਕਿ ਪਿੰਡਾਂ ਤੋਂ ਟੈਲੈਂਟ ਦੀ ਪਛਾਣ ਕਰਕੇ ਉਨ੍ਹਾਂ ਨੂੰ ਵਿਸ਼ਵ-ਪੱਧਰੀ ਟ੍ਰੇਨਿੰਗ, ਐਕਸਪੋਜ਼ਰ ਤੇ ਮੌਕੇ ਪ੍ਰਦਾਨ ਕੀਤੇ ਜਾਣ। ਸਭਾ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਸਾਡਾ 'ਧਰਤੀ ਤੋਂ ਅਸਮਾਨ' ਦਾ ਵਿਜ਼ਨ ਪੰਜਾਬ ਦੇ ਪਿੰਡਾਂ ਨਾਲ ਜੁੜਿਆ ਹੋਇਆ ਹੈ, ਜਿੱਥੇ ਟੈਲੈਂਟ ਬਹੁਤ ਮਾਤਰਾ ਵਿੱਚ ਮੌਜੂਦ ਹੈ। ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਇਸ ਟੈਲੈਂਟ ਦੀ ਪਛਾਣ ਕਰੀਏ, ਇਸ ਨੂੰ ਨਿਖਾਰੀਏ ਤੇ ਇਸ ਨੂੰ ਅੰਤਰਰਾਸ਼ਟਰੀ ਪੱਧਰ ਦਾ ਐਕਸਪੋਜ਼ਰ ਦਿੱਤਾ ਜਾਵੇ ਤਾਂ ਜੋ ਪੰਜਾਬ ਮੁੜ ਵਿਸ਼ਵ-ਪੱਧਰੀ ਸਾਈਕਲਿਸਟ ਪੈਦਾ ਕਰ ਸਕੇ।

ਰਿਤਿਕ ਅਰੋੜਾ ਵੱਲੋਂ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ

ਮੰਡੀ ਗੋਬਿੰਦਗੜ੍ਹ, 26 ਅਪ੍ਰੈਲ (ਸੂਦ): ਪੰਜਾਬ ਦੇ ਸਕ੍ਰੈਪ ਵਪਾਰੀ ਤੇ ਪੀਤਾਂਭਰਾ ਇੰਟਰਪ੍ਰਾਈਜ਼ਜ਼ ਦੇ ਮਾਲਕ ਰਿਤਿਕ ਅਰੋੜਾ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ ਤੇ ਜ਼ਿਲ੍ਹੇ ਦੇ ਉਦਯੋਗਿਕ ਮਸਲਿਆਂ ਬਾਰੇ ਜਾਣਕਾਰੀ ਦਿੱਤੀ, ਜਿਸ ਵਿੱਚ ਮੁੱਖ ਤੌਰ 'ਤੇ ਖਰਾਬ ਸੜਕਾਂ ਤੇ ਜੀਐਸਟੀ ਨਾਲ ਸਬੰਧਤ ਮੁਸ਼ਕਿਲਾਂ ਸ਼ਾਮਲ ਸਨ। ਸ੍ਰੀ ਸੈਣੀ ਨੇ ਮੁਸ਼ਕਿਲਾਂ ਸੁਣਨ ਉਪਰੰਤ ਇਨ੍ਹਾਂ ਦਾ ਜਲਦ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਤੇ ਖੁਦ ਮੰਡੀ ਗੋਬਿੰਦਗੜ੍ਹ ਦਾ ਦੌਰਾ ਕਰਨ ਦੀ ਗੱਲ ਆਖੀ। ਇਸ ਮੌਕੇ ਮੰਡੀ ਗੋਬਿੰਦਗੜ੍ਹ ਤੋਂ ਅਨਿਲ ਕੁਮਾਰ ਅਰੋੜਾ, ਅਮਿਤ ਅਰੋੜਾ, ਨਿਸ਼ੂ ਅਗਰਵਾਲ, ਆਸ਼ੀਸ਼ ਗਰਗ, ਰਸਿਕ ਮਿੱਤਲ ਤੇ ਗੌਰਵ ਗੁਪਤਾ ਆਦਿ ਹਾਜ਼ਰ ਸਨ। ਆਗੂਆਂ ਨੇ ਮੁੱਖ ਮੰਤਰੀ ਦੇ ਸਕਾਰਾਤਮਕ ਰੁਖ ਦੀ ਸ਼ਲਾਘਾ ਕਰਦਿਆਂ ਆਸ ਕੀਤੀ ਕਿ ਉਨ੍ਹਾਂ ਦੇ ਦੌਰੇ ਨਾਲ ਇਲਾਕੇ ਦੇ ਉਦਯੋਗਿਕ ਵਿਕਾਸ ਨੂੰ ਨਵੀਂ ਰਫ਼ਤਾਰ ਮਿਲੇਗੀ।

ਬਿਕਰਮਜੀਤ ਸਿੰਘ ਘੁੰਮਣ ਨੇ ਡੀਐਸਪੀ ਦਾ ਅਹੁਦਾ ਸੰਭਾਲਿਆ

ਅਮਲੋਹ, 26 ਅਪ੍ਰੈਲ (ਜਸਵੰਤ ਸਿੰਘ): ਅਮਲੋਹ ਦੇ ਨਵ-ਨਿਯੁਕਤ ਡੀ.ਐਸ.ਪੀ. ਬਿਕਰਮਜੀਤ ਸਿੰਘ ਘੁੰਮਣ ਨੇ ਚਾਰਜ ਸੰਭਾਲਣ ਬਾਅਦ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਤੇ ਕਿਸੇ ਵੀ ਵਿਅਕਤੀ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਿਆਂ ਖ਼ਿਲਾਫ ਮੁਹਿੰਮ ਵਿੱਚ ਵੀ ਲੋਕਾਂ ਨੂੰ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਲੋਕਾਂ ਦੇ ਸਹਿਯੋਗ ਨਾਲ ਹੀ ਖਤਮ ਹੋ ਸਕਦੇ ਹਨ। ਉਨ੍ਹਾਂ ਕਿਹਾ ਕਿ ਜਾਣਕਾਰੀ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਦਫ਼ਤਰ 'ਚ ਆਉਣ ਵਾਲੇ ਹਰ ਵਿਅਕਤੀ ਨੂੰ ਬਿਨਾਂ ਕਿਸੇ ਭੇਦਭਾਵ ਦੇ ਇਨਸਾਫ ਦਿਵਾਇਆ ਜਾਵੇਗਾ। ਉਨ੍ਹਾਂ ਲੋਕਾਂ ਨੂੰ ਸੱਚੀ ਜਾਣਕਾਰੀ ਦੇਣ ਦੀ ਅਪੀਲ ਕੀਤੀ।

ਅਕਾਲੀ ਦਲ 'ਵਾਰਿਸ ਪੰਜਾਬ ਦੇ' ਵੱਲੋਂ ਨਗਰ ਨਿਗਮ ਦੀਆਂ ਚੋਣਾਂ ਲੜਨ ਦਾ ਐਲਾਨ

☛ਜਲਦੀ ਹੀ ਯੋਗ ਉਮੀਦਵਾਰਾਂ ਦੇ ਨਾਵਾਂ ਦੀ ਸੂਚੀ ਹੋਵੇਗੀ ਜਾਰੀ: ਰਛਪਾਲ ਸਿੰਘ

ਮੋਗਾ, 26 ਅਪ੍ਰੈਲ (ਨਿਸ਼ੀ ਮਨਚੰਦਾ): ਅਕਾਲੀ ਦਲ 'ਵਾਰਿਸ ਪੰਜਾਬ ਦੇ' ਨੇ ਮੋਗਾ ਨਗਰ ਨਿਗਮ ਦੀਆਂ ਚੋਣਾਂ ਵਿੱਚ ਆਪਣੇ ਉਮੀਦਵਾਰ ਖੜ੍ਹੇ ਕਰਨ ਦਾ ਐਲਾਨ ਕੀਤਾ ਹੈ। ਪਾਰਟੀ ਦਾ ਕਹਿਣਾ ਹੈ ਕਿ ਨਗਰ ਨਿਗਮ ਅਧੀਨ ਪੈਂਦੇ ਸਮੁੱਚੇ 50 ਵਾਰਡਾਂ ਵਿੱਚ ਖੜ੍ਹੇ ਕੀਤੇ ਜਾਣ ਵਾਲੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਜਲਦੀ ਹੀ ਕਰ ਦਿੱਤਾ ਜਾਵੇਗਾ। ਅੱਜ ਇਥੇ ਜਾਰੀ ਕੀਤੇ ਇੱਕ ਪ੍ਰੈਸ ਬਿਆਨ ਵਿੱਚ ਪਾਰਟੀ ਦੇ ਹਲਕਾ ਇੰਚਾਰਜ ਭਾਈ ਰਛਪਾਲ ਸਿੰਘ ਸੋਸਣ ਨੇ ਕਿਹਾ ਕਿ ਨਗਰ ਨਿਗਮ ਦੀਆਂ ਚੋਣਾਂ ਲੜਨ ਦਾ ਫੈਸਲਾ ਪਾਰਟੀ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਤੇ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਖ਼ਾਲਸਾ ਵੱਲੋਂ ਦਿੱਤੀ ਗਈ ਪ੍ਰਵਾਨਗੀ ਤੋਂ ਬਾਅਦ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਮੋਗਾ ਸ਼ਹਿਰ ਵਿੱਚ ਵਾਰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕਰ ਦਿੱਤਾ ਗਿਆ ਹੈ ਤੇ ਜਲਦੀ ਹੀ ਯੋਗ ਉਮੀਦਵਾਰਾਂ ਦੇ ਨਾਵਾਂ ਦੀ ਸੂਚੀ ਜਾਰੀ ਕਰ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਖੜ੍ਹੇ ਕੀਤੇ ਜਾਣ ਵਾਲੇ ਸਾਫ਼-ਸੁਥਰੇ ਅਕਸ ਵਾਲੇ ਉਮੀਦਵਾਰਾਂ ਵਿੱਚ ਹਿੰਦੂ, ਸਿੱਖ, ਇਸਾਈ ਤੇ ਮੁਸਲਿਮ ਵਰਗ ਤੋਂ ਇਲਾਵਾ ਔਰਤਾਂ ਨੂੰ ਵੀ ਯੋਗ ਨੁਮਾਇੰਦਗੀ ਦਿੱਤੀ ਜਾਵੇਗੀ। ਭਾਈ ਰਛਪਾਲ ਸਿੰਘ ਸੋਸਣ ਨੇ ਕਿਹਾ ਕਿ ਹੁਣ ਤੱਕ ਰਾਜ ਕਰਨ ਵਾਲੀਆਂ ਸਰਕਾਰਾਂ ਨੇ ਹਿੰਦੂ ਵਪਾਰੀਆਂ ਨੂੰ ਸਿਰਫ਼ ਟੈਕਸ ਵਗੈਰਾ ਦੀ ਉਗਰਾਹੀ ਕਰਨ ਲਈ ਹੀ ਵਰਤਿਆ ਹੈ, ਜਦੋਂ ਕਿ ਉਨ੍ਹਾਂ ਦੇ ਬੁਨਿਆਦੀ ਮਸਲਿਆਂ ਵੱਲ ਕਿਸੇ ਵੱਲੋਂ ਵੀ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਕਿੰਨੀ ਬਦਕਿਸਮਤੀ ਦੀ ਗੱਲ ਹੈ ਕਿ ਪੰਜਾਬ ਦੀ ਆਰਥਿਕਤਾ ਦੀ ਗੀੜ੍ਹ ਦੀ ਹੱਡੀ ਸਮਝ ਜਾਂਦੇ ਹਿੰਦੂ ਵਪਾਰੀ ਨੂੰ ਅੱਜ ਗੈਂਗਸਟਰਾਂ ਤੋਂ ਧਮਕੀਆਂ ਮਿਲ ਰਹੀਆਂ ਹਨ ਤੇ ਕਈ ਡਿਪਰੈਸ਼ਨ ਵਿੱਚ ਜਾ ਕੇ ਆਪਣੇ ਜੀਵਨ ਲੀਲ੍ਹਾ ਖਤਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਖੁਦ ਇੱਕ ਬਿਜ਼ਨਸਮੈਨ ਹਨ ਤੇ ਵਪਾਰੀਆਂ ਦੀ ਸਮੱਸਿਆਵਾਂ ਨੂੰ ਚੰਗੀ ਤਰ੍ਹਾਂ ਨਾਲ ਸਮਝਦੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ 'ਵਾਰਿਸ ਪੰਜਾਬ ਦੇ' ਵੱਲੋਂ ਮੋਗਾ ਸ਼ਹਿਰ ਦੇ ਸਰਬਪੱਖੀ ਵਿਕਾਸ, ਨਸ਼ੇ ਦੇ ਖਾਤਮੇ ਤੇ ਵਪਾਰੀਆਂ ਦੇ ਕਾਰੋਬਾਰ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਨਗਰ ਨਗਮ ਦੀਆਂ ਚੋਣਾਂ ਲੜੀਆਂ ਜਾਣਗੀਆਂ।



ਮੰਡੀਆਂ 'ਚ ਕਣਕ ਦੀ ਲਿਫਟਿੰਗ ਰੁਕੀ, ਕਿਸਾਨਾਂ 'ਤੇ ਆੜ੍ਹਤੀਆਂ ਦਾ ਫੁੱਟਿਆ ਗੁੱਸਾ

☛ਖੁਖਰਾਣਾ ਜੀ.ਟੀ ਰੋਡ 'ਤੇ ਲਗਾਏ ਰੋਸ ਧਰਨੇ ਦੌਰਾਨ ਪਰਮਪਾਲ ਸਿੰਘ ਤਖ਼ਤੂਪੁਰਾ ਨੇ ਸਰਕਾਰ ਨੂੰ ਘੇਰਿਆ

ਮੋਗਾ, 26 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੰਡੀਆਂ 'ਚ ਕਣਕ ਦੀ ਸਮੇਂ ਸਿਰ ਲਿਫਟਿੰਗ ਨਾ ਹੋਣ ਕਾਰਨ ਕਿਸਾਨਾਂ ਤੇ ਆੜ੍ਹਤੀਆਂ ਵਿੱਚ ਵੱਧ ਰਹੇ ਰੋਸ ਦੇ ਮੱਦੇਨਜ਼ਰ ਕਿਰਤੀ ਕਿਸਾਨ ਯੂਨੀਅਨ ਤੇ ਆੜ੍ਹਤੀਆਂ ਵੱਲੋਂ ਖੁਖਰਾਣਾ ਦੇ ਜੀਟੀ ਰੋਡ 'ਤੇ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਕਾਂਗਰਸ ਪਾਰਟੀ ਦੇ ਪ੍ਰਦੇਸ਼ ਕਮੇਟੀ ਮੈਂਬਰ ਪਰਮਪਾਲ ਸਿੰਘ ਤਖ਼ਤੂਪੁਰਾ ਨੇ ਸ਼ਮੂਲੀਅਤ ਕਰਦੇ ਹੋਏ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੀ ਟਿੱਪਣੀ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸੱਤਾਧਾਰੀ ਪਾਰਟੀ ਦੀ ਨਾਕਾਮੀ ਕਾਰਨ ਅੱਜ ਕਿਸਾਨਾਂ ਨੂੰ ਮੰਡੀਆਂ ਵਿੱਚ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕਣਕ ਦੇ ਭਰੇ ਹੋਏ ਗੱਟੇ ਮੰਡੀਆਂ ਵਿੱਚ ਪਏ ਹਨ, ਪਰ ਲਿਫਟਿੰਗ ਨਾ ਹੋਣ ਕਾਰਨ ਕਿਸਾਨ ਪ੍ਰੇਸ਼ਾਨ ਹੋ ਰਹੇ ਹਨ।ਇਸ ਦੇ ਨਾਲ ਹੀ ਆੜ੍ਹਤੀਆਂ ਵਿੱਚ ਵੀ ਸਰਕਾਰ ਪ੍ਰਤੀ ਗੁੱਸਾ ਵੱਧ ਰਿਹਾ ਹੈ, ਕਿਉਂਕਿ ਉਨ੍ਹਾਂ ਨੂੰ ਵੀ ਵਪਾਰਕ ਨੁਕਸਾਨ ਝੱਲਣਾ ਪੈ ਰਿਹਾ ਹੈ। ਪਰਮਪਾਲ ਸਿੰਘ ਤਖ਼ਤੂਪੁਰਾ ਨੇ ਆਖਿਆ ਕਿ ਸਰਕਾਰ ਦੀ ਲਾਪ੍ਰਵਾਹੀ ਕਾਰਨ ਹੀ ਅੱਜ ਇਹ ਹਾਲਾਤ ਬਣੇ ਹਨ ਕਿ ਕਿਸਾਨ ਤੇ ਆੜ੍ਹਤੀ ਸੜਕਾਂ 'ਤੇ ਉਤਰਣ ਲਈ ਮਜਬੂਰ ਹੋਏ ਹਨ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਤੁਰੰਤ ਕਣਕ ਦੀ ਲਿਫਟਿੰਗ ਸ਼ੁਰੂ ਨਾ ਕੀਤੀ ਗਈ ਤਾਂ ਕਾਂਗਰਸ ਪਾਰਟੀ ਕਿਸਾਨਾਂ ਦੇ ਹੱਕ ਵਿੱਚ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਧਰਨੇ ਦੌਰਾਨ ਕਿਸਾਨ ਆਗੂਆਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਬੁਨਿਆਦੀ ਸੁਵਿਧਾਵਾਂ ਦੀ ਘਾਟ ਹੈ ਤੇ ਲਿਫਟਿੰਗ ਦੀ ਪ੍ਰਕਿਰਿਆ ਬਹੁਤ ਧੀਮੀ ਹੈ, ਜਿਸ ਨਾਲ ਫਸਲ ਨੂੰ ਨੁਕਸਾਨ ਹੋਣ ਦਾ ਡਰ ਬਣਿਆ ਹੋਇਆ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੁਰੰਤ ਕਾਰਵਾਈ ਕਰਕੇ ਮੰਡੀਆਂ ਵਿੱਚ ਪਈ ਕਣਕ ਦੀ ਲਿਫਟਿੰਗ ਯਕੀਨੀ ਬਣਾਵੇ। ਇਸ ਮੌਕੇ ਧਰਨੇ ਵਿੱਚ ਸ਼ਾਮਲ ਹੋਏ ਕਿਸਾਨਾਂ ਤੇ ਆੜ੍ਹਤੀਆਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਆਪਣਾ ਰੋਸ ਪ੍ਰਗਟ ਕੀਤਾ ਤੇ ਚੇਤਾਵਨੀ ਦਿੱਤੀ ਕਿ ਜੇਕਰ ਮਸਲਾ ਜਲਦੀ ਹੱਲ ਨਾ ਹੋਇਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਪੂਜਾ ਲੂਥਰਾ ਸਚਦੇਵਾ ਨੇ ਅਮਨਤ ਕੰਬੋਜ ਦੀ ਅੰਤਰਰਾਸ਼ਟਰੀ ਚੋਣ 'ਤੇ ਜਤਾਇਆ ਮਾਣ, ਧੀਆਂ ਲਈ ਪ੍ਰੇਰਣਾ ਦੱਸਿਆ

ਫਾਜ਼ਿਲਕਾ, 26 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਜ਼ਿਲ੍ਹਾ ਫਾਜ਼ਿਲਕਾ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਇੱਥੋਂ ਦੀ ਹੋਣਹਾਰ ਧੀ ਅਮਨਤ ਕੰਬੋਜ ਨੇ ਅੰਤਰਰਾਸ਼ਟਰੀ ਪੱਧਰ'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਏਸ਼ੀਅਨ ਗੇਮਜ਼ ਤੇ ਵਰਲਡ ਗੇਮਜ਼ ਲਈ ਆਪਣੀ ਜਗ੍ਹਾ ਬਣਾਈ ਹੈ। ਉਸਦੀ ਇਸ ਉਪਲਬਧੀ ਨਾਲ ਨਾ ਸਿਰਫ਼ ਉਸਦੇ ਪਰਿਵਾਰ ਵਿੱਚ ਸਗੋਂ ਪੂਰੇ ਜ਼ਿਲ੍ਹੇ ਵਿੱਚ ਖੁਸ਼ੀ ਤੇ ਮਾਣ ਦੀ ਲਹਿਰ ਦੌੜ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਅਮਨਤ ਕੰਬੋਜ ਦੀ ਚੋਣ 19ਵੀਂ ਏਸ਼ੀਅਨ ਗੇਮਜ਼ ਹੰਗਜ਼ ਲਈ ਹੋਈ ਹੈ। ਇਸ ਦੇ ਨਾਲ ਹੀ ਉਸਨੇ ਵਰਲਡ ਗੇਮਜ਼ ਲਈ ਵੀ ਆਪਣੀ ਜਗ੍ਹਾ ਪੱਕੀ ਕੀਤੀ ਹੈ, ਜੋ ਕਿ ਕਿਸੇ ਵੀ ਖਿਡਾਰੀ ਲਈ ਬਹੁਤ ਵੱਡੀ ਉਪਲਬਧੀ ਮੰਨੀ ਜਾਂਦੀ ਹੈ। ਅਮਨਤ ਨੇ ਆਪਣੀ ਲਗਾਤਾਰ ਮਿਹਨਤ, ਲਗਨ ਤੇ ਦ੍ਰਿੜ ਨਿਸ਼ਚੇ ਨਾਲ ਇਹ ਮੰਜ਼ਿਲ ਹਾਸਲ ਕੀਤੀ ਹੈ। ਅਮਨਤ ਦੀ ਇਸ ਸ਼ਾਨਦਾਰ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਪੂਜਾ ਲੂਥਰਾ ਸਚਦੇਵਾ ਨੇ ਕਿਹਾ ਕਿ ਅਮਨਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਜੇ ਮਨ ਵਿੱਚ ਕੁਝ ਕਰ ਗੁਜ਼ਰਨ ਦਾ ਜਜ਼ਬਾ ਹੋਵੇ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਰਹਿੰਦੀ। ਉਨ੍ਹਾਂ ਕਿਹਾ ਕਿ ਸਾਡੀਆਂ ਲੜਕੀਆਂ ਅੱਜ ਹਰ ਖੇਤਰ ਵਿੱਚ ਮੋਹਰੀ ਹਨ। ਅਮਨਤ ਕੰਬੋਜ ਦੀ ਇਹ ਸਫਲਤਾ ਉਨ੍ਹਾਂ ਸਾਰੀਆਂ ਲੜਕੀਆਂ ਲਈ ਪ੍ਰੇਰਣਾ ਸਰੋਤ ਹੈ ਜੋ ਖੇਡਾਂ ਵਿੱਚ ਆਪਣਾ ਭਵਿੱਖ ਬਣਾਉਣਾ ਚਾਹੁੰਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸਰਹੱਦੀ ਇਲਾਕੇ ਦੀ ਧੀ ਹੋਣ ਦੇ ਬਾਵਜੂਦ ਅਮਨਤ ਨੇ ਅੰਤਰਰਾਸ਼ਟਰੀ ਪੱਧਰ 'ਤੇ ਜੋ ਮੁਕਾਮ ਹਾਸਲ ਕੀਤਾ ਹੈ, ਉਹ ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਅੱਗੇ ਕਿਹਾ ਕਿ ਜੇ ਲੜਕੀਆਂ ਨੂੰ ਮੌਕਾ ਤੇ ਸਹੀ ਦਿਸ਼ਾ ਮਿਲੇ ਤਾਂ ਉਹ ਕਿਸੇ ਵੀ ਮੰਚ 'ਤੇ ਆਪਣੀ ਕਾਬਲੀਅਤ ਦਾ ਲੋਹਾ ਮਨਵਾ ਸਕਦੀਆਂ ਹਨ।ਪੂਜਾ ਲੂਥਰਾ ਸਚਦੇਵਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਲੜਕੀਆਂ ਹਰ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ ਤੇ ਦੇਸ਼ ਦਾ ਨਾਮ ਰੌਸ਼ਨ ਕਰ ਰਹੀਆਂ ਹਨ। ਅਮਨਤ ਵਰਗੀਆਂ ਧੀਆਂ ਸਾਡੇ ਸਮਾਜ ਲਈ ਮਾਣ ਹਨ ਤੇ ਇਹ ਹੋਰ ਬੱਚਿਆਂ ਨੂੰ ਵੀ ਆਪਣੇ ਸੁਪਨੇ ਪੂਰੇ ਕਰਨ ਲਈ ਪ੍ਰੇਰਿਤ ਕਰਦੀਆਂ ਹਨ।ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਧੀਆਂ ਨੂੰ ਪੂਰਾ ਸਹਿਯੋਗ ਦੇਣ ਤਾਂ ਜੋ ਉਹ ਆਪਣੇ ਟੀਚਿਆਂ ਨੂੰ ਹਾਸਲ ਕਰ ਸਕਣ। ਇਸਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਮਾਜ ਨੂੰ ਆਪਣੀਆਂ ਧੀਆਂ 'ਤੇ ਮਾਣ ਕਰਨਾ ਚਾਹੀਦਾ ਹੈ।



ਕੁਲਜੀਤ ਸਿੰਘ ਨਾਗਰਾ ਵੱਲੋਂ ਪਿੰਡ ਬਾਗ ਸਿਕੰਦਰ ਵਿਖੇ ਪਿੰਡ ਵਾਸੀਆਂ ਨਾਲ ਮੀਟਿੰਗ

ਸ੍ਰੀ ਫਤਹਿਗੜ੍ਹ ਸਾਹਿਬ, 26 ਅਪ੍ਰੈਲ (ਨਰਿੰਦਰ ਸਿੰਘ): ਆਮ ਆਦਮੀ ਪਾਰਟੀ ਦੇ ਸਾਂਸਦਾਂ ਤੇ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੇ ਮਾਮਲੇ ਨੂੰ ਲੈ ਕੇ ਦੋਹਾਂ ਪਾਰਟੀਆਂ ਵਿਚਲੀ ਅੰਦਰੂਨੀ ਸਾਂਝ ਦਾ ਅਸਲੀ ਚਿਹਰਾ ਸਾਹਮਣੇ ਆ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਅੱਜ ਪਿੰਡ ਬਾਗਸਿਕੰਦਰ ਵਿਖੇ ਪਿੰਡ ਵਾਸੀਆਂ ਨਾਲ ਕੀਤੀ ਅਹਿਮ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਨਾਗਰਾ ਨੇ ਦੱਸਿਆ ਕਿ ਜਿਨ੍ਹਾਂ ਰਾਜ ਸਭਾ ਮੈਂਬਰਾਂ ਦੀ ਨਿਯੁਕਤੀ ਕੀਤੀ ਗਈ ਸੀ, ਉਹ ਪਾਰਟੀ ਦੇ ਆਗੂਆਂ ਤੇ ਵਰਕਰਾਂ ਨਾਲ ਕੋਈ ਸਲਾਹ-ਮਸ਼ਵਰਾ ਕੀਤੇ ਬਿਨਾਂ ਕੀਤੀ ਗਈ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਇਹ ਨਿਯੁਕਤੀਆਂ ਸਿੱਧੇ ਤੌਰ 'ਤੇ ਭਾਜਪਾ ਦੇ ਇਸ਼ਾਰੇ 'ਤੇ ਹੋਈਆਂ ਲੱਗਦੀਆਂ ਹਨ, ਜਿਸ ਨਾਲ ਹੁਣ ਸਾਰੀ ਸਥਿਤੀ ਸਾਫ ਹੋ ਗਈ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਪੰਜਾਬ ਵਿੱਚ ਆਧਾਰ ਲਗਾਤਾਰ ਕਮਜ਼ੋਰ ਹੋ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਆਗੂ ਵੀ ਪਾਰਟੀ ਛੱਡ ਕੇ ਦੂਜੀਆਂ ਪਾਰਟੀਆਂ ਵਿੱਚ ਸ਼ਾਮਲ ਹੋ ਸਕਦੇ ਹਨ।

ਕਾਂਗਰਸ ਪਾਰਟੀ ਬਾਰੇ ਗੱਲ ਕਰਦਿਆਂ ਨਾਗਰਾ ਨੇ ਕਿਹਾ ਕਿ ਕਾਂਗਰਸ ਲਈ ਇਹ ਸਥਿਤੀ ਸ਼ੁਭ ਸੰਕੇਤ ਹੈ। ਉਨ੍ਹਾਂ ਕਿਹਾ ਕਿ ਜੋ ਲੋਕ ਪਹਿਲਾਂ ਹੋਰ ਪਾਰਟੀਆਂ ਖ਼ਿਲਾਫ਼ ਭ੍ਰਮ ਪੈਦਾ ਕਰ ਰਹੇ ਸਨ, ਉਨ੍ਹਾਂ ਦਾ ਅਸਲੀ ਚਿਹਰਾ ਹੁਣ ਲੋਕਾਂ ਸਾਹਮਣੇ ਆ ਗਿਆ ਹੈ। ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਪਿਛਲੇ ਸਾਲਾਂ ਦੌਰਾਨ ਕਾਂਗਰਸ ਸਰਕਾਰ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਦੀ ਮੌਜੂਦਾ ਸਰਕਾਰ ਵੱਲੋਂ ਢੰਗ ਨਾਲ ਸੰਭਾਲ ਨਹੀਂ ਕੀਤੀ ਗਈ, ਜਿਸ ਕਰਕੇ ਪਿੰਡਾਂ ਦੇ ਲੋਕ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਦੇ ਮੁਤਾਬਿਕ ਲੋਕ ਹੁਣ ਬਦਲਾਅ ਲਈ ਤਿਆਰ ਬੈਠੇ ਹਨ ਤੇ ਜਲਦੀ ਹੀ ਆਪਣਾ ਫੈਸਲਾ ਸੁਣਾਉਣਗੇ।ਇਸ ਮੌਕੇ ਹਰਭਿੰਦਰ ਸਿੰਘ ਸਾਬਕਾ ਸਰਪੰਚ, ਸਾਬਕਾ ਯੂਥ ਪ੍ਰਧਾਨ ਪਰਮਿੰਦਰ ਸਿੰਘ ਨੋਨੀ, ਹਰਮੇਸ਼ ਸਿੰਘ ਸਰਪੰਚ, ਪਰਮਜੀਤ ਸਿੰਘ ਪੰਮਾ, ਕੁਲਦੀਪ ਸਿੰਘ, ਜਸਪਾਲ ਸਿੰਘ, ਹਰਪ੍ਰੀਤ ਸਿੰਘ, ਬਿੱਲੂ, ਕੁਲਵੀਰ ਨੰਬਰਦਾਰ, ਸੁਖਪਾਲ ਨੰਬਰਦਾਰ, ਜਗਦੀਪ ਸਿੰਘ, ਰਾਜਵਿੰਦਰ ਸਿੰਘ ਬਾਜਵਾ, ਗੁਰਵਿੰਦਰ ਸਿੰਘ, ਸੰਦੀਪ ਸਿੰਘ, ਗੁਰਵੀਰ ਸਿੰਘ, ਬਲਜਿੰਦਰ ਸਿੰਘ, ਸਰਬਜੀਤ ਸਿੰਘ, ਸਿਮਰਨ ਸਿੰਘ ਰੰਧਾਵਾ, ਮਨਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਭਿੰਦਰ ਸਿੰਘ, ਸ਼ਿੰਦਰ ਸਿੰਘ, ਅਮਨਦੀਪ ਸਿੰਘ, ਮੇਜਲ ਸਿੰਘ, ਕੁਲਵੀਰ ਸਿੰਘ, ਜਿੰਦਰ ਮੁੰਡੀ, ਜਸ਼ਨਪ੍ਰੀਤ ਸਿੰਘ, ਕੁਲਦੀਪ ਸਿੰਘ, ਸੁਖਵਿੰਦਰ ਕੌਰ, ਅਮਰਜੀਤ ਕੌਰ, ਰੁਪਿੰਦਰ ਕੌਰ, ਰਮਨਜੀਤ ਕੌਰ, ਕਰਮਜੀਤ ਕੌਰ, ਕੇਸਰੋ ਕੌਰ, ਸ਼ਿੰਦਰ ਕੌਰ, ਬਲਜਿੰਦਰ ਸਿੰਘ, ਸਤਨਾਮ ਕੌਰ, ਬਲਜੀਤ ਕੌਰ, ਮਨਜੀਤ ਕੌਰ, ਸਰਬਜੀਤ ਕੌਰ, ਮੁਖਤਿਆਰ ਕੌਰ ਹਾਜ਼ਰ ਸਨ।

ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਦਾ ਕੰਮ ਜ਼ੋਰਾਂ 'ਤੇ: ਡੀ.ਸੀ.

☛ਅਧਿਕਾਰੀਆਂ ਨੂੰ ਲਿਫਟਿੰਗ ਦੇ ਕੰਮ 'ਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼

ਫਿਰੋਜ਼ਪੁਰ, 26 ਅਪ੍ਰੈਲ (ਤਿਵਾੜੀ): ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਦਾ ਕੰਮ ਜ਼ੋਰਾਂ-ਸ਼ੋਰਾਂ 'ਤੇ ਚੱਲ ਰਿਹਾ ਹੈ ਤੇ ਕਣਕ ਦੀ ਲਿਫਟਿੰਗ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਦੇ ਆਦੇਸ਼ ਵੀ ਅਧਿਕਾਰੀਆਂ ਨੂੰ ਦਿੱਤੇ ਗਏ ਹਨ ਤਾਂ ਜੋ ਕਣਕ ਦੀ ਖਰੀਦ ਸਬੰਧੀ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੁੱਲ 629219 ਮੀਟ੍ਰਿਕ ਟਨ ਫ਼ਸਲ ਦੀ ਆਮਦ ਹੋਈ ਹੈ, ਜਿਸ ਵਿੱਚੋਂ ਹੁਣ ਤੱਕ ਕੁੱਲ 595924 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ, ਜਿਸ ਵਿੱਚੋਂ ਪਨਗ੍ਰੇਨ ਵੱਲੋਂ 180831 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 160723 ਮੀਟ੍ਰਿਕ ਟਨ, ਪਨਸਪ ਵੱਲੋਂ 160935 ਮੀਟ੍ਰਿਕ ਟਨ ਤੇ ਪੰਜਾਬ ਸਟੇਟ ਵੇਅਰ ਹਾਊਸਿੰਗ ਕਾਰਪੋਰੇਸ਼ਨ ਵੱਲੋਂ 93435 ਮੀਟ੍ਰਿਕ ਟਨ ਫ਼ਸਲ ਦੀ ਖਰੀਦ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਧਿਕਾਰੀਆਂ ਨੂੰ ਫ਼ਸਲ ਦੀ ਖਰੀਦ ਤੇ ਲਿਫਟਿੰਗ ਵਿੱਚ ਹੋਰ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਮੰਡੀਆਂ ਵਿੱਚ ਖਰੀਦ ਸਬੰਧੀ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਨਾ ਆਵੇ।

ਚੇਅਰਮੈਨ ਦੀ ਚੋਣ ਲਈ 7 'ਚੋਂ 6 ਉਮੀਦਵਾਰਾਂ ਦੇ ਨਾਮਜ਼ਦਗੀ ਫਾਰਮ ਸਹੀ ਪਾਏ, ਇੱਕ ਦੇ ਹੋਏ ਰੱਦ

ਸ੍ਰੀ ਫਤਹਿਗੜ੍ਹ ਸਾਹਿਬ, 26 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਮੈਮੋਰੀਅਲ ਚੈਰੀਟੇਬਲ ਟਰੱਸਟ ਰਜਿ. ਸ੍ਰੀ ਫਤਹਿਗੜ੍ਹ ਸਾਹਿਬ ਦੇ ਚੇਅਰਮੈਨ ਚੋਣ ਲਈ ਨਾਮਜ਼ਦਗੀ ਫਾਰਮਾਂ ਦੀ ਹੋਈ ਪੜਤਾਲ 'ਚ ਕੁਲ 7 ਉਮੀਦਵਾਰਾਂ 'ਚੋਂ 6 ਦੇ ਨਾਮਜ਼ਦਗੀ ਫਾਰਮ ਸਹੀ ਪਾਏ ਗਏ, ਜਦੋਂ ਕਿ ਇੱਕ ਉਮੀਦਵਾਰ ਤਰਵਿੰਦਰ ਸਿੰਘ ਲੁਧਿਆਣਾ ਦੇ ਨਾਮਜ਼ਦਗੀ ਫਾਰਮ ਵੋਟਰ ਸੂਚੀ ਨਾਲ ਮਿਲਾਨ ਨਾ ਹੋਣ ਕਾਰਨ ਰੱਦ ਹੋ ਗਏ। ਸਹੀ ਉਮੀਦਵਾਰਾਂ ਵਿੱਚ ਨਿਮਰਲ ਸਿੰਘ ਐਸਐਸ ਸਾਬਕਾ ਚੇਅਰਮੈਨ, ਕੁਲਵੰਤ ਸਿੰਘ ਚੰਡੀਗੜ੍ਹ, ਸੁਖਦੇਵ ਸਿੰਘ ਰਾਜ ਲੁਧਿਆਣਾ, ਰਾਜ ਕੁਮਾਰ ਪਾਤੜਾਂ, ਮਨਮੋਹਨ ਸਿੰਘ ਭਾਗੋਵਾਲੀਆ, ਗੁਰਚਰਨ ਸਿੰਘ ਧਨੋਲਾ ਦੇ ਨਾਮ ਸ਼ਾਮਲ ਹਨ। ਚੋਣ ਕਮੇਟੀ ਦੇ ਕਨਵੀਨਰ ਸਰਵਣ ਸਿੰਘ ਬਿਹਾਲ ਨੇ ਦੱਸਿਆ ਕਿ ਸਹੀ ਪਾਏ ਗਏ ਉਮੀਦਵਾਰ 26 ਅਪ੍ਰੈਲ 2026 ਨੂੰ 10 ਤੋਂ 2 ਵਜੇ ਤੱਕ ਆਪਣੇ ਨਾਮਜ਼ਦਗੀ ਫਾਰਮ ਵਾਪਸ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚੋਣ ਨਿਸ਼ਾਨ 26 ਅਪ੍ਰੈਲ ਨੂੰ ਹੀ ਸ਼ਾਮ 3 ਤੋਂ 5 ਵਜੇ ਤੱਕ ਅਲਾਟ ਕਰ ਦਿੱਤੇ ਜਾਣਗੇ। ਦੱਸਣਯੋਗ ਹੈ ਕਿ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਮੈਮੋਰੀਅਲ ਚੈਰੀਟੇਬਲ ਟਰੱਸਟ ਸ੍ਰੀ ਫਤਹਿਗੜ੍ਹ ਸਾਹਿਬ ਦੇ ਚੇਅਰਮੈਨ ਦੇ ਅਹੁਦੇ ਦੀ ਚੋਣ ਮਿਤੀ 17 ਮਈ ਨੂੰ ਹੋਵੇਗੀ ਤੇ 17 ਮਈ ਨੂੰ ਵੋਟਾ ਪਾਉਣ ਤੋਂ ਬਾਅਦ ਵੋਟਾਂ ਦੀ ਗਿਣਤੀ ਕਰਨ ਉਪਰੰਤ ਨਤੀਜਾ ਐਲਾਨਿਆ ਜਾਵੇਗਾ।

ਭਾਜਪਾ ਜ਼ਿਲ੍ਹਾ ਫਾਜ਼ਿਲਕਾ ਨੇ 'ਮਨ ਕੀ ਬਾਤ' ਦਾ 133ਵਾਂ ਐਪੀਸੋਡ ਉਤਸ਼ਾਹ ਨਾਲ ਸੁਣਿਆ

ਫਾਜ਼ਿਲਕਾ, 26 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਭਾਰਤੀ ਜਨਤਾ ਪਾਰਟੀ (ਭਾਜਪਾ) ਜ਼ਿਲ੍ਹਾ ਫਾਜ਼ਿਲਕਾ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਲੋਕਪ੍ਰਿਯ ਪ੍ਰੋਗਰਾਮ 'ਮਨ ਕੀ ਬਾਤ' ਦਾ 133ਵਾਂ ਐਪੀਸੋਡ ਵੱਖ-ਵੱਖ ਸਥਾਨਾਂ 'ਤੇ ਸੁਣਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸੰਯੋਜਕ ਅਸ਼ਵਨੀ ਫੁਟੇਲਾ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਕਾਕਾ ਕੰਬੋਜ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਮੁੱਖ ਦਫ਼ਤਰ ਫਾਜ਼ਿਲਕਾ ਵਿਖੇ ਰੀਗਲ ਗੋਇਲ ਦੀ ਅਗਵਾਈ ਵਿੱਚ ਬੱਲੂਆਣਾ ਵਿਧਾਨ ਸਭਾ ਖੇਤਰ ਵਿੱਚ ਵੰਦਨਾ ਸੰਗਵਾਲ ਦੀ ਅਗਵਾਈ ਹੇਠ ਪਿੰਡ ਚੂੜੀਵਾਲਾ ਧੰਨਾ ਵਿੱਚ ਅਬੋਹਰ ਵਿੱਚ ਵਿਧਾਇਕ ਸੰਦੀਪ ਜਾਖੜ ਦੇ ਦਫ਼ਤਰ ਵਿਖੇ ਤੇ ਜਲਾਲਾਬਾਦ ਵਿੱਚ ਵੀ ਇਹ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਭਾਜਪਾ ਦੇ ਅਹੁਦੇਦਾਰਾਂ ਤੇ ਵਰਕਰਾਂ ਨੇ ਪ੍ਰਧਾਨ ਮੰਤਰੀ ਦੇ ਸੰਦੇਸ਼ ਨੂੰ ਧਿਆਨ ਨਾਲ ਸੁਣਿਆ ਤੇ ਇਸ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਸੰਕਲਪ ਲਿਆ। ਪ੍ਰੋਗਰਾਮ ਦੌਰਾਨ ਸਮਾਜਿਕ, ਸੰਗਠਨਾਤਮਕ ਤੇ ਜਨਹਿੱਤ ਨਾਲ ਜੁੜੇ ਕਈ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਅਸ਼ਵਨੀ ਫੁਟੇਲਾ ਨੇ ਕਿਹਾ ਕਿ 'ਮਨ ਕੀ ਬਾਤ' ਪ੍ਰੋਗਰਾਮ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਤੇ ਸਕਾਰਾਤਮਕ ਬਦਲਾਅ ਲਿਆਉਣ ਲਈ ਇੱਕ ਪ੍ਰਭਾਵਸ਼ਾਲੀ ਮਾਧਿਅਮ ਹੈ, ਜੋ ਦੇਸ਼ ਵਾਸੀਆਂ ਨੂੰ ਪ੍ਰੇਰਿਤ ਕਰਦਾ ਹੈ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਵਰਕਰਾਂ ਨੇ ਪ੍ਰਧਾਨ ਮੰਤਰੀ ਦੇ ਸੰਦੇਸ਼ਾਂ ਨੂੰ ਅੱਗੇ ਵਧਾਉਣ ਤੇ ਪਾਰਟੀ ਨੂੰ ਮਜ਼ਬੂਤ ਕਰਨ ਦਾ ਸੰਕਲਪ ਕੀਤਾ।



ਨਗਰ ਪਾਲਿਕਾ ਪੈਨਸ਼ਨਰਜ਼ ਵੈਲਫੇਅਰ ਸੁਸਾਇਟੀ ਦੀ ਬੈਠਕ

ਮੰਡੀ ਗੋਬਿੰਦਗੜ੍ਹ, 26 ਅਪ੍ਰੈਲ (ਸੂਦ): ਨਗਰ ਪਾਲਿਕਾ ਪੈਨਸ਼ਨਰਜ਼ ਵੈਲਫੇਅਰ ਸੁਸਾਇਟੀ (ਰਜਿ.) ਮੰਡੀ ਗੋਬਿੰਦਗੜ੍ਹ ਦੀ ਮਾਸਿਕ ਇਕੱਤਰਤਾ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਿਖੇ ਪ੍ਰਧਾਨ ਗੁਰਬਖ਼ਸ਼ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਨਾਹਰ ਸਿੰਘ ਦੀ ਮੌਤ 'ਤੇ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜਨਰਲ ਸਕੱਤਰ ਭੁਪਿੰਦਰ ਸਿੰਘ ਡਡਹੇੜੀ ਨੇ ਛੇਵੇਂ ਪੇਅ-ਕਮਿਸ਼ਨ ਦੇ ਬਕਾਏ ਬਾਰੇ ਜੋ ਪੰਜਾਬ ਹਰਿਆਣਾ ਹਾਈਕੋਰਟ ਵੱਲੋਂ ਜੋ ਮੁਲਾਜ਼ਮਾਂ ਤੇ ਪੈਨਸ਼ਨਰਜ਼ ਦੇ ਹੱਕ ਵਿੱਚ ਆਏ ਫੈਸਲੇ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਸਰਕਾਰ ਵੱਲੋਂ ਬਕਾਏ ਦੇਣ ਵਿੱਚ ਟਾਲ-ਮਟੋਲ ਕਰਨ ਦੀ ਨਿਤੀ ਦੀ ਨਿੰਦਾ ਕਰਦਿਆਂ ਨਿਖੇਧੀ ਕੀਤੀ। ਉਨ੍ਹਾਂ ਬਕਾਏ ਨਾ ਜਾਰੀ ਕਰਨ ਦੀ ਸੂਰਤ ਵਿੱਚ ਸੰਘਰਸ਼ ਲਈ ਵੀ ਤਿਆਰ ਰਹਿਣ ਦਾ ਸੱਦਾ ਦਿੱਤਾ। ਪ੍ਰਧਾਨ ਗੁਰਬਖ਼ਸ਼ ਸਿੰਘ ਨੇ ਧੰਨਵਾਦ ਕੀਤਾ। ਮੀਟਿੰਗ ਵਿੱਚ ਅਮਰਜੀਤ ਅਮਲੋਹ, ਦਰਬਾਰਾ ਸਿੰਘ ਨਸਰਾਲੀ, ਜਰਨੈਲ ਸਿੰਘ ਮਾਨਕੀ, ਜਰਨੈਲ ਸਿੰਘ ਝੰਬਾਲਾ, ਪ੍ਰਕਾਸ਼ ਬਡਾਲੀ, ਨਾਜ਼ਰ ਬਡਾਲੀ, ਤਿੰਦਰ ਸਿੰਘ ਡਡਹੇੜੀ, ਅਜੈਬ ਸਿੰਘ, ਸਤਪਾਲ ਘਈ, ਜੱਗਾ ਸਿੰਘ, ਰਾਜ ਕੁਮਾਰ, ਬਲਦੇਵ ਸਿੰਘ, ਭਿੰਦਰ ਸਿੰਘ, ਜਸਪਾਲ ਸਿੰਘ, ਮੀਨਾ ਰਾਣੀ, ਪਿਆਰੀ ਦੇਵੀ, ਜਗਤਾਰ ਕੌਰ, ਬਿਮਲਾ ਦੇਵੀ, ਰਾਮਪਾਲ, ਓਮ ਪਾਲ, ਬਲਦੇਵ ਸਿੰਘ ਬੇਦੀ, ਗੁਰਦੀਪ ਸਿੰਘ ਭੜੀ, ਅਮਰੀਕ ਸਿੰਘ ਮਾਨਕੀ, ਮਲਕੀਤ ਸਿੰਘ ਡਡਹੇੜੀ ਤੇ ਸੁਖਦੇਵ ਸਿੰਘ ਘਟੀਡ ਹਾਜ਼ਰ ਸਨ।



ਗੈਰਕਾਨੂੰਨੀ ਸਪੀਡ ਬ੍ਰੇਕਰ ਕਾਰਨ ਵਾਪਰਿਆ ਹਾਦਸਾ, ਨੌਜਵਾਨ ਦੀ ਮੌਤ

ਫਾਜ਼ਿਲਕਾ, 26 ਅਪ੍ਰੈਲ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਫਾਜ਼ਿਲਕਾ ਵਿੱਚ ਇੱਕ ਗੈਰਕਾਨੂੰਨੀ ਤਰੀਕੇ ਨਾਲ ਬਣਾਏ ਗਏ ਸਪੀਡ ਬ੍ਰੇਕਰ ਕਾਰਨ ਹੋਏ ਸੜਕ ਹਾਦਸੇ ਵਿੱਚ ਇੱਕ ਨੌਜਵਾਨ ਦੀ ਮੌਤ ਹੋ ਗਈ। ਇਸ ਸਬੰਧੀ ਮ੍ਰਿਤਕ ਦੇ ਜੀਜਾ ਮਨੋਜ ਨਾਗਪਾਲ ਵੱਲੋਂ ਐਸਐਸਪੀ ਫਾਜ਼ਿਲਕਾ ਨੂੰ ਸ਼ਿਕਾਇਤ ਦਿੱਤੀ ਗਈ ਹੈ, ਜਿਸ ਵਿੱਚ ਸੈਕ੍ਰੇਡ ਹਾਰਟ ਕਾਨਵੈਂਟ ਸਕੂਲ ਦੀ ਮੈਨੇਜਮੈਂਟ ਤੇ ਨਗਰ ਕੌਂਸਲ ਫਾਜ਼ਿਲਕਾ ਦੇ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤ ਅਨੁਸਾਰ 18 ਅਪ੍ਰੈਲ 2026 ਦੀ ਰਾਤ ਮਾਤਾ ਦੇ ਜਾਗਰਣ ਤੋਂ ਵਾਪਸ ਆ ਰਹੇ ਚਿਰਾਗ (ਰਹਿਣ ਵਾਲਾ ਰਾਧਾ ਸਵਾਮੀ ਕਲੋਨੀ) ਦੀ ਮੋਟਰਸਾਈਕਲ ਸਕੂਲ ਦੇ ਮੁੱਖ ਗੇਟ ਸਾਹਮਣੇ ਬਣੇ ਗੈਰਕਾਨੂੰਨੀ ਸਪੀਡ ਬ੍ਰੇਕਰ ਨਾਲ ਟਕਰਾ ਕੇ ਬੇਕਾਬੂ ਹੋ ਗਈ। ਇਸ ਦੌਰਾਨ ਉਹ ਡਿੱਗ ਗਿਆ ਤੇ ਉਸਦੇ ਸਿਰ ਤੇ ਸਰੀਰ 'ਤੇ ਗੰਭੀਰ ਚੋਟਾਂ ਆਈਆਂ। ਉਸਨੂੰ ਤੁਰੰਤ ਸਿਵਲ ਹਸਪਤਾਲ ਫਾਜ਼ਿਲਕਾ ਲਿਆਂਦਾ ਗਿਆ, ਜਿੱਥੋਂ ਹਾਲਤ ਨਾਜ਼ੁਕ ਹੋਣ ਕਾਰਨ ਉਸਨੂੰ ਫਰੀਦਕੋਟ ਰੈਫਰ ਕੀਤਾ ਗਿਆ। ਪਰਿਵਾਰ ਵੱਲੋਂ ਉਸਨੂੰ ਸ੍ਰੀ ਗੰਗਾਨਗਰ ਦੇ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ 20 ਅਪ੍ਰੈਲ 2026 ਨੂੰ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਹਾਦਸੇ ਤੋਂ ਬਾਅਦ ਸਕੂਲ ਪ੍ਰਬੰਧਨ ਨੇ ਆਪਣੀ ਗਲਤੀ ਛੁਪਾਉਣ ਲਈ ਗੈਰਕਾਨੂੰਨੀ ਸਪੀਡ ਬ੍ਰੇਕਰ ਨੂੰ ਹਟਾ ਦਿੱਤਾ। ਪਰਿਵਾਰ ਦਾ ਦਾਅਵਾ ਹੈ ਕਿ ਸਕੂਲ ਪ੍ਰਬੰਧਨ ਨੇ ਇਹ ਗੱਲ ਸਵੀਕਾਰ ਕੀਤੀ ਹੈ ਤੇ ਇਸ ਸਬੰਧੀ ਵੀਡੀਓ ਸਬੂਤ ਵੀ ਪੁਲਿਸ ਨੂੰ ਦਿੱਤਾ ਗਿਆ ਹੈ। ਪੀੜਤ ਪਰਿਵਾਰ ਨੇ ਦੋਸ਼ ਲਗਾਇਆ ਹੈ ਕਿ ਇਹ ਹਾਦਸਾ ਸਕੂਲ ਦੀ ਲਾਪ੍ਰਵਾਹੀ ਤੇ ਨਗਰ ਕੌਂਸਲ ਦੀ ਅਣਗਹਿਲੀ ਕਾਰਨ ਵਾਪਰਿਆ ਹੈ। ਉਨ੍ਹਾਂ ਵੱਲੋਂ ਦੋਵੇਂ ਪੱਖਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ ਹੈ।



ਭੋਗਪੁਰ 'ਚ ਫਿਰ ਹਾਦਸਾ, ਲਗਾਤਾਰ 47 ਹਾਦਸੇ ਵਾਪਰੇ

ਭੋਗਪੁਰ, 26 ਅਪ੍ਰੈਲ (ਅਮਰਜੀਤ ਸਿੰਘ ਸੈਣੀ): ਹਲਕਾ ਆਦਮਪੁਰ ਦੇ ਭੋਗਪੁਰ ਵਿੱਚ ਲਗਾਤਾਰ ਐਕਸੀਡੈਂਟ ਹੋਣ ਦਾ ਸਿਲਸਿਲਾ ਜਾਰੀ ਹੈ। ਪਿਛਲੇ ਦਿਨਾਂ ਤੋਂ ਨੋਟ ਕੀਤਾ ਗਿਆ ਹੈ ਕਿ 24 ਦਿਨਾਂ ਵਿੱਚ ਭੋਗਪੁਰ ਵਿੱਚ 47 ਹਾਦਸੇ ਵਾਪਰੇ ਹਨ, ਜਿਨ੍ਹਾਂ ਵਿੱਚ ਇੱਕ ਮੌਤ ਹੋ ਗਈ ਸੀ, ਇੱਕ ਮਾਤਾ ਦੀਆਂ ਲੱਤਾਂ ਕੱਟੀਆਂ ਗਈਆਂ ਤੇ ਬਹੁਤ ਜ਼ਿਆਦਾ ਲੋਕ ਜ਼ਖ਼ਮੀ ਵੀ ਹੋ ਗਏ। ਭੋਗਪੁਰ ਸ਼ਹਿਰ ਵਿੱਚ ਲੋਕਾਂ ਦੀਆਂ ਗੱਡੀਆਂ ਦੇ ਲੱਖਾਂ ਦੇ ਨੁਕਸਾਨ ਹੋ ਗਏ ਪਰ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਹੋਇਆ ਹੈ। ਇਸ ਦੇ ਸਬੰਧ ਵਿੱਚ ਚੜ੍ਹਦੀਕਲਾ ਟਾਈਮ ਟੀਵੀ ਪੱਤਰਕਾਰ ਅਮਰਜੀਤ ਸਿੰਘ ਸੈਣੀ ਵੱਲੋਂ ਮੁੱਖ ਮੰਤਰੀ ਦੀ ਮੇਲਣੀ ਮੌਕੇ ਜਲੰਧਰ ਵਿੱਚ ਗੱਲਬਾਤ ਕੀਤੀ ਗਈ ਸੀ ਕਿ ਭੋਗਪੁਰ ਵਿੱਚ ਲਗਾਤਾਰ ਐਕਸੀਡੈਂਟ ਹੋ ਰਹੇ ਹਨ। ਭੋਗਪੁਰ ਦਾ ਬੱਸ ਅੱਡਾ ਚਾਲੂ ਕੀਤਾ ਜਾਵੇ, ਟ੍ਰੈਫਿਕ ਨੂੰ ਕੰਟਰੋਲ ਕੀਤਾ ਜਾਵੇ, ਮੁੱਖ ਮੰਤਰੀ ਵੱਲੋਂ ਕੰਟਰੋਲ ਕਰਨ ਲਈ ਵੀ ਕਿਹਾ ਗਿਆ ਸੀ ਕਿ ਭੋਗਪੁਰ ਪ੍ਰਸ਼ਾਸਨ ਨੇ ਮੁੱਖ ਮੰਤਰੀ ਦਾ ਵੀ ਕਹਿਣਾ ਨਾ ਮੰਨਿਆ। ਆਮ ਆਦਮੀ ਪਾਰਟੀ ਦੇ ਲੀਡਰ ਖੁਦ ਕੈਮਰੇ ਅੱਗੇ ਬੋਲ ਰਹੇ ਹਨ। ਭੋਗਪੁਰ ਪ੍ਰਸ਼ਾਸਨ ਧਿਆਨ ਨਹੀਂ ਦੇ ਰਿਹਾ ਤੇ ਅੱਜ ਫਿਰ ਰੋਜ਼ ਦੀ ਤਰ੍ਹਾਂ ਦੋ ਕਾਰਾਂ ਦਾ ਭਿਆਨਕ ਹਾਦਸਾ ਵਾਪਰਿਆ। ਇੱਕ ਕਾਰ ਜਲੰਧਰ ਬਜਾਜਾਂ ਵੱਲ ਜਾ ਰਹੀ ਸੀ, ਜਿਸ ਵਿੱਚ ਇੱਕ ਲੇਡੀਜ਼ ਤੇ ਇੱਕ ਛੋਟਾ ਬੱਚਾ ਵੀ ਸਵਾਰ ਸੀ ਤੇ ਉਨ੍ਹਾਂ ਨਾਲ ਦੂਜੇ ਪਾਸੇ ਆ ਰਹੀ ਕਾਰ ਨੇ ਜਿਸ ਵਿੱਚ ਦੋ ਜਣੇ ਸਵਾਰ ਸੀ ਨੇ ਟੱਕਰ ਮਾਰ ਦਿੱਤੀ ਤੇ ਸੂਚਨਾ ਅਨੁਸਾਰ ਦੋਨੋਂ ਜਣੇ ਜੌਹਲ ਹਸਪਤਾਲ ਜਾ ਕੇ ਦਾਖਲ ਹੋ ਗਏ। ਮੌਜੂਦ ਲੋਕਾਂ ਨੇ ਦੱਸਿਆ ਕਿ ਮਾਮੂਲੀ ਸੱਟਾਂ ਦੋਨਾਂ ਗੱਡੀਆਂ ਸਵਾਰਾਂ ਦੇ ਲੱਗੀਆਂ ਸਨ ਤੇ ਮੌਕੇ 'ਤੇ ਪੁੱਜੀ ਪੁਲਿਸ ਨੇ ਅਗਲੇਰੀ ਕਾਰਵਾਈ ਜਾਰੀ ਕਰ ਦਿੱਤੀ।



ਧਰਮਕੋਟ ਦੀ ਦਾਣਾ ਮੰਡੀ 'ਚੋਂ ਮਿਲੀ ਲਾਸ਼ ਦੀ ਹੋਈ ਪਛਾਣ, ਜਾਂਚ ਜਾਰੀ

ਮੋਗਾ, 26 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਅੱਜ ਸਵੇਰੇ ਧਰਮਕੋਟ ਦੀ ਦਾਣਾ ਮੰਡੀ ਵਿੱਚੋਂ ਮਿਲੀ ਲਾਸ਼ ਦੀ ਪਛਾਣ ਗੁਰਸੇਵਕ ਸਿੰਘ ਉਰਫ ਹੈਪੀ ਨਿਵਾਸੀ ਪਿੰਡ ਦੌਧਰ ਸ਼ਰਕੀ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਧਰਮਕੋਟ ਦੇ ਮੁੱਖ ਅਫਸਰ ਲਛਮਣ ਸਿੰਘ ਨੇ ਦੱਸਿਆ ਕਿ ਅੱਜ ਸਵੇਰੇ ਉਨ੍ਹਾਂ ਨੂੰ ਜਾਣਕਾਰੀ ਮਿਲੀ ਸੀ ਕਿ ਧਰਮਕੋਟ ਦੀ ਦਾਣਾ ਮੰਡੀ ਵਿੱਚ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਪਈ ਹੈ, ਜਿਸ 'ਤੇ ਅਸੀਂ ਤੁਰੰਤ ਉਥੇ ਪਹੁੰਚੇ ਤੇ ਆਸ-ਪਾਸ ਦੇ ਲੋਕਾਂ ਤੋਂ ਪੁੱਛਗਿੱਛ ਕਰਨ ਦੇ ਬਾਅਦ ਉਸਦੀ ਪਛਾਣ ਕਰਨ ਦਾ ਯਤਨ ਕੀਤਾ ਤਾਂ ਪਤਾ ਲੱਗਾ ਕਿ ਮ੍ਰਿਤਕ ਵਿਅਕਤੀ ਦਾ ਨਾਮ ਗੁਰਸੇਵਕ ਸਿੰਘ ਹੈਪੀ ਨਿਵਾਸੀ ਪਿੰਡ ਦੌਧਰ ਸ਼ਰਕੀ ਹੈ, ਜਿਸ 'ਤੇ ਅਸੀਂ ਉਸਦੇ ਪਰਿਵਾਰਕ ਮੈਂਬਰਾਂ ਤੇ ਪਿਤਾ ਹਰਨੇਕ ਸਿੰਘ ਨਾਲ ਸੰਪਰਕ ਕੀਤਾ ਤਾਂ ਉਹ ਉਥੇ ਪੁੱਜੇ, ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜਿਆ ਗਿਆ। ਉਨ੍ਹਾਂ ਕਿਹਾ ਕਿ ਮ੍ਰਿਤਕ ਦੇ ਪਿਤਾ ਨੇ ਦੱਸਿਆ ਕਿ ਗੁਰਸੇਵਕ ਸਿੰਘ ਹੈਪੀ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ ਤੇ ਉਸ ਨੂੰ ਸਾਹ ਦੀ ਸ਼ਿਕਾਇਤ ਸੀ ਤੇ ਉਸਦੀ ਦਵਾਈ ਵੀ ਖਤਮ ਸੀ, ਜਿਸ ਕਾਰਨ ਉਸਦੀ ਮੌਤ ਹੋਈ ਜਾਪਦੀ ਹੈ। ਪੁਲਿਸ ਵੱਲੋਂ ਹਰਨੇਕ ਸਿੰਘ ਦੇ ਬਿਆਨਾਂ 'ਤੇ ਅ/ਧ 194 ਦੇ ਤਹਿਤ ਕਾਰਵਾਈ ਕਰਨ ਦੇ ਬਾਅਦ ਲਾਸ਼ ਨੂੰ ਪੋਸਟਮਾਰਟਮ ਦੇ ਬਾਅਦ ਵਾਰਿਸਾਂ ਦੇ ਹਵਾਲੇ ਕੀਤਾ ਗਿਆ। ਥਾਣਾ ਮੁਖੀ ਨੇ ਦੱਸਿਆ ਕਿ ਪੋਸਟਮਾਰਟਮ ਦੀ ਰਿਪੋਰਟ ਆਉਣ ਦੇ ਬਾਅਦ ਮੌਤ ਦੇ ਅਸਲੀ ਕਾਰਨਾਂ ਦਾ ਪਤਾ ਲੱਗਾ ਸਕੇਗਾ।



ਸੂਬੇ ਦੀ ਸਿਆਸਤ ਵਿੱਚ ਹੋਇਆ ਵੱਡਾ ਉਲਟਫੇਰ, 2027 ਦੀਆਂ ਵਿਧਾਨ ਸਭਾ ਚੋਣਾਂ ਲਈ ਨਵੇਂ ਸਮੀਕਰਨ ਹੋਏ ਤਿਆਰ

ਰਾਮਪੁਰਾ ਫੂਲ,26 ਅਪ੍ਰੈਲ (ਚ.ਨ.ਸ.) : ਪੰਜਾਬ ਦੀ ਸਿਆਸਤ ਵਿੱਚ ਅੱਜ ਉਸ ਵੇਲੇ ਇੱਕ ਵੱਡਾ ਭੂਚਾਲ ਦੇਖਣ ਨੂੰ ਮਿਲਿਆ ਜਦੋਂ ਕਈ ਪ੍ਰਮੁੱਖ ਹਸਤੀਆਂ ਅਤੇ ਸਿਆਸੀ ਆਗੂਆਂ ਨੇ ਆਪਣੀਆਂ ਪੁਰਾਣੀਆਂ ਵਫ਼ਾਦਾਰੀਆਂ ਬਦਲ ਕੇ ਨਵੇਂ ਸਿਆਸੀ ਰਾਹ ਚੁਣ ਲਏ। ਇਸ ਘਟਨਾਕ੍ਰਮ ਨੂੰ ਮਹਿਜ਼ ਇੱਕ ਸਾਧਾਰਨ 'ਦਲ-ਬਦਲੀ' ਵਜੋਂ ਨਹੀਂ ਦੇਖਿਆ ਜਾ ਰਿਹਾ, ਸਗੋਂ ਸਿਆਸੀ ਮਾਹਿਰ ਇਸ ਨੂੰ ਸੂਬੇ ਦੇ ਇਤਿਹਾਸ ਵਿੱਚ ਇੱਕ ਅਜਿਹਾ ਅਹਿਮ ਮੋੜ ਮੰਨ ਰਹੇ ਹਨ, ਜੋ ਆਉਣ ਵਾਲੀ 2027 ਦੀ ਚੋਣ ਜੰਗ ਦੀ ਇੱਕ ਬਿਲਕੁਲ ਨਵੀਂ ਤਸਵੀਰ ਪੇਸ਼ ਕਰੇਗਾ। ਇਸ ਬਦਲਾਅ ਨੇ ਸੂਬੇ ਦੀਆਂ ਸਾਰੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਲਈ ਚਿੰਤਾ ਅਤੇ ਚੁਣੌਤੀ ਦੇ ਨਵੇਂ ਰਾਹ ਖੋਲ੍ਹ ਦਿੱਤੇ ਹਨ। ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ 117 ਵਿੱਚੋਂ 92 ਸੀਟਾਂ ਜਿੱਤ ਕੇ ਇਤਿਹਾਸਕ ਬਹੁਮਤ ਹਾਸਲ ਕਰਨ ਵਾਲੀ ਆਮ ਆਦਮੀ ਪਾਰਟੀ (ਆਪ) ਲਈ ਮੌਜੂਦਾ ਸਥਿਤੀ ਕਾਫ਼ੀ ਗੰਭੀਰ ਬਣੀ ਹੋਈ ਹੈ। ਪਾਰਟੀ ਦੇ ਰਾਸ਼ਟਰੀ ਆਗੂ ਰਾਘਵ ਚੱਢਾ, ਰਣਨੀਤੀਕਾਰ ਸੰਦੀਪ ਪਾਠਕ ਅਤੇ ਖੇਡ ਜਗਤ ਤੋਂ ਲੈ ਕੇ ਉਦਯੋਗਿਕ ਘਰਾਣਿਆਂ ਨਾਲ ਸਬੰਧਤ ਵੱਡੇ ਨਾਮਾਂ ਦਾ ਪਾਰਟੀ ਦਾ ਸਾਥ ਛੱਡਣਾ ਸਿਆਸੀ ਗਲਿਆਰਿਆਂ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਹਰਭਜਨ ਸਿੰਘ, ਅਸ਼ੋਕ ਮਿੱਤਲ ਅਤੇ ਵਿਕਰਮਜੀਤ ਸਿੰਘ ਸਾਹਨੀ ਵਰਗੇ ਨਾਵਾਂ ਦੀ ਚਰਚਾ ਨੇ ਸੱਤਾਧਾਰੀ ਧਿਰ ਦੇ ਅੰਦਰੂਨੀ ਢਾਂਚੇ ਅਤੇ ਕਾਰਜਪ੍ਰਣਾਲੀ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤੇ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਪਾਰਟੀ ਹਾਈਕਮਾਂਡ ਨੂੰ ਹੁਣ ਸਿਰਫ ਵਿਕਾਸ ਕਾਰਜਾਂ ਦੀ ਗੱਲ ਕਰਨ ਦੀ ਬਜਾਏ ਆਪਣੀ ਅੰਦਰੂਨੀ ਇਕਜੁੱਟਤਾ ਨੂੰ ਬਚਾਉਣ ਲਈ ਸਖ਼ਤ ਫੈਸਲੇ ਲੈਣੇ ਪੈਣਗੇ।ਦੂਜੇ ਪਾਸੇ, ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਇਸ ਵਾਰ ਇੱਕ ਨਵੀਂ ਅਤੇ ਹਮਲਾਵਰ ਰਣਨੀਤੀ ਅਪਣਾਈ ਹੈ। ਭਾਜਪਾ 'ਤੇ ਅਕਸਰ ਇਹ ਦੋਸ਼ ਲੱਗਦੇ ਰਹੇ ਹਨ ਕਿ ਪੰਜਾਬ ਵਿੱਚ ਉਸ ਕੋਲ ਮਜ਼ਬੂਤ ਸਥਾਨਕ ਲੀਡਰਸ਼ਿਪ ਅਤੇ ਸਿੱਖ ਚਿਹਰਿਆਂ ਦੀ ਘਾਟ ਹੈ ਪਰ ਤਾਜ਼ਾ ਘਟਨਾਕ੍ਰਮ ਵਿੱਚ ਭਾਜਪਾ ਨੇ ਖੇਡ ਪ੍ਰੇਮੀਆਂ ਅਤੇ ਵਪਾਰਕ ਵਰਗ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਆਪਣੇ ਨਾਲ ਜੋੜ ਕੇ ਇਸ ਘਾਟ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਹਾਲੀਆ ਬਿਆਨਾਂ ਅਤੇ ਸੂਬੇ ਵਿੱਚ ਵਧ ਰਹੀਆਂ ਗਤੀਵਿਧੀਆਂ ਤੋਂ ਸਪੱਸ਼ਟ ਹੈ ਕਿ ਭਾਜਪਾ ਹੁਣ ਕਿਸੇ ਦੀ 'ਜੂਨੀਅਰ ਪਾਰਟਨਰ' ਬਣਨ ਦੀ ਬਜਾਏ ਖੁਦ ਨੂੰ ਮੁੱਖ ਦਾਅਵੇਦਾਰ ਵਜੋਂ ਪੇਸ਼ ਕਰ ਰਹੀ ਹੈ। ਭਾਜਪਾ ਦਾ ਵਧਦਾ ਗ੍ਰਾਫ਼ ਸ਼ਹਿਰੀ ਵੋਟ ਬੈਂਕ ਵਿੱਚ ਕਾਂਗਰਸ ਲਈ ਮੁਸ਼ਕਲਾਂ ਪੈਦਾ ਕਰ ਸਕਦਾ ਹੈ। ਸ਼੍ਰੋਮਣੀ ਅਕਾਲੀ ਦਲ ਲਈ ਵੀ ਇਹ ਸਮਾਂ ਇਮਤਿਹਾਨ ਦੀ ਘੜੀ ਹੈ। ਅਕਾਲੀ ਦਲ ਨੂੰ ਆਪਣੇ ਰਵਾਇਤੀ ਪੰਥਕ ਵੋਟ ਬੈਂਕ ਨੂੰ ਬਚਾਉਣ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਭਾਜਪਾ ਵੱਲੋਂ ਸਿੱਖ ਚਿਹਰਿਆਂ ਨੂੰ ਅੱਗੇ ਕਰਨਾ ਖੇਤਰੀ ਪਛਾਣ ਦੀ ਸਿਆਸਤ ਨੂੰ ਇੱਕ ਨਵਾਂ ਮੋੜ ਦੇ ਰਿਹਾ ਹੈ। ਇਸ ਖਿੱਚੋਤਾਣ ਦੌਰਾਨ ਅੰਮ੍ਰਿਤਪਾਲ ਸਿੰਘ ਵਰਗੀਆਂ ਸ਼ਖ਼ਸੀਅਤਾਂ ਅਤੇ ਪੰਥਕ ਮੁੱਦਿਆਂ ਦੇ ਮੁੜ ਸੁਰਖੀਆਂ ਵਿੱਚ ਆਉਣ ਦੀ ਸੰਭਾਵਨਾ ਵੀ ਬਣੀ ਹੋਈ ਹੈ, ਜੋ ਗੈਰ-ਰਵਾਇਤੀ ਸਿਆਸਤ ਲਈ ਰਾਹ ਪੱਧਰਾ ਕਰ ਸਕਦੀ ਹੈ। ਪੰਜਾਬ ਦਾ ਵੋਟਰ ਬੇਹੱਦ ਸੂਝਵਾਨ ਹੈ ਅਤੇ ਉਹ ਇਨ੍ਹਾਂ ਸਿਆਸੀ ਬਦਲਾਵਾਂ ਨੂੰ ਬਹੁਤ ਗੰਭੀਰਤਾ ਨਾਲ ਪਰਖ ਰਿਹਾ ਹੈ। ਇਤਿਹਾਸ ਗਵਾਹ ਹੈ ਕਿ ਪੰਜਾਬੀ ਵੋਟਰ ਆਮ ਤੌਰ 'ਤੇ 'ਦਲ-ਬਦਲੂਆਂ' ਨੂੰ ਜ਼ਿਆਦਾ ਤਰਜੀਹ ਨਹੀਂ ਦਿੰਦੇ, ਪਰ ਮੌਜੂਦਾ ਹਾਲਾਤ ਦੱਸਦੇ ਹਨ ਕਿ ਅਗਲੀ ਜੰਗ ਸਿਰਫ ਸਿਆਸੀ ਨਾਅਰਿਆਂ ਦੀ ਨਹੀਂ ਹੋਵੇਗੀ। ਇਹ ਜੰਗ 'ਵਿਕਾਸ', 'ਸਥਿਰਤਾ' ਅਤੇ 'ਭਰੋਸੇ' ਦੇ ਮੁੱਦੇ 'ਤੇ ਲੜੀ ਜਾਵੇਗੀ। ਭਾਜਪਾ ਦਾ 'ਡਬਲ ਇੰਜਣ ਸਰਕਾਰ' ਦਾ ਨਾਅਰਾ ਅਤੇ ਦੂਜੀਆਂ ਪਾਰਟੀਆਂ ਵੱਲੋਂ ਕਿਸਾਨੀ ਅਤੇ ਪੰਜਾਬ ਦੀ ਪਛਾਣ ਦੇ ਮੁੱਦਿਆਂ 'ਤੇ ਦਿੱਤਾ ਜਾ ਰਿਹਾ ਜ਼ੋਰ ਇਹ ਸਪੱਸ਼ਟ ਕਰਦਾ ਹੈ ਕਿ ਮੈਦਾਨ ਹੁਣ ਬਹੁ-ਕੋਣੀ ਮੁਕਾਬਲੇ ਵੱਲ ਵਧ ਰਿਹਾ ਹੈ। ਅਸਲ ਫ਼ੈਸਲਾ ਤਾਂ ਆਉਣ ਵਾਲਾ ਸਮਾਂ ਹੀ ਕਰੇਗਾ, ਪਰ ਮੌਜੂਦਾ ਸਥਿਤੀ ਨੇ 2027 ਦੀਆਂ ਚੋਣਾਂ ਤੋਂ 10 ਮਹੀਨੇ ਪਹਿਲਾਂ ਹੀ ਸਿਆਸੀ ਪਾਰਾ ਪੂਰੀ ਤਰ੍ਹਾਂ ਗਰਮ ਕਰ ਦਿੱਤਾ ਹੈ।

ਪੰਜਾਬ-ਹਰਿਆਣਾ 'ਚ ਕਣਕ ਦੇ ਝਾੜ ਨੇ ਵਧਾਈ ਚਿੰਤਾ; ਕੇਂਦਰ ਨੇ ਸਥਿਤੀ ਸੰਭਾਲਣ ਲਈ ਖਰੀਦ ਟੀਚਾ ਵਧਾ ਕੇ 34.5 ਮਿਲੀਅਨ ਟਨ ਕੀਤਾ

ਚੰਡੀਗੜ੍ਹ, 26 ਅਪ੍ਰੈਲ (ਚ.ਨ.ਸ.) : ਪੰਜਾਬ ਅਤੇ ਹਰਿਆਣਾ ਦੇ ਖੇਤੀਬਾੜੀ ਖੇਤਰ ਲਈ ਇਸ ਵਾਰ ਕੁਦਰਤ ਦੀ ਮਾਰ ਕਾਫੀ ਭਾਰੀ ਪੈਂਦੀ ਨਜ਼ਰ ਆ ਰਹੀ ਹੈ। ਇਸ ਸਾਲ ਮਾਰਚ ਮਹੀਨੇ ਦੌਰਾਨ ਪਈ ਅਗੇਤੀ ਗਰਮੀ ਅਤੇ ਉਸ ਤੋਂ ਬਾਅਦ ਅਪ੍ਰੈਲ ਵਿੱਚ ਹੋਈ ਬੇਮੌਸਮੀ ਬਾਰਿਸ਼ ਤੇ ਗੜੇਮਾਰੀ ਨੇ ਕਣਕ ਦੀ ਫਸਲ ਦੇ ਝਾੜ 'ਤੇ ਮਾੜੂ ਅਸਰ ਪਾਇਆ ਹੈ। ਖੇਤੀ ਮਾਹਿਰਾਂ ਅਤੇ ਕਿਸਾਨਾਂ ਵੱਲੋਂ ਪ੍ਰਗਟਾਈਆਂ ਜਾ ਰਹੀਆਂ ਚਿੰਤਾਵਾਂ ਦਰਮਿਆਨ ਇਹ ਸਪੱਸ਼ਟ ਹੋ ਰਿਹਾ ਹੈ ਕਿ ਦੋਵਾਂ ਸੂਬਿਆਂ ਵਿੱਚ ਕਣਕ ਦਾ ਉਤਪਾਦਨ ਪਿਛਲੇ ਸਾਲਾਂ ਦੇ ਮੁਕਾਬਲੇ ਘੱਟ ਰਹਿ ਸਕਦਾ ਹੈ। ਇਸ ਨਾਜ਼ੁਕ ਸਥਿਤੀ ਨੂੰ ਭਾਂਪਦਿਆਂ ਕੇਂਦਰ ਸਰਕਾਰ ਨੇ ਦੇਸ਼ ਦੇ ਅੰਨ ਭੰਡਾਰ ਨੂੰ ਸੁਰੱਖਿਅਤ ਰੱਖਣ ਲਈ ਵੱਡਾ ਕਦਮ ਚੁੱਕਦੇ ਹੋਏ ਦੇਸ਼ ਪੱਧਰ 'ਤੇ ਕਣਕ ਦੀ ਖਰੀਦ ਦਾ ਟੀਚਾ ਵਧਾ ਕੇ 34.5 ਮਿਲੀਅਨ ਟਨ ਕਰ ਦਿੱਤਾ ਹੈ। ਮਿਲੀ ਜਾਣਕਾਰੀ ਅਨੁਸਾਰ, ਪੰਜਾਬ ਵਿੱਚ ਲਗਭਗ ਡੇਢ ਲੱਖ ਏਕੜ ਰਕਬੇ ਵਿੱਚ ਕਣਕ ਦੀ ਫਸਲ ਗੜੇਮਾਰੀ ਕਾਰਨ ਪ੍ਰਭਾਵਿਤ ਹੋਈ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਮਾਰਚ ਵਿੱਚ ਤਾਪਮਾਨ ਅਚਾਨਕ ਵਧਣ ਕਾਰਨ ਕਣਕ ਦਾ ਦਾਣਾ ਪਿਚਕ ਗਿਆ, ਜਿਸ ਕਾਰਨ ਝਾੜ ਵਿੱਚ ਪ੍ਰਤੀ ਏਕੜ 8 ਤੋਂ 10 ਮਣ ਤੱਕ ਦੀ ਕਮੀ ਦੇਖਣ ਨੂੰ ਮਿਲ ਰਹੀ ਹੈ। ਪੰਜਾਬ ਵਿੱਚ ਇਸ ਸਾਲ 0.5 ਤੋਂ 1 ਮਿਲੀਅਨ ਟਨ ਅਤੇ ਹਰਿਆਣਾ ਵਿੱਚ 0.3 ਤੋਂ 0.7 ਮਿਲੀਅਨ ਟਨ ਤੱਕ ਉਤਪਾਦਨ ਘਟਣ ਦੀ ਸੰਭਾਵਨਾ ਹੈ। ਹਰਿਆਣਾ ਵਿੱਚ ਵੀ ਮੌਸਮੀ ਉਤਾਰ-ਚੜ੍ਹਾਅ ਦਾ ਅਸਰ ਸਾਫ ਨਜ਼ਰ ਆ ਰਿਹਾ ਹੈ, ਜਿਸ ਕਾਰਨ ਮੰਡੀਆਂ ਵਿੱਚ ਆਮਦ ਤੇ ਵੀ ਪ੍ਰਭਾਵ ਪਿਆ ਹੈ।ਪਹਿਲਾਂ ਮੌਜੂਦਾ ਰਬੀ ਮਾਰਕੀਟਿੰਗ ਸੀਜ਼ਨ ਲਈ ਕਣਕ ਦੀ ਖਰੀਦ ਦਾ ਰਾਸ਼ਟਰੀ ਟੀਚਾ ਲਗਭਗ 30 ਮਿਲੀਅਨ ਟਨ ਰੱਖਿਆ ਗਿਆ ਸੀ ਪਰ ਪੰਜਾਬ ਅਤੇ ਹਰਿਆਣਾ ਵਰਗੇ ਮੁੱਖ ਅੰਨ-ਉਤਪਾਦਕ ਰਾਜਾਂ ਵਿੱਚ ਪੈਦਾਵਾਰ ਘਟਣ ਦੀ ਸੰਭਾਵਨਾ ਨੂੰ ਦੇਖਦਿਆਂ ਕੇਂਦਰ ਨੇ ਇਸ ਨੂੰ ਵਧਾ ਕੇ 34.5 ਮਿਲੀਅਨ ਟਨ ਕਰ ਦਿੱਤਾ ਹੈ। ਸਰਕਾਰ ਦਾ ਉਦੇਸ਼ ਹੈ ਕਿ ਜੇਕਰ ਉੱਤਰੀ ਭਾਰਤ ਦੇ ਰਾਜਾਂ ਵਿੱਚ ਕਮੀ ਆਉਂਦੀ ਹੈ, ਤਾਂ ਉਸ ਦੀ ਭਰਪਾਈ ਦੂਜੇ ਰਾਜਾਂ ਤੋਂ ਵੱਧ ਖਰੀਦ ਕਰਕੇ ਕੀਤੀ ਜਾ ਸਕੇ। ਅੰਕੜਿਆਂ ਮੁਤਾਬਕ ਹੁਣ ਤੱਕ ਦੇਸ਼ ਭਰ ਵਿੱਚ ਲਗਭਗ 16.4 ਮਿਲੀਅਨ ਟਨ ਕਣਕ ਦੀ ਖਰੀਦ ਮੁਕੰਮਲ ਹੋ ਚੁੱਕੀ ਹੈ। ਪੰਜਾਬ ਅਤੇ ਹਰਿਆਣਾ ਵਿੱਚ ਸੰਭਾਵਿਤ ਘਾਟ ਨੂੰ ਪੂਰਾ ਕਰਨ ਲਈ ਕੇਂਦਰ ਨੇ ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਰਗੇ ਸੂਬਿਆਂ ਵਿੱਚ ਖਰੀਦ ਟੀਚੇ ਵਧਾ ਦਿੱਤੇ ਹਨ। ਮੱਧ ਪ੍ਰਦੇਸ਼ ਦਾ ਖਰੀਦ ਟੀਚਾ 7.8 ਮਿਲੀਅਨ ਟਨ ਤੋਂ ਵਧਾ ਕੇ 10 ਮਿਲੀਅਨ ਟਨ, ਉੱਤਰ ਪ੍ਰਦੇਸ਼ ਦਾ 1 ਤੋਂ 2.5 ਮਿਲੀਅਨ ਟਨ ਅਤੇ ਰਾਜਸਥਾਨ ਦਾ ਟੀਚਾ 2.1 ਤੋਂ ਵਧਾ ਕੇ 2.3 ਮਿਲੀਅਨ ਟਨ ਕਰ ਦਿੱਤਾ ਗਿਆ ਹੈ। ਇੱਥੋਂ ਤੱਕ ਕਿ ਬਿਹਾਰ ਵਿੱਚ ਵੀ ਖਰੀਦ ਨੂੰ 18 ਹਜ਼ਾਰ ਟਨ ਤੋਂ ਵਧਾ ਕੇ 1.8 ਲੱਖ ਟਨ ਕਰਨ ਦਾ ਫੈਸਲਾ ਲਿਆ ਗਿਆ ਹੈ।

ਜੰਮੂ ਤੇ ਸ੍ਰੀਨਗਰ ਵਿਚਾਲੇ 30 ਅਪ੍ਰੈਲ ਤੋਂ ਦੌੜੇਗੀ ਸਿੱਧੀ ਰੇਲ

ਨਵੀਂ ਦਿੱਲੀ/ਜੰਮੂ, 26 ਅਪ੍ਰੈਲ (ਚ.ਨ.ਸ.): ਜੰਮੂ-ਕਸ਼ਮੀਰ ਦੇ ਨਿਵਾਸੀਆਂ ਅਤੇ ਉੱਥੇ ਜਾਣ ਵਾਲੇ ਸੈਲਾਨੀਆਂ ਲਈ ਇੱਕ ਵੱਡੀ ਅਤੇ ਖੁਸ਼ੀ ਵਾਲੀ ਖ਼ਬਰ ਸਾਹਮਣੇ ਆਈ ਹੈ। ਭਾਰਤੀ ਰੇਲਵੇ ਵੱਲੋਂ ਆਉਂਦੀ 30 ਅਪ੍ਰੈਲ ਤੋਂ ਜੰਮੂ ਤਵੀ ਰੇਲਵੇ ਸਟੇਸ਼ਨ ਤੋਂ ਸ੍ਰੀਨਗਰ ਤੱਕ ਸਿੱਧੀ ਵੰਦੇ ਭਾਰਤ ਰੇਲ ਸੇਵਾ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਇਤਿਹਾਸਕ ਕਦਮ ਨਾਲ ਹੁਣ ਯਾਤਰੀਆਂ ਨੂੰ ਜੰਮੂ ਤੋਂ ਸ੍ਰੀਨਗਰ ਜਾਣ ਲਈ ਬੱਸਾਂ ਜਾਂ ਨਿੱਜੀ ਵਾਹਨਾਂ 'ਤੇ ਨਿਰਭਰ ਨਹੀਂ ਰਹਿਣਾ ਪਵੇਗਾ ਅਤੇ ਨਾ ਹੀ ਕੱਟੜਾ ਜਾ ਕੇ ਟ੍ਰੇਨ ਬਦਲਣ ਦੀ ਲੋੜ ਪਵੇਗੀ। ਰੇਲਵੇ ਅਧਿਕਾਰੀਆਂ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਇਸ ਨਵੀਂ ਰੇਲ ਸੇਵਾ ਦਾ ਉਦਘਾਟਨ 30 ਅਪ੍ਰੈਲ ਨੂੰ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਮੌਜੂਦਾ ਸਮੇਂ ਵਿੱਚ ਵੰਦੇ ਭਾਰਤ ਰੇਲ ਸੇਵਾ ਕੇਵਲ ਕੱਟੜਾ ਸਟੇਸ਼ਨ ਤੋਂ ਸ੍ਰੀਨਗਰ ਵਿਚਾਲੇ ਹੀ ਚੱਲ ਰਹੀ ਹੈ। ਦੇਸ਼ ਦੇ ਹੋਰਨਾਂ ਹਿੱਸਿਆਂ ਤੋਂ ਆਉਣ ਵਾਲੇ ਯਾਤਰੀਆਂ ਨੂੰ ਪਹਿਲਾਂ ਜੰਮੂ ਤਵੀ ਉਤਰਨਾ ਪੈਂਦਾ ਸੀ ਅਤੇ ਫਿਰ ਉੱਥੋਂ ਕੱਟੜਾ ਪਹੁੰਚ ਕੇ ਸ੍ਰੀਨਗਰ ਲਈ ਟ੍ਰੇਨ ਫੜਨੀ ਪੈਂਦੀ ਸੀ। ਇਸ ਪ੍ਰਕਿਰਿਆ ਵਿੱਚ ਯਾਤਰੀਆਂ ਦਾ ਕਾਫੀ ਸਮਾਂ ਅਤੇ ਪੈਸਾ ਬਰਬਾਦ ਹੁੰਦਾ ਸੀ। ਹੁਣ ਇਸ ਨਵੇਂ ਫੈਸਲੇ ਨਾਲ ਯਾਤਰੀ ਸਿੱਧੇ ਜੰਮੂ ਤਵੀ ਸਟੇਸ਼ਨ ਤੋਂ ਹੀ ਆਪਣਾ ਸਫਰ ਸ਼ੁਰੂ ਕਰ ਸਕਣਗੇ।ਰੇਲਵੇ ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਜੰਮੂ ਅਤੇ ਸ੍ਰੀਨਗਰ ਵਿਚਕਾਰ ਇਹ ਸਫਰ ਹੁਣ ਮਹਿਜ਼ 5 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਪੂਰਾ ਕੀਤਾ ਜਾ ਸਕੇਗਾ। ਸੜਕੀ ਰਸਤੇ ਰਾਹੀਂ ਅਕਸਰ ਟ੍ਰੈਫਿਕ ਜਾਮ ਜਾਂ ਖਰਾਬ ਮੌਸਮ ਕਾਰਨ ਇਸ ਸਫਰ ਵਿੱਚ 8 ਤੋਂ 10 ਘੰਟੇ ਲੱਗ ਜਾਂਦੇ ਸਨ, ਪਰ ਰੇਲ ਸੇਵਾ ਸ਼ੁਰੂ ਹੋਣ ਨਾਲ ਸਮੇਂ ਦੀ ਵੱਡੀ ਬਚਤ ਹੋਵੇਗੀ। ਵਧਦੀ ਮੰਗ ਨੂੰ ਮੁੱਖ ਰੱਖਦੇ ਹੋਏ ਰੇਲਵੇ ਨੇ ਇਸ ਰੂਟ ਤੇ 20-20 ਕੋਚਾਂ ਵਾਲੀਆਂ ਦੋ ਵੰਦੇ ਭਾਰਤ ਟ੍ਰੇਨਾਂ ਚਲਾਉਣ ਦਾ ਫੈਸਲਾ ਕੀਤਾ ਹੈ। ਦੱਸਣਯੋਗ ਹੈ ਕਿ ਇਸ ਵੇਲੇ ਚੱਲ ਰਹੀਆਂ ਟ੍ਰੇਨਾਂ ਵਿੱਚ ਕੇਵਲ 8 ਕੋਚ ਹਨ, ਜਿਸ ਕਾਰਨ ਯਾਤਰੀਆਂ ਨੂੰ ਟਿਕਟਾਂ ਮਿਲਣ ਵਿੱਚ ਕਾਫੀ ਦਿੱਕਤ ਹੁੰਦੀ ਸੀ। ਕੋਚਾਂ ਦੀ ਗਿਣਤੀ ਵਧਣ ਨਾਲ ਹੁਣ ਜ਼ਿਆਦਾ ਯਾਤਰੀ ਸਫਰ ਦਾ ਆਨੰਦ ਮਾਣ ਸਕਣਗੇ। ਰੇਲਵੇ ਵਿਭਾਗ ਅਨੁਸਾਰ 30 ਅਪ੍ਰੈਲ ਨੂੰ ਹੋਣ ਵਾਲੀ ਪਹਿਲੀ ਉਦਘਾਟਨੀ ਫੇਰੀ ਤੋਂ ਇੱਕ-ਦੋ ਦਿਨਾਂ ਬਾਅਦ ਹੀ ਇਸ ਦੀਆਂ ਵਪਾਰਕ ਫੇਰੀਆਂ ਨਿਯਮਤ ਤੌਰ 'ਤੇ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਜੰਮੂ-ਕਸ਼ਮੀਰ ਵਿੱਚ ਸੈਰ-ਸਪਾਟੇ ਨੂੰ ਵੀ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ। ਖਾਸ ਤੌਰ 'ਤੇ ਸਰਦੀਆਂ ਦੇ ਮੌਸਮ ਵਿੱਚ ਜਦੋਂ ਭਾਰੀ ਬਰਫ਼ਬਾਰੀ ਕਾਰਨ ਜੰਮੂ-ਸ੍ਰੀਨਗਰ ਰਾਸ਼ਟਰੀ ਰਾਜਮਾਰਗ ਬੰਦ ਹੋ ਜਾਂਦਾ ਹੈ, ਤਾਂ ਇਹ ਰੇਲ ਸੇਵਾ ਲੋਕਾਂ ਲਈ ਇੱਕ ਵਰਦਾਨ ਸਾਬਤ ਹੋਵੇਗੀ। ਇਸ ਐਲਾਨ ਤੋਂ ਬਾਅਦ ਜੰਮੂ ਅਤੇ ਕਸ਼ਮੀਰ ਦੋਵਾਂ ਖਿੱਤਿਆਂ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਸਥਾਨਕ ਕਾਰੋਬਾਰੀਆਂ ਦਾ ਕਹਿਣਾ ਹੈ ਕਿ ਸਿੱਧੀ ਰੇਲ ਸੇਵਾ ਨਾਲ ਵਪਾਰ ਅਤੇ ਸੈਰ-ਸਪਾਟਾ ਦੋਵਾਂ ਵਿੱਚ ਇਜ਼ਾਫਾ ਹੋਵੇਗਾ। ਰੇਲਵੇ ਵੱਲੋਂ ਜਲਦੀ ਹੀ ਇਸ ਦਾ ਵਿਸਥਾਰਤ ਸਮਾਂ ਸਾਰਣੀ ਜਾਰੀ ਕਰ ਦਿੱਤੀ ਜਾਵੇਗੀ।

ਰਾਜ ਸਭਾ ਮੈਂਬਰਾਂ ਦੇ ਫੈਸਲੇ ਖ਼ਿਲਾਫ਼ ਡੇਰਾਬੱਸੀ 'ਚ ਭਾਰੀ ਵਿਰੋਧ 'ਆਪ' ਨੇ ਪੁਤਲੇ ਸਾੜ ਕੇ ਦਿੱਤਾ ਸਖ਼ਤ ਸੰਦੇਸ਼

ਡੇਰਾਬੱਸੀ, 26 ਅਪ੍ਰੈਲ (ਮਨਦੀਪ ਵਰਮਾ /ਯੋਗੇਸ਼ ਰਾਣਾ) : ਆਮ ਆਦਮੀ ਪਾਰਟੀ ਹਲਕਾ ਡੇਰਾਬੱਸੀ ਵੱਲੋਂ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਬੱਸ ਸਟੈਂਡ ਡੇਰਾਬੱਸੀ ਵਿਖੇ ਸੱਤ ਰਾਜ ਸਭਾ ਮੈਂਬਰਾਂ ਵੱਲੋਂ ਭਾਜਪਾ ਵਿੱਚ ਸ਼ਾਮਲ ਹੋਣ ਦੇ ਵਿਰੋਧ ਵਿੱਚ ਵਿਸ਼ਾਲ ਅਤੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਰੋਸ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ 'ਆਪ' ਵਰਕਰਾਂ ਅਤੇ ਸਥਾਨਕ ਲੋਕਾਂ ਨੇ ਭਾਗ ਲਿਆ। ਹੱਥਾਂ ਵਿੱਚ ਬੈਨਰ ਅਤੇ ਝੰਡੇ ਫੜ ਕੇ ਪ੍ਰਦਰਸ਼ਨਕਾਰੀਆਂ ਨੇ ਗੱਦਾਰਾਂ ਖ਼ਿਲਾਫ਼ ਤਿੱਖੀ ਨਾਅਰੇਬਾਜ਼ੀ ਕੀਤੀ ਅਤੇ ਪੰਜਾਬ ਦੇ ਲੋਕਾਂ ਨਾਲ ਹੋਏ ਧੋਖੇ ਦੀ ਕੜੀ ਨਿੰਦਾ ਕੀਤੀ। ਪ੍ਰਦਰਸ਼ਨ ਦੌਰਾਨ ਗੁੱਸੇ ਨਾਲ ਭਰੇ ਵਰਕਰਾਂ ਵੱਲੋਂ ਗੱਦਾਰਾਂ ਦੇ ਪੁਤਲੇ ਸਾੜ ਕੇ ਆਪਣਾ ਵਿਰੋਧ ਦਰਜ ਕਰਵਾਇਆ ਗਿਆ, ਜਿਸ ਨਾਲ ਮਾਹੌਲ ਗਰਮਾ ਗਿਆ।ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਿਨ੍ਹਾਂ ਨੇ ਪੰਜਾਬ ਦੇ ਲੋਕਾਂ ਦੇ ਭਰੋਸੇ ਨਾਲ ਚੁਣੇ ਹੋਏ ਅਹੁਦੇ ਸੰਭਾਲੇ, ਉਹਨਾਂ ਵੱਲੋਂ ਪਾਰਟੀ ਛੱਡ ਕੇ ਦੂਜੀ ਪਾਰਟੀ ਵਿੱਚ ਜਾਣਾ ਸਿੱਧੀ ਤਰ੍ਹਾਂ ਲੋਕਤੰਤਰ ਨਾਲ ਧੋਖਾ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਨਾ ਸਿਰਫ਼ ਨਿੰਦਣਯੋਗ ਹੈ, ਸਗੋਂ ਪੰਜਾਬ ਦੇ ਅਧਿਕਾਰਾਂ ਅਤੇ ਆਤਮ-ਸਨਮਾਨ 'ਤੇ ਵੀ ਚੋਟ ਹੈ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾਂ ਸੱਚ ਅਤੇ ਲੋਕਾਂ ਦੇ ਹੱਕਾਂ ਲਈ ਖੜ੍ਹੀ ਰਹੀ ਹੈ ਅਤੇ ਅੱਗੇ ਵੀ ਰਹੇਗੀ। ਉਨ੍ਹਾਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਤਰ੍ਹਾਂ ਦੀ ਗੱਦਾਰੀ ਜਾਰੀ ਰਹੀ ਤਾਂ ਸੰਘਰਸ਼ ਹੋਰ ਵੀ ਤਿੱਖਾ ਕੀਤਾ ਜਾਵੇਗਾ ਅਤੇ ਹਰ ਪਿੰਡ-ਸ਼ਹਿਰ ਵਿੱਚ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।ਪਾਰਟੀ ਵਰਕਰਾਂ ਨੇ ਇਕਸੁਰ ਹੋ ਕੇ ਸੰਕਲਪ ਲਿਆ ਕਿ ਪੰਜਾਬ ਦੇ ਹੱਕਾਂ ਦੀ ਰੱਖਿਆ ਲਈ ਇਹ ਲੜਾਈ ਲੰਬੀ ਚੱਲੇਗੀ ਅਤੇ ਕਿਸੇ ਵੀ ਕੀਮਤ 'ਤੇ ਲੋਕਾਂ ਦੇ ਵਿਸ਼ਵਾਸ ਨੂੰ ਟੁੱਟਣ ਨਹੀਂ ਦਿੱਤਾ ਜਾਵੇਗਾ।

ਬਿਜਲੀ ਦੇ ਕੱਟਾਂ ਤੋਂ ਲੋਕ ਦੁਖੀ

ਮੋਗਾ, 26 ਅਪ੍ਰੈਲ (ਨਿਸ਼ੀ ਮਨਚੰਦਾ) : ਮੋਗਾ ਦੇ ਵਿੱਚ ਬਿਜਲੀ ਦੇ ਕੱਟਾਂ ਤੋਂ ਲੋਕ ਬਹੁਤ ਜਿਆਦਾ ਪਰੇਸ਼ਾਨ ਹੋ ਚੁੱਕੇ ਹਨ, ਕਿਉਂਕਿ ਘੰਟਿਆਂ ਬੱਧੀ ਬਿਜਲੀ ਦੇ ਕੱਟ ਲੱਗ ਰਹੇ ਹਨ, ਜਿਸ ਨਾਲ ਲੋਕਾਂ ਦਾ ਜੀਣਾ ਮੁਸ਼ਕਿਲ ਹੋ ਚੁੱਕਾ ਹੈ, ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਮੋਗਾ ਨਿਵਾਸੀਆਂ ਨੇ ਕਿਹਾ ਕਿ 'ਆਪ' ਸਰਕਾਰ ਦਾ ਬਿਲਕੁਲ ਬੁਰਾ ਹਾਲ ਹੋ ਚੁੱਕਾ ਹੈ, ਕਿਉਂਕਿ ਇਹ ਸਰਕਾਰ ਜਿੰਨੇ ਦਾਅਵੇ ਕਰ ਰਹੀ ਹੈ,ਕਿਸੇ ਉੱਤੇ ਵੀ ਖਰਾ ਨਹੀਂ ਉਤਰ ਰਹੀ,ਕਿਸੇ ਵੀ ਸਰਕਾਰ ਵੇਲੇ ਇਨੇ ਵੱਡੇ ਕੱਟ ਨਹੀਂ ਲੱਗਦੇ ਸਨ, ਜਿੰਨੇ ਕਿ 'ਆਪ' ਸਰਕਾਰ ਦੇ ਵੇਲੇ ਬਿਜਲੀ ਦੇ ਕੱਟ ਲੱਗ ਰਹੇ ਹਨ ਰਾਤ ਨੂੰ ਵੀ ਲੰਬੇ ਲੰਬੇ ਬਿਜਲੀ ਦੇ ਕੱਟ ਲੱਗ ਰਹੇ ਹਨ, ਜਿਸ ਨਾਲ ਲੋਕਾਂ ਦੀ ਨੀਂਦ ਵੀ ਪੂਰੀ ਨਹੀਂ ਹੁੰਦੀ, ਅਤੇ ਦਿਨੇ ਵੀ ਲੰਬੇ ਲੰਬੇ ਕੱਟ ਲੱਗ ਰਹੇ ਹਨ, ਆਪ ਸਰਕਾਰ ਦਾ ਕਹਿਣਾ ਸੀ ਕਿ ਸਾਡੀ ਸਰਕਾਰ ਵਿੱਚ ਕੋਈ ਵੀ ਬਿਜਲੀ ਦਾ ਕੱਟ ਨਹੀਂ ਲੱਗੂਗਾ, ਜਦਕਿ ਸੱਚਾਈ ਇਸ ਦੇ ਬਿਲਕੁਲ ਉਲਟ ਹੈ, ਬਿਜਲੀ ਦੇ ਕੱਟ ਲੱਗਣ ਨਾਲ ਵਪਾਰ ਉੱਤੇ ਵੀ ਬਹੁਤ ਅਸਰ ਪੈ ਰਿਹਾ ਹੈ, ਕਿਉਂਕਿ ਲੰਬੇ ਕੱਟ ਲੱਗਣ ਨਾਲ ਇਨਵੇਟਰ ਵੀ ਚਾਰਜ ਨਹੀਂ ਹੁੰਦੇ, ਅਤੇ ਬਿਨਾਂ ਬਿਜਲੀ ਤੋਂ ਕੰਮ ਨਹੀਂ ਚੱਲ ਰਹੇ, ਅਤੇ ਗਰਮੀ ਨੇ ਵੀ ਬੁਰਾ ਹਾਲ ਕੀਤਾ ਹੋਇਆ ਹੈ, ਲੋਕਾਂ ਦੀ ਮੰਗ ਹੈ ਕਿ ਜਲਦੀ ਤੋਂ ਜਲਦੀ ਬਿਜਲੀ ਦੇ ਵਿੱਚ ਸੁਧਾਰ ਕੀਤਾ ਜਾਵੇ ਤਾਂ ਕਿ ਗਰਮੀ ਤੋਂ ਬਚਿਆ ਜਾਵੇ।

ਵਿਧਾਇਕ ਹੈਪੀ ਨੇ ਵਿਧਵਾਵਾਂ ਅਤੇ ਬੇਸਹਾਰਾ ਔਰਤਾਂ ਲਈ ਫੰਡ ਜਾਰੀ ਕਰਨ 'ਤੇ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਖਮਾਣੋਂ, ਬੱਸੀ ਪਠਾਣਾ, 26 ਅਪ੍ਰੈਲ (ਰਾਜੀਵ ਤਿਵਾੜੀ) : ਹਲਕਾ ਵਿਧਾਇਕ ਬੱਸੀ ਪਠਾਣਾਂ ਰੁਪਿੰਦਰ ਸਿੰਘ ਹੈਪੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਦੀਆਂ ਵਿਧਵਾ ਅਤੇ ਬੇਸਹਾਰਾ ਔਰਤਾਂ ਲਈ ਵਿੱਤੀ ਵਰ੍ਹਾ 2026-27 ਦੇ ਮਾਰਚ ਮਹੀਨੇ ਲਈ 102 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕਰਨ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਇਹ ਕਦਮ ਮਹਿਲਾਵਾਂ ਦੇ ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਵੱਲ ਇਕ ਮਹੱਤਵਪੂਰਨ ਪਹਿਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲਗਾਤਾਰ ਸੰਵੇਦਨਸ਼ੀਲਤਾ ਨਾਲ ਕੰਮ ਕਰ ਰਹੀ ਹੈ ਅਤੇ ਖਾਸ ਤੌਰ 'ਤੇ ਮਹਿਲਾਵਾਂ ਦੀ ਆਰਥਿਕ ਸੁਰੱਖਿਆ ਯਕੀਨੀ ਬਣਾਉਣ ਲਈ ਠੋਸ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਉਨ੍ਹਾਂ ਹਜ਼ਾਰਾਂ ਵਿਧਵਾ ਅਤੇ ਬੇਸਹਾਰਾ ਔਰਤਾਂ ਲਈ ਵੱਡੀ ਰਾਹਤ ਸਾਬਤ ਹੋਵੇਗੀ ਜੋ ਆਪਣੇ ਰੋਜ਼ਾਨਾ ਜੀਵਨ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਸਰਕਾਰੀ ਸਹਾਇਤਾ 'ਤੇ ਨਿਰਭਰ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਲੋਕ-ਭਲਾਈ ਨੀਤੀਆਂ ਨੂੰ ਤਰਜੀਹ ਦੇ ਰਹੀ ਹੈ, ਜਿਸ ਨਾਲ ਲੋੜਵੰਦ ਪਰਿਵਾਰਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੀ ਇਹ ਸਹਾਇਤਾ ਨਾ ਸਿਰਫ਼ ਮਹਿਲਾਵਾਂ ਨੂੰ ਆਰਥਿਕ ਤੌਰ @ਤੇ ਮਜ਼ਬੂਤ ਬਣਾਏਗੀ ਸਗੋਂ ਉਨ੍ਹਾਂ ਵਿੱਚ ਆਤਮਵਿਸ਼ਵਾਸ ਅਤੇ ਆਤਮ-ਸਨਮਾਨ ਦੀ ਭਾਵਨਾ ਨੂੰ ਵੀ ਵਧਾਏਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਦੇ ਕਾਰਨ ਮਹਿਲਾਵਾਂ ਨੂੰ ਇੱਜ਼ਤ ਨਾਲ ਜੀਵਨ ਬਤੀਤ ਕਰਨ ਵਿੱਚ ਮਦਦ ਮਿਲ ਰਹੀ ਹੈ। ਵਿਧਾਇਕ ਹੈਪੀ ਨੇ ਕਿਹਾ ਕਿ ਪੰਜਾਬ ਸਰਕਾਰ ਭਵਿੱਖ ਵਿੱਚ ਵੀ ਸਮਾਜ ਦੇ ਵੰਚਿਤ ਵਰਗਾਂ ਦੇ ਉੱਥਾਨ ਲਈ ਇਸੇ ਤਰ੍ਹਾਂ ਵਚਨਬੱਧਤਾ ਨਾਲ ਕੰਮ ਕਰਦੀ ਰਹੇਗੀ ਤਾਂ ਜੋ ਹਰ ਲੋੜਵੰਦ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚ ਸਕੇ।

ਪਿਮਟ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ

ਮੰਡੀ ਗੋਬਿੰਦਗੜ੍ਹ, 26 ਅਪ੍ਰੈਲ (ਸੂਦ) :ਪੰਜਾਬ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ, ਅਲੌੜ ਨੇ ਕੋਆਰਡੀਨੇਟਰ ਰਸ਼ਮੀ ਸਹਾਇਕ ਪ੍ਰੋਫੈਸਰ, ਮੈਨੇਜਮੈਂਟ ਵਿਭਾਗ ਦੀ ਨਿਗਰਾਨੀ ਹੇਠ ਐਮਬੀਏ, ਐਮਸੀਏ, ਬੀਬੀਏ, ਬੀਸੀਏ ਅਤੇ ਬੀਟੀਟੀਐਮ ਕੋਰਸਾਂ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਸੰਸਥਾ ਦੀ ਡਾਇਰੈਕਟਰ ਡਾ. ਨਿਸ਼ੀ ਬਾਲਾ ਨੇ ਸ਼ਮਾਂ ਰੋਸ਼ਨ ਕਰਕੇ ਪ੍ਰੋਗਰਾਮ ਦਾ ਆਗ਼ਾਜ ਕੀਤਾ, ਜਿਸ ਉਪਰੰਤ ਵਿਦਿਆਰਥੀਆਂ ਨੇ ਸ਼ਾਨਦਾਰ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਜੂਨੀਅਰ ਵਿਦਿਆਰਥੀਆਂ ਨੇ ਸੀਨੀਅਰਾਂ ਨੂੰ ਭਾਵਨਾਤਮਕ ਸੰਦੇਸ਼ ਵੀ ਦਿੱਤੇ। ਸਾਰੇ ਪ੍ਰੋਗਰਾਮ ਕਲਾਤਮਕ ਸਨ ਅਤੇ ਵੱਖ-ਵੱਖ ਰੰਗਾਂ ਅਤੇ ਸ਼ੈਲੀਆਂ ਵਿੱਚ ਸੁੰਦਰ ਢੰਗ ਨਾਲ ਪੇਸ਼ ਕੀਤੇ ਗਏ ਸਨ। ਇਸ ਉਪਰੰਤ ਮਿਸਟਰ ਐਂਡ ਮਿਸ ਫੇਅਰਵੈੱਲ 2026 ਦੇ ਜੇਤੂਆਂ ਦੀ ਚੋਣ ਕੀਤੀ ਗਈ, ਜਿਸ ਵਿਚ ਹਰਸ਼ ਕੋਹਾੜ ਐਮਸੀਏ-ਚੌਥਾ ਸਮੈਸਟਰ ਅਤੇ ਦਿਵਿਆ ਸੇਠ ਐਮਬੀਏ-ਚੌਥਾ ਸਮੈਸਟਰ ਮਿਸਟਰ ਐਂਡ ਮਿਸ ਫੇਅਰਵੈੱਲ-2026 ਬਣੇ। ਇਸੇ ਤਰ੍ਹਾਂ ਰਕਸ਼ਿਤ ਗੌਤਮ (ਐਮਬੀਏ-ਚੌਥਾ ਸਮੈਸਟਰ) ਨੂੰ ਮਿਸਟਰ ਹੈਂਡਸਮ, ਆਂਚਲ ਠਾਕੁਰ (ਬੀਬੀਏ-6ਵਾਂ ਸਮੈਸਟਰ) ਨੂੰ ਮਿਸ ਗੋਰਜੀਅਸ, ਵੰਸ਼ ਕਸ਼ਯਪ (ਬੀਸੀਏ-6ਵਾਂ ਸਮੈਸਟਰ) ਨੂੰ ਮਿਸਟਰ ਫੈਸ਼ਨ ਇੰਸਟਾ ਅਤੇ ਰੀਆ (ਬੀਸੀਏ-6ਵਾਂ ਸਮੈਸਟਰ) ਨੂੰ ਮਿਸ ਫੈਸ਼ਨ ਇੰਸਟਾ ਦਾ ਖਿਤਾਬ ਦਿੱਤਾ ਗਿਆ। ਡਾਇਰੈਕਟਰ ਡਾ. ਨਿਸ਼ੀ ਬਾਲਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸੰਸਥਾ ਵਿੱਚ ਪ੍ਰਾਪਤ ਸਿੱਖਿਆ ਅਤੇ ਤਜਰਬਾ ਉਨ੍ਹਾਂ ਨੂੰ ਜ਼ਿੰਦਗੀ ਦੇ ਹਰ ਪਹਿਲੂ ਵਿੱਚ ਸਫਲਤਾ ਪ੍ਰਾਪਤ ਕਰਨ ਵਿੱਚ ਮਦਦ ਕਰੇਗਾ। ਉਨ੍ਹਾਂ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਸਕਾਰਾਤਮਕ ਰਵੱਈਆ ਅਪਨਾਉਣ ਦਾ ਸੱਦਾ ਦਿਤਾ। ਬਾਅਦ ਵਿਚ ਯਾਦਗਾਰੀ ਚਿੰਨ ਭੇਟ ਕੀਤੇ ਗਏ।

ਸੁਖਬੀਰ ਸਿੰਘ ਬਾਦਲ ਨੇ ਅਕਾਲੀ ਦਲ ਨੂੰ ਬਣਾ ਦਿੱਤੈ ਨਿੱਜੀ ਕਾਰਪੋਰੇਸ਼ਨ : ਪੰਜੋਲੀ

ਅਮਲੋਹ, 26 ਅਪ੍ਰੈਲ (ਸੂਦ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਬਾਦਲ ਪਰਿਵਾਰ ਉੱਤੇ ਦੋਸ਼ ਲਾਇਆ ਕਿ ਇਸ ਪਰਿਵਾਰ ਨੇ ਸ਼ਹੀਦਾਂ ਦੀ ਮਹਾਨ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦਾ ਵਜੂਦ ਖ਼ਤਮ ਕਰਕੇ ਵੱਡਾ ਪਾਪ ਕੀਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਸਿੱਖਾਂ ਦੀ ਰੱਤ ਵਿੱਚੋਂ ਬਣਿਆ ਸ਼੍ਰੋਮਣੀ ਅਕਾਲੀ ਦਲ ਦਾ ਮੁੱਖ ਨਿਸ਼ਾਨਾ ਸੀ ਗੁਰਮਤਿ ਦਾ ਪ੍ਰਚਾਰ ਅਤੇ ਮਨਮਤਿ ਦਾ ਪ੍ਰਹਾਰ ਕਰਨਾ। ਸਿੱਖ ਪੰਥ ਦੀ ਇਸ ਮਹਾਨ ਜਥੇਬੰਦੀ ਨੇ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਅਨੇਕਾਂ ਸੰਘਰਸ਼ ਲੜੇ ਅਤੇ ਦੁਨੀਆ ਭਰ ਵਿੱਚ ਸਿੱਖ ਪੰਥ ਨੂੰ ਗੌਰਵਮਈ ਸਥਾਨ ਦਿਵਾਇਆ। ਪੰਥਕ ਮੋਰਚਿਆਂ ਵਿੱਚ ਦੁਨੀਆਂ ਭਰ ਦਾ ਸਿੱਖ ਸ਼ਾਮਲ ਹੁੰਦਾ ਰਿਹਾ ਜਦਕਿ ਅੱਜ ਦੁਨੀਆਂ ਭਰ ਦਾ ਸਿੱਖ ਬਾਦਲ ਪਰਿਵਾਰ ਨੂੰ ਗਾਲਾਂ ਕੱਢਦਾ ਹੈ। ਅੱਜ ਪੰਥਕ ਹਿੱਤਾਂ ਲਈ ਲੜਨ ਵਾਲੀ ਇੱਕ ਮਜ਼ਬੂਤ ਧਿਰ ਦੀ ਸਖ਼ਤ ਜ਼ਰੂਰਤ ਹੈ, ਇਸ ਲਈ ਪੰਥਕ ਧਿਰਾਂ ਨੂੰ ਅਪਣੇ ਛੋਟੇ ਮੋਟੇ ਦਲ ਭੰਗ ਕਰਕੇ ਇੱਕ ਸ਼੍ਰੋਮਣੀ ਅਕਾਲੀ ਦਲ ਬਣਾਉਣ ਦੀ ਸਖ਼ਤ ਜ਼ਰੂਰਤ ਹੈ। ਇਨ੍ਹਾਂ ਸਾਰੀਆਂ ਧਿਰਾਂ ਨੂੰ 2027 ਦੀਆਂ ਚੋਣਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਚੋਣ ਲੜਨੀ ਚਾਹੀਦੀ ਹੈ ਅਤੇ ਪੰਥ ਵਿਰੋਧੀ ਸ਼ਕਤੀਆਂ ਨੂੰ ਹਾਰ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇ ਅੱਜ ਵੀ ਸਹੀ ਫੈਸਲਾ ਨਾ ਲਿਆ ਤਾਂ ਸਿੱਖਾਂ ਦੀਆਂ ਆਉਣ ਵਾਲੀਆਂ ਪੀੜੀਆਂ ਸਾਨੂੰ ਕਦੇ ਮਾਫ ਨਹੀਂ ਕਰਨਗੀਆਂ।

ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਕੌਰ ਲਾਲੀ ਗਿੱਲ ਨੇ ਹੰਸਾਲੀ ਸਾਹਿਬ ਵਿਖੇ ਮੱਥਾ ਟੇਕਿਆ

ਖਮਾਣੋਂ, 26 ਅਪ੍ਰੈਲ (ਰਾਜੀਵ ਤਿਵਾੜੀ) : ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਕੌਰ ਲਾਲੀ ਗਿੱਲ ਨੇ ਸ੍ਰੀ ਹੰਸਾਲੀ ਸਾਹਿਬ ਵਿਖੇ ਮੱਥਾ ਟੇਕ ਕੇ ਬਾਬਾ ਜੀ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੇ ਚਰਨ ਸੇਵਕ ਸੰਤ ਬਾਬਾ ਪਰਮਜੀਤ ਸਿੰਘ ਜੀ ਨੇ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਕੌਰ ਲਾਲੀ ਗਿੱਲ ਨੂੰ ਸਿਰੋਪਾ ਭੇਟ ਕਰਕੇ ਸਨਮਾਨਿਤ ਕੀਤਾ।ਇਸ ਮੌਕੇ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਕੌਰ ਲਾਲੀ ਗਿੱਲ ਨੇ ਕਿਹਾ ਕਿ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਨੇ ਆਪਣਾ ਸਮੁੱਚਾ ਜੀਵਨ ਮਾਨਵਤਾ ਦੀ ਸੇਵਾ ਵਿੱਚ ਲਾਇਆ ਤੇ ਗਰੀਬਾਂ ਲੋੜਵੰਦਾਂ ਅਤੇ ਬੇਸਹਾਰਿਆਂ ਦੀ ਮਦਦ ਲਈ ਹਮੇਸ਼ਾ ਅੱਗੇ ਵੱਧ ਕੇ ਕਾਰਜ ਕੀਤੇ।ਉਹਨਾਂ ਦੀ ਸਿੱਖਿਆ ਤੇ ਕੀਤੇ ਕਾਰਜਾਂ ਤੋਂ ਸੇਧ ਲੈ ਕੇ ਸਾਨੂੰ ਸਮਾਜ ਸੇਵਾ ਦੇ ਵੱਧ ਤੋਂ ਵੱਧ ਕਾਰਜ ਕਰਨੇ ਚਾਹੀਦੇ ਹਨ।ਬਾਬਾ ਜੀ ਦੀ ਕਿਰਪਾ ਨਾਲ ਹੰਸਾਲੀ ਸਾਹਿਬ ਵਿਖੇ ਸਕੂਲ ਕਾਲਜ ਚੱਲ ਰਹੇ ਹਨ।ਬਾਬਾ ਜੀ ਨੇ ਸਿਹਤ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵੱਡਮੁੱਲਾ ਯੋਗਦਾਨ ਪਾਇਆ। ਗਰਮੀ ਦੇ ਮੌਸਮ ਵਿੱਚ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਂਦੀਆਂ ਹਨ।ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੇ ਸ਼ੁਭ ਦਿਹਾੜੇ 'ਤੇ ਗਰੀਬ ਜਰੂਰਤਮੰਦ ਲੜਕੀਆਂ ਦੇ ਵਿਆਹ ਕੀਤੇ ਜਾਂਦੇ ਹਨ।ਉਹ ਹੰਸਾਲੀ ਸਾਹਿਬ ਵਾਲੇ ਬਾਬਾ ਜੀ ਦੇ ਸੇਵਕ ਹਨ ਅਤੇ ਬਾਬਾ ਜੀ ਦਾ ਅਸ਼ੀਰਵਾਦ ਲੈਣ ਆਏ ਹਨ।ਇਸ ਮੌਕੇ ਅਮਰਿੰਦਰ ਸਿੰਘ ਮਡੋਫਲ ਮੈਂਬਰ ਜ਼ਿਲ੍ਹਾ ਪਰਿਸ਼ਦ, ਸਾਧੂ ਰਾਮ ਭੱਟਮਾਜਰਾ, ਰਜਿੰਦਰ ਸਿੰਘ ਗਰੇਵਾਲ, ਪਿਆਰਾ ਸਿੰਘ, ਮਨਜੀਤ ਸਿੰਘ ਸਰਹਿੰਦ, ਅਵਤਾਰ ਸਿੰਘ, ਗੁਰਤੇਜ ਸਿੰਘ ਅੰਬਾਲਾ, ਬਾਪੂ ਗੁਰਦੇਵ ਸਿੰਘ, ਮੋਹਨ ਸਿੰਘ ਡੰਗੇਡੀਆਂ, ਨਿਰਲੇਪ ਸਿੰਘ ਸਰਹਿੰਦ, ਮੋਹਨ ਸਿੰਘ ਬਧੋਛੀ, ਹਰੀ ਸਿੰਘ ਤੇ ਹੋਰ ਹਾਜ਼ਰ ਸਨ।

ਗਊ ਮਾਤਾ ਨੂੰ ਰਾਸ਼ਟਰੀ ਮਾਤਾ ਦਾ ਦਰਜਾ ਦਿੱਤਾ ਜਾਵੇ : ਵਿਪਨ ਕਾਂਸਲ, ਸ਼ਾਸਤਰੀ ਗੁਰੂ ਦੱਤ ਸ਼ਰਮਾ

ਮੰਡੀ ਗੋਬਿੰਦਗੜ੍ਹ, 26 ਅਪ੍ਰੈਲ (ਡਾ. ਰੂਪਲ ਸੂਦ) : ਗਊ ਸਨਮਾਨ ਆਵਾਹਨ ਅਭਿਆਨ ਜਿਲਾ ਫ਼ਤਹਿਗੜ੍ਹ ਸਾਹਿਬ ਦੇ ਪ੍ਰਧਾਨ ਵਿਪਨ ਕਾਂਸਲ ਅਤੇ ਅਮਲੋਹ ਤਹਿਸੀਲ ਦੇ ਪ੍ਰਧਾਨ ਅਤੇ ਵੈਦਿਕ ਸਨਾਤਨ ਭਵਨ ਅਮਲੋਹ ਦੇ ਸੰਚਾਲਕ ਮਹੰਤ ਸ਼ਾਸਤਰੀ ਗੁਰੂਦੱਤਾ ਅਚਾਰੀਆ ਨੇ ਇਥੇ ਰਾਮ ਭਵਨ ਵਿਚ ਇਕ ਪ੍ਰੈਸ ਕਾਨਫੰਰਸ ਦੌਰਾਨ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਗਊ ਮਾਤਾ ਨੂੰ ਰਾਸਟਰੀ ਮਾਤਾ ਦਾ ਦਰਜਾ ਦਿਤਾ ਜਾਵੇ। ਇਸ ਮੌਕੇ ਗਊ ਸੇਵਾ ਸਮਿਤੀ ਅਮਲੋਹ ਦੇ ਪ੍ਰਧਾਨ ਭੂਸ਼ਨ ਸੂਦ, ਰਜਿੰਦਰ ਭਾਂਬਰੀ, ਮੈਨੇਜਰ ਕ੍ਰਿਸ਼ਨ ਕਾਂਤ ਅਤੇ ਹੋਰ ਗਊ ਭਗਵਤ ਵੀ ਮੌਜੂਦ ਸਨ। ਉਨ੍ਹਾਂ ਦੁੱਖ ਪ੍ਰਗਟ ਕੀਤੀ ਕਿ ਸਾਡੇ ਹੀ ਦੇਸ ਵਿਚ ਗਊ ਹੱਤਿਆ ਵੱਧ ਰਹੀ ਹੈ ਜਿਸ ਨੂੰ ਰੋਕਣ ਲਈ ਗਊ ਮਾਤਾ ਨੂੰ ਰਾਸਟਰੀ ਮਾਤਾ ਦਾ ਦਰਜ਼ਾ ਦੇਣਾ ਜਰੂਰੀ ਹੈ। ਉਨਾਂ ਕਿਹਾ ਕਿ ਗਊ ਮਾਤਾ ਦੇ ਦੁੱਧ ਨਾਲ ਅਸੀ ਬੁਲੰਦੀਆਂ ਹਾਸਲ ਕਰਕੇ ਇਸ ਮਕਾਮ ਉਪਰ ਪਹੁੰਚੇ ਹਾਂ। ਉਨਾਂ ਦਸਿਆ ਕਿ ਸਰਕਾਰ ਨੂੰ ਇਸ ਪ੍ਰਤੀ ਜਾਗਰੂਕ ਕਰਨ ਲਈ ਦੇਸ ਭਰ ਦੇ ਸਾਰੇ ਸੂਬਿਆਂ ਦੇ ਗਊ ਭਗਤ 27 ਅਪਰੈਲ ਨੂੰ ਸਬ ਡਵੀਜਨ ਹੈਡਕੁਆਟਰਾਂ ਉਪਰ ਇਕਠੇ ਹੋ ਕੇ ਐਸਡੀਐਮ ਦਫ਼ਤਰ ਰਾਹੀ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਰਾਸਟਰਪਤੀ ਦੇ ਨਾਮ ਮੰਗ ਪੱਤਰ ਦੇਣਗੇ, ਜਿਸ ਉਪਰੰਤ ਡਿਪਟੀ ਕਮਿਸ਼ਨਰਾਂ ਅਤੇ ਬਾਅਦ ਵਿਚ ਰਾਜਾਂ ਦੇ ਮੁੱਖ ਮੰਤਰੀਆਂ ਰਾਹੀ ਮੰਗ ਪੱਤਰ ਭੇਜੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਫ਼ਿਰ ਵੀ ਕਾਰਵਾਈ ਨਾ ਹੋਈ ਤਾਂ ਦਿਲੀ ਵਿਚ ਸੁੰਦਰ ਕਾਂਡ ਅਤੇ ਹਨੂਮਾਨ ਚਾਲੀਸੇ ਦੇ ਪਾਠ ਕੀਤੇ ਜਾਣਗੇ ਜਿਸ ਉਪਰੰਤ ਮਰਨ ਵਰਤ ਸੁਰੂ ਕੀਤਾ ਜਾਵੇਗਾ। ਮਹੰਤ ਸ਼ਾਸਤਰੀ ਗੁਰੂਦੱਤਾ ਅਚਾਰੀਆ ਨੇ ਦਸਿਆ ਕਿ ਅਮਲੋਹ ਸਬ ਡਵੀਜਨ ਵਿਚ ਘਰ ਘਰ ਜਾ ਕੇ ਇਸ ਮੰਤਵ ਲਈ ਦਸਤਖਤੀ ਮੁਹਿੰਮ ਚਲ ਰਹੀ ਹੈ ਜਿਸ ਨੂੰ ਵੱਡਾ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ 27 ਅਪ੍ਰੈਲ ਨੂੰ ਅਮਲੋਹ ਦੇ ਰਾਮ ਮੰਦਰ ਵਿਚ ਸਵੇਰੇ 10 ਵਜੇ ਇਕੱਠੇ ਹੋ ਕੇ ਬਾਅਦ ਵਿਚ ਐਸ.ਡੀ.ਐਮ.ਅਮਲੋਹ ਨੂੰ ਮੰਗ ਪੱਤਰ ਦਿਤਾ ਜਾਵੇਗਾ, ਇਸੇ ਤਰ੍ਹਾਂ ਜ਼ਿਲੇ ਦੀਆਂ ਸਾਰੀਆਂ ਤਹਿਸੀਲਾਂ ਵਿਚ ਮੰਗ ਪੱਤਰ ਦਿਤੇ ਜਾਣਗੇ। ਉਨ੍ਹਾਂ ਗਊ ਭਗਤਾਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਸਬੰਧੀ ਪ੍ਰੋਗਰਾਮ ਬਾਰੇ ਇਕ ਪੈਂਫਲਿਟ ਵੀ ਜਾਰੀ ਕੀਤਾ ਗਿਆ।

ਪਿੰਡ ਟਿਵਾਣਾ 'ਚ ਘੱਗਰ ਦਰਿਆ 'ਤੇ ਪੁਲ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ

ਬਨੂੜ, ਸ਼ੰਭੂ, 26 ਅਪ੍ਰੈਲ (ਅਮਰਿੰਦਰ ਸਿੰਘ ਮੋਹੀ) : ਟਿਵਾਣਾ ਪਿੰਡ ਵਿੱਚ ਘੱਗਰ ਦਰਿਆ 'ਤੇ ਨਵੇਂ ਪੁਲ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਹੋ ਗਈ ਹੈ। ਲਗਭਗ ਛੇ ਦਹਾਕਿਆਂ ਤੋਂ ਚੱਲ ਰਹੀ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ, ਸਥਾਨਕ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸ਼ੁੱਕਰਵਾਰ ਨੂੰ ਇਸ ਪ੍ਰੋਜੈਕਟ ਦਾ ਉਦਘਾਟਨ ਕੀਤਾ।ਲਗਭਗ 8.55 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲਾ ਇਹ ਪੁਲ ਘੱਗਰ ਦੇ ਕਿਨਾਰੇ ਵੱਸਦੇ ਦਰਜਨਾਂ ਪਿੰਡਾਂ ਲਈ ਆਵਾਜਾਈ ਨੂੰ ਆਸਾਨ ਬਣਾਏਗਾ। ਕਰੀਬ 410 ਫੁੱਟ ਲੰਬਾ ਅਤੇ 28 ਫੁੱਟ ਚੌੜਾ ਇਹ ਪੁਲ ਡੇਰਾਬੱਸੀ ਤੋਂ ਬਨੂੜ-ਰਾਜਪੁਰਾ ਸੜਕ ਤੱਕ ਸਿੱਧੀ ਕਨੈਕਟੀਵਿਟੀ ਮੁਹੱਈਆ ਕਰੇਗਾ, ਜਿਸ ਨਾਲ ਹਜ਼ਾਰਾਂ ਲੋਕਾਂ ਨੂੰ ਰੋਜ਼ਾਨਾ ਆਵਾਜਾਈ ਵਿੱਚ ਸੁਵਿਧਾ ਮਿਲੇਗੀ। ਵਿਧਾਇਕ ਨੇ ਕਿਹਾ ਕਿ ਇਹ ਪੁਲ ਰਾਜਪੁਰਾ-ਅੰਬਾਲਾ ਅਤੇ ਚੰਡੀਗੜ੍ਹ-ਅੰਬਾਲਾ ਹਾਈਵੇਜ਼ ਦੇ ਵਿਚਕਾਰ ਇੱਕ ਬਦਲਵਾਂ ਰਸਤਾ ਦੇਵੇਗਾ। ਇਸ ਨਾਲ ਯਾਤਰਾ ਦਾ ਸਮਾਂ ਘਟੇਗਾ ਅਤੇ ਟ੍ਰੈਫਿਕ ਦਾ ਦਬਾਅ ਵੀ ਘੱਟ ਹੋਵੇਗਾ।ਉਨ੍ਹਾਂ ਨੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਨਾਲ ਹੀ ਉਹ ਜਨ ਪ੍ਰਤਿਨਿਧੀ ਵਜੋਂ ਲੋਕਾਂ ਦੀਆਂ ਮੰਗਾਂ ਨੂੰ ਪੂਰਾ ਕਰ ਰਹੇ ਹਨ। ਨਾਲ ਹੀ, ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਪੁਲ ਦਾ ਨਿਰਮਾਣ ਨਿਰਧਾਰਿਤ ਸਮੇਂ ਵਿੱਚ ਅਤੇ ਉੱਚ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ।

ਗੁਰੂ ਰਵਿਦਾਸ ਚੌਕ 'ਚ 'ਆਪ' ਵਰਕਰਾਂ ਨੇ ਪੁਤਲੇ ਸਾੜ ਕੇ ਰੋਸ ਪ੍ਰਗਟਾਇਆ

ਸ੍ਰੀ ਅਨੰਦਪੁਰ ਸਾਹਿਬ, 26 ਅਪ੍ਰੈਲ (ਤਰਲੋਚਨ ਸਿੰਘ) : ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਅੱਜ ਗੁਰੂ ਰਵਿਦਾਸ ਚੌਂਕ ਵਿੱਚ ਪੁਤਲੇ ਸਾੜ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਵਰਕਰਾਂ ਨੇ ਨਾਅਰੇਬਾਜ਼ੀ ਕਰਦੇ ਹੋਏ ਉਹਨਾਂ ਆਗੂਆਂ ਖ਼ਿਲਾਫ਼ ਆਪਣਾ ਗੁੱਸਾ ਜਤਾਇਆ, ਜਿਨ੍ਹਾਂ ਉੱਤੇ ਪੰਜਾਬ ਦੇ ਹਿੱਤਾਂ ਨਾਲ ਧੋਖਾ ਕਰਨ ਦੇ ਦੋਸ਼ ਲਗਾਏ ਜਾ ਰਹੇ ਹਨ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਤੋਂ ਵੋਟਾਂ ਲੈ ਕੇ ਉੱਚ ਅਹੁਦਿਆਂ 'ਤੇ ਬੈਠਣ ਵਾਲੇ ਕੁਝ ਆਗੂਆਂ ਨੇ ਆਪਣੇ ਨਿੱਜੀ ਲਾਭ ਲਈ ਸੂਬੇ ਦੇ ਹੱਕਾਂ ਨੂੰ ਨਜ਼ਰਅੰਦਾਜ਼ ਕੀਤਾ ਹੈ, ਜੋ ਕਤਈ ਕਬੂਲਯੋਗ ਨਹੀਂ।
ਇਸ ਮੌਕੇ ਗੁਰੂ ਰਵਿਦਾਸ ਆਯੂਰਵੈਦਿਕ ਯੂਨੀਵਰਸਿਟੀ ਦੇ ਚੇਅਰਮੈਨ ਅਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਡਾ. ਸੰਜੀਵ ਗੌਤਮ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬੀਆਂ ਨਾਲ ਧੋਖਾ ਕਰਨ ਵਾਲਿਆਂ ਨੂੰ ਕਦੇ ਮਾਫ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਵੱਖ-ਵੱਖ ਖੇਤਰਾਂ ਤੋਂ ਚੁਣੇ ਹੋਏ ਆਗੂਆਂ ਨੂੰ ਰਾਜ ਸਭਾ ਵਿੱਚ ਇਸ ਲਈ ਭੇਜਿਆ ਸੀ ਕਿ ਉਹ ਪੰਜਾਬ ਦੇ ਹੱਕਾਂ ਅਤੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣ। ਪਰੰਤੂ ਕੁਝ ਮੈਂਬਰਾਂ ਨੇ ਪਾਰਟੀ ਦੇ ਵਿਸ਼ਵਾਸ ਨਾਲ ਧੋਖਾ ਕਰਦੇ ਹੋਏ ਆਪਣੇ ਸਿਆਸੀ ਲਾਭ ਲਈ ਵੱਖ ਰਾਹ ਅਪਣਾ ਲਿਆ, ਜੋ ਕਿ ਪੰਜਾਬ ਦੇ ਲੋਕਾਂ ਨਾਲ ਸਿੱਧੀ ਗੱਦਾਰੀ ਹੈ।
ਚੇਅਰਮੈਨ ਕਮਿੱਕਰ ਸਿੰਘ ਨੇ ਕਿਹਾ ਕਿ ਇਹ ਸਿਰਫ ਇੱਕ ਸਥਾਨਕ ਪ੍ਰਦਰਸ਼ਨ ਨਹੀਂ, ਸਗੋਂ ਪੰਜਾਬ ਦੇ 117 ਹਲਕਿਆਂ ਵਿੱਚ ਲੋਕ ਇਸ ਮਾਮਲੇ 'ਤੇ ਆਪਣਾ ਰੋਸ ਜਤਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜਨਤਾ ਵਿੱਚ ਇਸ ਗੱਲ ਨੂੰ ਲੈ ਕੇ ਭਾਰੀ ਗੁੱਸਾ ਹੈ ਕਿ ਜਿਨ੍ਹਾਂ ਆਗੂਆਂ ਨੂੰ ਲੋਕਾਂ ਨੇ ਸਹਾਰਾ ਦੇ ਕੇ ਉੱਚ ਅਹੁਦਿਆਂ 'ਤੇ ਪਹੁੰਚਾਇਆ, ਉਹੀ ਆਗੂ ਹੁਣ ਪਾਰਟੀ ਅਤੇ ਪੰਜਾਬ ਦੇ ਹਿੱਤਾਂ ਨੂੰ ਛੱਡ ਕੇ ਭਾਜਪਾ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਕਦਮ ਲੋਕਤੰਤਰਕ ਮਰਯਾਦਾਵਾਂ ਦੇ ਖਿਲਾਫ਼ ਹੈ ਅਤੇ ਇਸਦਾ ਜਵਾਬ ਲੋਕ ਜ਼ਰੂਰ ਦੇਣਗੇ।
ਇਸ ਪ੍ਰਦਰਸ਼ਨ ਵਿੱਚ ਕਈ ਪ੍ਰਮੁੱਖ ਆਗੂ ਅਤੇ ਵਰਕਰ ਵੀ ਮੌਜੂਦ ਰਹੇ, ਜਿਨ੍ਹਾਂ ਵਿੱਚ ਚੈਅਰਮੈਨ ਗੁਰਪ੍ਰੀਤ ਸਿੰਘ ਅਰੋੜਾ, ਗਫੂਰ ਮੁਹੰਮਦ, ਤਰਲੋਚਨ ਸਿੰਘ ਲੋਚੀ, ਬਲਵਿੰਦਰ ਸਿੰਘ ਫੌਜੀ, ਰਾਮਪਾਲ, ਧਰਮ ਸਿੰਘ ਰਾਣਾ, ਗੁਰਨਾਮ ਸਿੰਘ, ਸੰਤੋਖ ਸਹਿਗਲ, ਯੋਗਰਾਜ ਅਤੇ ਜਗਜੀਤ ਸਿੰਘ ਜੱਗੀ ਆਦਿ ਸ਼ਾਮਲ ਸਨ। ਸਾਰੇ ਆਗੂਆਂ ਨੇ ਇਕਜੁੱਟ ਹੋ ਕੇ ਇਹ ਸੰਦੇਸ਼ ਦਿੱਤਾ ਕਿ ਪੰਜਾਬ ਦੇ ਹਿੱਤਾਂ ਨਾਲ ਕਿਸੇ ਵੀ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਫ਼ੈਸਲਿਆਂ ਦੇ ਖਿਲਾਫ਼ ਸੰਘਰਸ਼ ਜਾਰੀ ਰਹੇਗਾ।